2-DEC-PAGE-1.qxd 12/1/2022 10:13 PM Page 1

ਸ਼ੁੱਕਰਵਾਰ, 2 ਦਸੰਬਰ, 2022
17 ਮੱਘਰ { ਨਾਨਕਸ਼ਾਹੀ 554 / ਬਿਕਰਮੀ 2079
ਜਿਲਦ/VOL. : 71
ਅੰਕ/NO. : 182

ਨਵਾਂ ਜ਼ਮਾਨਾ

DAILY NAWAN ZAMANA • FRIDAY, 2 DECEMBER, 2022 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

nawan zamana TV

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

ਉਜੈਨ : ਮੱਧ ਪ੍ਰਦੇਸ਼ ਵਿਚ ਨੌਵੇਂ ਦਿਨ ਭਾਰਤ ਜੋੜੋ ਯਾਤਰਾ ਸੁਰਾਸਾ ਤੋਂ ਵੀਰਵਾਰ ਸਵੇਰੇ ਰਵਾਨਾ ਹੋਈ। ਇਸ ਦੌਰਾਨ ਰਾਹੁਲ ਦੇ ਨਾਲ ਉੱਤਰਾਖੰਡ ਦੇ ਸਾਬਕਾ ਮੁੱਖ ਮੰਤਰੀ ਹਰੀਸ਼ ਰਾਵਤ ਤੇ ਅਦਾਕਾਰਾ ਸਵਰਾ ਭਾਸਕਰ ਵੀ ਤੁਰੇ। ਯਾਤਰਾ ਦੋ ਦਿਨ ਬਾਅਦ ਰਾਜਸਥਾਨ ਵਿਚ ਦਾਖਲ ਹੋਵੇਗੀ।

ਸੁਪਰੀਮ ਕੋਰਟ 'ਚ ਮਹਿਲਾ ਬੈਂਚ

ਨਵੀਂ ਦਿੱਲੀ : ਚੀਫ ਜਸਟਿਸ ਡੀ ਵਾਈ ਚੰਦਰਚੂੜ ਨੇ ਵਿਆਹ ਸੰਬੰਧੀ ਵਿਵਾਦਾਂ ਅਤੇ ਜ਼ਮਾਨਤ ਦੇ ਮਾਮਲਿਆਂ ਨਾਲ ਸੰਬੰਧਤ ਤਬਾਦਲਾ ਪਟੀਸ਼ਨਾਂ 'ਤੇ ਸੁਣਵਾਈ ਲਈ ਵੀਰਵਾਰ ਜਸਟਿਸ ਹਿਮਾ ਕੋਹਲੀ ਅਤੇ ਜਸਟਿਸ ਬੇਲਾ ਐੱਮ ਤ੍ਰਿਵੇਦੀ 'ਤੇ ਆਧਾਰਤ ਸਰਬ-ਮਹਿਲਾ ਬੈਂਚ ਕਾਇਮ ਕਰਨ ਦਾ ਐਲਾਨ ਕੀਤਾ। ਸੁਪਰੀਮ ਕੋਰਟ ਦੇ ਇਤਿਹਾਸ 'ਚ ਇਹ ਤੀਜੀ ਵਾਰ ਹੈ, ਜਦੋਂ ਪੂਰੀ ਤਰ੍ਹਾਂ ਮਹਿਲਾ ਜੱਜਾਂ ਦੀ ਬੈਂਚ ਕਾਇਮ ਕੀਤੀ ਗਈ ਹੈ।

ਹੱਦਬੰਦੀ ਬਾਰੇ ਫੈਸਲਾ ਰਾਖਵਾਂ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਜੰਮੂ-ਕਸ਼ਮੀਰ 'ਚ ਵਿਧਾਨ ਸਭਾ ਅਤੇ ਲੋਕ ਸਭਾ ਹਲਕਿਆਂ ਦੀ ਮੁੜ ਹੱਦਬੰਦੀ ਲਈ ਹੱਦਬੰਦੀ ਕਮਿਸ਼ਨ ਕਾਇਮ ਕਰਨ ਦੇ ਸਰਕਾਰ ਦੇ ਫੈਸਲੇ ਨੂੰ ਚੁਣੌਤੀ ਦੇਣ ਵਾਲੀ ਪਟੀਸ਼ਨ 'ਤੇ ਵੀਰਵਾਰ ਆਪਣਾ ਫੈਸਲਾ ਰਾਖਵਾਂ ਰੱਖ ਲਿਆ। ਪਟੀਸ਼ਨ 'ਚ ਕਿਹਾ ਗਿਆ ਹੈ ਕਿ ਸਰਕਾਰ ਨੇ ਇਸ ਮਾਮਲੇ 'ਚ ਸੰਵਿਧਾਨਕ ਵਿਵਸਥਾਵਾਂ ਦੀ ਉਲੰਘਣਾ ਕੀਤੀ ਹੈ।

ਭਾਜਪਾ ਸਰਕਾਰ ਤੋਂ ਨਹੀਂ ਡਰਦੀ

ਹੈਦਰਾਬਾਦ : ਤਿਲੰਗਾਨਾ ਦੇ ਮੁੱਖ ਮੰਤਰੀ ਕੇ ਚੰਦਰਸ਼ੇਖਰ ਰਾਓ ਦੀ ਧੀ ਕੇ ਕਵਿਤਾ, ਜਿਸ ਦਾ ਨਾਂਅ ਦਿੱਲੀ ਸ਼ਰਾਬ ਨੀਤੀ ਘਪਲੇ ਦੀ ਈ ਡੀ ਦੀ ਜਾਂਚ 'ਚ ਸਾਹਮਣੇ ਆਇਆ ਹੈ, ਨੇ ਵੀਰਵਾਰ ਕਿਹਾ ਕਿ ਉਹ ਕੇਂਦਰੀ ਏਜੰਸੀ ਨੂੰ ਪੂਰਾ ਸਹਿਯੋਗ ਦੇਵੇਗੀ ਅਤੇ ਉਹ ਕਿਸੇ ਤੋਂ ਵੀ ਨਹੀਂ ਡਰਦੀ। ਤਿਲੰਗਾਨਾ ਰਾਸ਼ਟਰ ਸਮਿਤੀ ਦੀ ਨੇਤਾ ਨੇ ਦੋਸ਼ ਲਾਇਆ ਕਿ ਕੇਂਦਰ ਦੀ ਭਾਜਪਾ ਸਰਕਾਰ ਉਨ੍ਹਾਂ ਦੀ ਸਾਖ ਨੂੰ ਨੁਕਸਾਨ ਪਹੁੰਚਾਉਣ ਲਈ ਹੋਛੀਆਂ ਚਾਲਾਂ ਦਾ ਸਹਾਰਾ ਲੈ ਰਹੀ ਹੈ।

ਗਾਇਕ ਹੌਲਦਾਰ ਖਿਲਾਫ ਕੇਸ

ਮੋਗਾ : ਬਾਘਾਪੁਰਾਣਾ ਥਾਣੇ 'ਚ ਪੰਜਾਬੀ ਗਾਇਕ ਕੁਲਜੀਤ ਰਾਜੇਆਣਾ ਵਿਰੁੱਧ ਬੰਦੂਕ ਸੱਭਿਆਚਾਰ ਨੂੰ ਉਤਸ਼ਾਹਤ ਕਰਨ ਦਾ ਮਾਮਲਾ ਦਰਜ ਕੀਤਾ ਗਿਆ ਹੈ। ਪੁਲਸ ਮੁਤਾਬਕ ਕੁਲਜੀਤ ਦੇ ਪ੍ਰਮੋਟਰਾਂ ਨੇ ਬੁੱਧਵਾਰ ਯੂਟਿਊਬ 'ਤੇ 'ਮਹਾਕਾਲ' ਨਾਂਅ ਦਾ ਗੀਤ ਅੱਪਲੋਡ ਕੀਤਾ ਸੀ, ਜਿਸ ਦੇ ਬੋਲ ਬੰਦੂਕ ਸੱਭਿਆਚਾਰ ਨੂੰ ਉਤਸ਼ਾਹਤ ਕਰਦੇ ਹਨ। ਗੀਤ ਨੂੰ ਅੱਪਲੋਡ ਕਰਨ ਦੇ 19 ਘੰਟਿਆਂ ਬਾਅਦ ਸੋਸ਼ਲ ਮੀਡੀਆ ਪਲੇਟਫਾਰਮ ਤੋਂ ਹਟਾ ਦਿੱਤਾ ਗਿਆ ਹੈ। ਕੁਲਜੀਤ ਰਾਜੇਆਣਾ, ਜੋ ਖੁਦ ਪੰਜਾਬ ਪੁਲਸ 'ਚ ਹੈੱਡ ਕਾਂਸਟੇਬਲ ਹੈ, ਨੇ ਦਾਅਵਾ ਕੀਤਾ ਕਿ ਉਸ ਦੇ ਪ੍ਰਮੋਟਰਾਂ ਨੂੰ ਮਨਾਹੀ ਦੇ ਹੁਕਮਾਂ ਬਾਰੇ ਪਤਾ ਨਹੀਂ ਸੀ ਅਤੇ ਹੁਣ ਉਨ੍ਹਾਂ ਨੇ ਯੂਟਿਊਬ ਤੋਂ ਗੀਤ ਨੂੰ ਹਟਾ ਦਿੱਤਾ ਹੈ।

10 ਸਾਲਾ ਅਮਰੀਕੀ ਬੱਚੇ ਨੇ ਮਾਂ ਨੂੰ ਗੋਲੀ ਮਾਰੀ

ਮਿਲਵਾਕੀ : ਅਮਰੀਕਾ ਦੇ ਮਿਲਵਾਕੀ 'ਚ 10 ਸਾਲਾ ਮੁੰਡੇ ਨੇ ਆਪਣੀ ਮਾਂ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਕਿਉਂਕਿ ਉਸ ਨੇ ਉਸ ਨੂੰ ਵਰਚੂਅਲ ਰਿਐਲਿਟੀ (ਵੀ ਆਰ) ਹੈੱਡਸੈੱਟ ਖਰੀਦ ਕੇ ਦੇਣ ਤੋਂ ਇਨਕਾਰ ਕਰ ਦਿੱਤਾ ਸੀ। ਮੁੰਡੇ ਨੇ ਪਹਿਲਾਂ ਪੁਲਸ ਨੂੰ ਦੱਸਿਆ ਕਿ 21 ਨਵੰਬਰ ਨੂੰ ਗੋਲੀ ਅਚਾਨਕ ਲੱਗੀ ਸੀ, ਪਰ ਬਾਅਦ 'ਚ ਕਿਹਾ ਕਿ ਉਸ ਨੇ ਜਾਣਬੁੱਝ ਕੇ ਮਾਂ 'ਤੇ ਗੋਲੀ ਚਲਾਈ ਸੀ। ਬੱਚੇ 'ਤੇ ਜਾਣਬੁੱਝ ਕੇ ਹੱਤਿਆ ਦਾ ਦੋਸ਼ ਲਗਾਇਆ ਗਿਆ ਹੈ।

ਛੇ ਵਿਦਿਆਰਥੀ ਮੁਅੱਤਲ

ਨਾਗਪੁਰ : ਇਥੇ ਸਰਕਾਰੀ ਮੈਡੀਕਲ ਕਾਲਜ ਦੇ ਛੇ ਐੱਮ ਬੀ ਬੀ ਐੱਸ ਇੰਟਰਨਜ਼ ਨੂੰ ਜੂਨੀਅਰ ਵਿਦਿਆਰਥੀ ਨਾਲ ਰੈਗਿੰਗ ਕਰਨ ਦੇ ਦੋਸ਼ ਵਿਚ ਮੁਅੱਤਲ ਕਰ ਦਿੱਤਾ ਗਿਆ ਹੈ। ਪਹਿਲੇ ਸਾਲ ਦੇ ਵਿਦਿਆਰਥੀ ਵੱਲੋਂ ਕੇਂਦਰੀ ਐਂਟੀ-ਰੈਗਿੰਗ ਕਮੇਟੀ ਨੂੰ ਕਥਿਤ ਰੈਗਿੰਗ ਦਾ ਵੀਡੀਓ ਭੇਜਣ ਤੋਂ ਬਾਅਦ ਇਹ ਕਾਰਵਾਈ ਕੀਤੀ ਗਈ।

ਦਿੱਲੀ ਪੁਲਸ ਥਰੂਰ ਖਿਲਾਫ ਹਾਈ ਕੋਰਟ ਪੁੱਜੀ

ਨਵੀਂ ਦਿੱਲੀ : ਸੁਨੰਦਾ ਪੁਸ਼ਕਰ ਮੌਤ ਮਾਮਲੇ 'ਚ ਕਾਂਗਰਸ ਆਗੂ ਸ਼ਸ਼ੀ ਥਰੂਰ ਨੂੰ ਬਰੀ ਕਰਨ ਦੇ ਹੇਠਲੀ ਅਦਾਲਤ ਦੇ ਹੁਕਮਾਂ ਨੂੰ ਪੁਲਸ ਨੇ ਦਿੱਲੀ ਹਾਈ ਕੋਰਟ 'ਚ ਚੁਣੌਤੀ ਦਿੱਤੀ ਹੈ।

ਛੇੜਛਾੜ ਦੇ ਦੋਸ਼ 'ਚ ਦੋ ਫੜੇ

ਮੁੰਬਈ : ਮੁੰਬਈ ਪੁਲਸ ਨੇ ਸ਼ਹਿਰ ਦੀ ਸੜਕ 'ਤੇ ਦੱਖਣੀ ਕੋਰੀਆਈ ਮਹਿਲਾ ਯੂਟਿਊਬਰ ਨਾਲ ਛੇੜਛਾੜ ਕਰਨ ਅਤੇ ਪਿੱਛਾ ਕਰਨ ਦੇ ਦੋਸ਼ 'ਚ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਬੁੱਧਵਾਰ ਖਾਰ ਇਲਾਕੇ 'ਚ ਛੇੜਖਾਨੀ ਦਾ ਵੀਡੀਓ ਸਾਹਮਣੇ ਆਇਆ ਸੀ।

ਬਰਾੜ ਨੇ ਬਗਾਵਤ ਮਘਾਈ

ਜਗੀਰ ਕੌਰ ਤੇ ਆਦੇਸ਼ ਪ੍ਰਤਾਪ ਕੈਰੋਂ ਨੂੰ ਵੀ ਨਾਲ ਰਲਾ ਕੇ 9 ਨੂੰ ਮੀਟਿੰਗ ਸੱਦੀ

ਚੰਡੀਗੜ੍ਹ : ਸ਼੍ਰੋਮਣੀ ਅਕਾਲੀ ਦਲ ਦੀ ਕੋਰ ਕਮੇਟੀ ਵਿਚ ਸ਼ਾਮਲ ਨਾ ਕੀਤੇ ਜਾਣ ਦੇ ਇਕ ਦਿਨ ਬਾਅਦ ਵੀਰਵਾਰ ਸਾਬਕਾ ਸਾਂਸਦ ਜਗਮੀਤ ਸਿੰਘ ਬਰਾੜ ਨੇ ਸੀਨੀਅਰ ਆਗੂਆਂ ਦੇ ਮੁਤਵਾਜ਼ੀ ਪਾਵਰ ਗਰੁੱਪ ਦੇ ਵਿਸਥਾਰ ਦਾ ਐਲਾਨ ਕੀਤਾ। ਇਹ ਆਗੂ ਪਾਰਟੀ ਲੀਡਰਸ਼ਿਪ ਵਿਚ ਤਬਦੀਲੀ ਅਤੇ ਪੰਜਾਬ ਤੇ ਲੋਕ ਮੁਖੀ ਨੀਤੀਆਂ 'ਤੇ ਚੱਲਣ 'ਤੇ ਜ਼ੋਰ ਦੇ ਰਹੇ ਹਨ। ਬਰਾੜ ਨੇ ਕਿਹਾ ਕਿ 'ਸ਼੍ਰੋਮਣੀ ਅਕਾਲੀ ਦਲ ਏਕਤਾ ਤਾਲਮੇਲ ਪੈਨਲ' ਦਾ ਉਦੇਸ਼ ਪਾਰਟੀ ਨੂੰ ਮਜ਼ਬੂਤ ਕਰਨਾ ਅਤੇ 2024 ਦੀਆਂ ਲੋਕ ਸਭਾ ਚੋਣਾਂ ਲਈ ਰੋਡਮੈਪ ਤਿਆਰ ਕਰਨਾ ਹੈ।

ਪ੍ਰੈੱਸ ਕਾਨਫਰੰਸ ਦੌਰਾਨ ਇਹ ਪੁੱਛੇ ਜਾਣ 'ਤੇ ਕਿ ਕੀ ਉਹ ਸੁਖਬੀਰ ਸਿੰਘ ਬਾਦਲ ਨੂੰ ਪਾਰਟੀ ਪ੍ਰਧਾਨ ਮੰਨਦੇ ਹਨ, ਬਰਾੜ ਨੇ ਕਿਹਾ ਕਿ ਸੁਖਬੀਰ ਪ੍ਰਧਾਨ ਹਨ, ਪਰ ਲੀਡਰਸ਼ਿਪ ਨੇ ਕਈ ਅਸੰਵਿਧਾਨਕ ਫੈਸਲੇ ਕੀਤੇ ਹਨ, ਜਿਨ੍ਹਾਂ ਦਾ ਉਹ ਵਿਰੋਧ ਕਰਦੇ ਹਨ। ਉਨ੍ਹਾਂ ਕਿਹਾ ਕਿ ਉਹ ਬਾਦਲ ਪਰਵਾਰ ਦੀਆਂ ਪਾਰਟੀ ਪ੍ਰਤੀ ਸੇਵਾਵਾਂ 'ਤੇ ਕਿੰਤੂ ਨਹੀਂ ਕਰ ਰਹੇ ਪਰ ਪਾਰਟੀ 'ਤੇ ਪਰਵਾਰ ਦਾ 55 ਸਾਲ ਤੋਂ ਦਬਦਬਾ ਚੱਲ ਰਿਹਾ ਹੈ। ਲੀਡਰਸ਼ਿਪ ਦੀ ਮਨਜ਼ੂਰੀ ਤੋਂ ਬਿਨਾਂ ਸ਼੍ਰੋਮਣੀ ਗੁਰਦੁਆਰਾ

ਪ੍ਰਬੰਧਕ ਕਮੇਟੀ ਦੀ ਪ੍ਰਧਾਨਗੀ ਦੀ ਚੋਣ ਲੜਨ 'ਤੇ ਕੱਢੀ ਗਈ ਬੀਬੀ ਜਗੀਰ ਕੌਰ ਦੀ ਹਮਾਇਤ ਕਰਦਿਆਂ ਬਰਾੜ ਨੇ ਕਿਹਾ ਕਿ ਬੀਬੀ ਨੂੰ ਪਾਰਟੀ ਵਿੱਚੋਂ ਕੱਢਣਾ ਅਸੰਵਿਧਾਨਕ ਸੀ। ਉਸ ਨਾਲ ਕੀਤਾ ਗਿਆ ਸਲੂਕ ਤੇ ਵਰਤੀ ਗਈ ਭਾਸ਼ਾ ਢੁੱਕਵੀਂ ਨਹੀਂ ਸੀ। ਉਨ੍ਹਾ ਸ਼੍ਰੋਮਣੀ ਅਕਾਲੀ ਦਲ ਦੇ ਮੀਡੀਆ ਸਲਾਹਕਾਰ ਹਰਚਰਨ ਬੈਂਸ, ਜਿਹੜੇ ਕਿ ਹੁਣ ਪਾਰਟੀ ਪ੍ਰਧਾਨ ਦੇ ਕੌਮੀ ਸਲਾਹਕਾਰ ਨਹੀਂ ਰਹੇ, ਦੀ ਵੀ ਹਮਾਇਤ ਕਰਦਿਆਂ ਕਿਹਾ ਕਿ ਬੈਂਸ ਨੇ ਜ਼ਿੰਦਗੀ ਪਾਰਟੀ ਦੇ ਲੇਖੇ ਲਈ। ਉਹ ਸਤਿਕਾਰ ਦੇ ਹੱਕਦਾਰ ਹਨ।

ਬਰਾੜ ਨੇ ਕਿਹਾ ਕਿ ਏਕਤਾ ਪੈਨਲ ਵਿਚ 12 ਹੋਰ ਮੈਂਬਰ ਸ਼ਾਮਲ ਕੀਤੇ ਗਏ ਹਨ। ਇਨ੍ਹਾਂ ਵਿਚ ਪਾਰਟੀ ਦੇ ਸਰਪ੍ਰਸਤ ਪ੍ਰਕਾਸ਼ ਸਿੰਘ ਬਾਦਲ ਦੇ ਦਾਮਾਦ ਤੇ ਮਰਹੂਮ ਮੁੱਖ ਮੰਤਰੀ ਪ੍ਰਤਾਪ ਸਿੰਘ ਕੈਰੋਂ ਦੇ ਪੋਤਰੇ ਆਦੇਸ਼ ਪ੍ਰਤਾਪ ਸਿੰਘ ਵੀ ਹਨ। ਸੁਖਬੀਰ ਬਾਦਲ ਵੱਲੋਂ ਬੁੱਧਵਾਰ ਐਲਾਨੀ ਗਈ ਕੋਰ ਕਮੇਟੀ ਅਤੇ ਪ੍ਰਧਾਨ ਦੀ ਸਲਾਹਕਾਰ ਬੋਰਡ ਵਿਚ ਕੈਰੋਂ ਨੂੰ ਵੀ ਨਹੀਂ ਸ਼ਾਮਲ ਕੀਤਾ ਗਿਆ। ਨਵੇਂ ਸ਼ਾਮਲ ਕੀਤੇ ਗਏ ਹੋਰਨਾਂ ਮੈਂਬਰਾਂ ਵਿਚ ਬੀਬੀ ਜਗੀਰ ਕੌਰ, ਸੁੱਚਾ ਸਿੰਘ ਛੋਟੇਪੁਰ, ਰਵੀਕਿਰਨ ਸਿੰਘ ਕਾਹਲੋਂ, ਰਤਨ ਸਿੰਘ ਅਜਨਾਲਾ, ਗਗਨਜੀਤ ਸਿੰਘ ਬਰਨਾਲਾ, ਸੁਖਵਿੰਦਰ ਸਿੰਘ ਔਲਖ, ਅਲਵਿੰਦਰ ਸਿੰਘ ਪੱਖੋਕੇ, ਪ੍ਰਵੀਨ ਨੁਸਰਤ, ਹਰਬੰਸ ਸਿੰਘ ਮੰਝਪੁਰ, ਅਮਨਦੀਪ ਸਿੰਘ ਮਾਂਗਟ ਤੇ ਨਰਿੰਦਰ ਸਿੰਘ ਕਾਲੇਕਾ ਹਨ। ਬਰਾੜ ਨੇ ਕਿਹਾ ਕਿ ਉਨ੍ਹਾ ਨੂੰ ਤਾਂ ਆਸ ਨਹੀਂ ਸੀ ਕਿ ਕੋਰ ਕਮੇਟੀ ਵਿਚ ਲਏ ਜਾਣਗੇ, ਪਰ ਸਦਮਾ ਪੁੱਜਿਆ ਕਿ ਮਾਲੇਰਕੋਟਲਾ ਤੋਂ ਕਿਸੇ ਮੁਸਲਮ ਆਗੂ ਨੂੰ ਵੀ ਸ਼ਾਮਲ ਨਹੀਂ ਕੀਤਾ ਗਿਆ। ਉਨ੍ਹਾ ਕਿਹਾ ਕਿ ਪੈਨਲ 9 ਦਸੰਬਰ ਨੂੰ ਮੀਟਿੰਗ ਕਰਕੇ ਅਗਲੀ ਚੋਣ ਤੋਂ ਪਹਿਲਾਂ ਪਾਰਟੀ ਨੂੰ ਤਕੜਾ ਕਰਨ ਉੱਤੇ ਵਿਚਾਰ-ਵਟਾਂਦਰਾ ਕਰੇਗਾ।

ਅਰਜਨਟੀਨਾ ਅਗਲੇ ਗੇੜ 'ਚ, ਮੈਕਸੀਕੋ ਨਾਕਾਮ

ਮੈਸੀ ਨੂੰ ਰੋਕਣ ਦੀ ਕੋਸ਼ਿਸ਼ ਕਰਦੇ ਪੋਲੈਂਡ ਦੇ ਖਿਡਾਰੀ (ਇਨਸੈੱਟ) ਹਾਰਨ ਤੋਂ ਬਾਅਦ ਮੈਦਾਨ 'ਤੇ ਲੰਮਾ ਪਿਆ ਨਿਰਾਸ਼ ਮੈਕਸੀਕਨ ਖਿਡਾਰੀ।

ਦੋਹਾ : ਅਰਜਨਟੀਨਾ ਗਰੁੱਪ ਸੀ ਦੇ ਆਪਣੇ ਆਖਰੀ ਮੈਚ ਵਿਚ ਬੁੱਧਵਾਰ ਰਾਤ ਪੋਲੈਂਡ ਨੂੰ 2-0 ਨਾਲ ਹਰਾ ਕੇ ਵਿਸ਼ਵ ਕੱਪ ਫੁੱਟਬਾਲ ਦੇ ਅਗਲੇ ਗੇੜ ਵਿਚ ਪੁੱਜ ਗਿਆ, ਜਦਕਿ ਇਸੇ ਗਰੁੱਪ ਵਿਚ ਮੈਕਸੀਕੋ ਸਾਊਦੀ ਅਰਬ ਨੂੰ 2-1 ਨਾਲ ਹਰਾਉਣ ਦੇ ਬਾਵਜੂਦ ਅਗਲੇ ਗੇੜ ਵਿਚ ਪੁੱਜਣ 'ਚ ਨਾਕਾਮ ਰਿਹਾ। ਅਰਜਨਟੀਨਾ ਪਹਿਲਾ ਮੈਚ ਸਾਊਦੀ ਅਰਬ ਤੋਂ ਹਾਰ ਕੇ ਸੰਕਟ ਵਿਚ ਫਸ ਗਿਆ ਸੀ, ਪਰ ਉਸ ਨੇ ਦੂਜੇ ਮੈਚ ਵਿਚ ਮੈਕਸੀਕੋ ਨੂੰ 2-0 ਦੀ ਸ਼ਿਕਸਤ ਦੇ ਕੇ ਸੰਭਾਵਨਾਵਾਂ ਰੌਸ਼ਨ ਕਰ ਲਈਆਂ ਸਨ। ਪੋਲੈਂਡ ਨੂੰ ਹਰਾਉਣ ਤੋਂ ਬਾਅਦ 6 ਅੰਕਾਂ ਨਾਲ ਉਹ ਗਰੁੱਪ ਵਿਚ ਟਾਪ ਕਰ ਗਿਆ। ਮੈਕਸੀਕੋ ਨੇ ਪੋਲੈਂਡ ਨਾਲ ਮੈਚ ਬਰਾਬਰ ਖੇਡ ਕੇ ਇਕ-ਇਕ ਅੰਕ ਵੰਡਿਆ ਸੀ। ਦੂਜੇ ਮੈਚ ਵਿਚ ਉਹ ਅਰਜਨਟੀਨਾ ਤੋਂ ਹਾਰ ਗਿਆ ਸੀ। ਤੀਜਾ ਮੈਚ ਸਾਊਦੀ ਅਰਬ ਤੋਂ ਜਿੱਤਣ ਨਾਲ ਉਸ ਦੇ ਚਾਰ ਅੰਕ ਬਣ ਗਏ, ਪਰ ਗੋਲ ਔਸਤ ਦੇ ਹਿਸਾਬ ਨਾਲ ਉਹ ਚਾਰ ਅੰਕ ਬਣਾਉਣ ਵਾਲੇ ਪੋਲੈਂਡ ਤੋਂ ਪਿੱਛੇ ਰਹਿ ਗਿਆ ਤੇ ਪੋਲੈਂਡ ਅਗਲੇ ਗੇੜ ਲਈ ਕੁਆਲੀਫਾਈ ਕਰ ਗਿਆ। ਸਾਊਦੀ ਅਰਬ ਦੀ ਟੀਮ ਤਿੰਨ ਅੰਕਾਂ ਨਾਲ ਆਖਰੀ ਸਥਾਨ 'ਤੇ ਰਹੀ।

ਬਾਬਾ ਨਕਲੀ ਦੇਸੀ ਘਿਓ ਵੇਚ ਰਿਹੈ : ਭਾਜਪਾ ਸਾਂਸਦ

ਲਖਨਊ : ਕੈਸਰਗੰਜ ਤੋਂ ਭਾਜਪਾ ਦੇ ਲੋਕ ਸਭਾ ਮੈਂਬਰ ਤੇ ਭਾਰਤੀ ਕੁਸ਼ਤੀ ਫੈਡਰੇਸ਼ਨ ਦੇ ਪ੍ਰਧਾਨ ਬ੍ਰਿਜ ਭੂਸ਼ਣ ਸ਼ਰਨ ਸਿੰਘ ਨੇ ਯੋਗ ਗੁਰੂ ਬਾਬਾ ਰਾਮਦੇਵ 'ਤੇ ਪਤੰਜਲੀ ਬ੍ਰਾਂਡ ਨਾਂਅ ਨਾਲ ਨਕਲੀ ਘਿਓ ਵੇਚਣ ਦਾ ਦੋਸ਼ ਲਾਉਂਦਿਆਂ ਉਸ 'ਤੇ ਤਿੱਖਾ ਹਮਲਾ ਕੀਤਾ ਹੈ। ਉਨ੍ਹਾ ਇਹ ਵੀ ਦੋਸ਼ ਲਾਇਆ ਕਿ ਰਾਮਦੇਵ 'ਕਪਾਲ ਭਾਤੀ' ਨੂੰ ਗਲਤ ਤਰੀਕੇ ਨਾਲ ਸਿਖਾ ਰਿਹਾ, ਜਿਸ ਦਾ ਉਸ ਦੀ ਸਿੱਖਿਆ 'ਤੇ ਚੱਲਣ ਵਾਲਿਆਂ 'ਤੇ ਬੁਰਾ ਪ੍ਰਭਾਵ ਪੈ ਰਿਹਾ ਹੈ। ਉਨ੍ਹਾ ਲੋਕਾਂ ਨੂੰ ਸਲਾਹ ਦਿੱਤੀ ਹੈ ਕਿ ਉਹ ਬਜ਼ਾਰ ਤੋਂ ਘਿਓ ਖਰੀਦਣ ਦੀ ਬਜਾਏ ਆਪਣੇ ਘਰਾਂ 'ਚ ਗਾਂ ਜਾਂ ਮੱਝ ਰੱਖਣ। ਉਨ੍ਹਾ ਕਿਹਾ ਕਿ ਕਮਜ਼ੋਰ ਦੀ ਔਲਾਦ ਕਮਜ਼ੋਰ ਪੈਦਾ ਹੁੰਦੀ ਹੈ ਤੇ ਸਿਹਤਮੰਦ ਦੀ ਸਿਹਤਮੰਦ। ਸਿਹਤਮੰਦ

ਰਹਿਣ ਲਈ ਘਰ 'ਚ ਸਫਾਈ ਅਤੇ ਖਾਲਸ ਦੁੱਧ ਤੇ ਘਿਓ ਜ਼ਰੂਰੀ ਹੈ।

ਉਨ੍ਹਾ ਕਿਹਾ-ਮੈਂ ਛੋਤੀ ਸਾਧੂ-ਸੰਤਾਂ ਦੀ ਮੀਟਿੰਗ ਸੱਦ ਕੇ ਉਨ੍ਹਾਂ ਨੂੰ ਬੇਨਤੀ ਕਰਾਂਗਾ ਕਿ ਉਹ ਮਹਾਰਿਸ਼ੀ ਪਤੰਜਲੀ ਦੇ ਨਾਂਅ ਦੀ ਦੁਰਵਰਤੋਂ ਰੁਕਵਾਉਣ। ਮੈਂ ਯਕੀਨੀ ਬਣਾਵਾਂਗਾ ਕਿ ਸਾਧੂ-ਸੰਤ ਰਾਮਦੇਵ ਦੇ ਹਮਾਇਤੀਆਂ ਵੱਲੋਂ ਬਣਾਏ ਜਾਂਦੇ ਨਕਲੀ ਦੁੱਧ ਉਤਪਾਦਾਂ ਖਿਲਾਫ ਮੇਰੀ ਮੁਹਿੰਮ ਨੂੰ ਆਸ਼ੀਰਵਾਦ ਦੇਣ। ਉਨ੍ਹਾ ਕਿਹਾ ਕਿ ਬਾਬਾ ਰਾਮਦੇਵ ਨੇ ਨਕਲੀ ਘਿਓ ਨੂੰ ਲੈ ਕੇ ਉਨ੍ਹਾ ਨੂੰ ਨੋਟਿਸ ਭੇਜ ਕੇ ਮੁਆਫੀ ਮੰਗਣ ਲਈ ਕਿਹਾ ਹੈ ਪਰ ਉਹ ਕਦੇ ਮੁਆਫੀ ਨਹੀਂ ਮੰਗਣਗੇ। ਜੇ ਕੋਰਟ ਉਨ੍ਹਾ ਨੂੰ ਜੇਲ੍ਹ ਭੇਜਦੀ ਹੈ ਤਾਂ ਉਹ ਜੇਲ੍ਹ ਚਲੇ ਜਾਣਗੇ, ਪਰ ਜ਼ਮਾਨਤ ਨਹੀਂ ਕਰਾਉਣਗੇ।

ਗੋਲਡੀ ਨੂੰ ਫੜਾਉਣ ਵਾਲੇ ਨੂੰ ਦੋ ਕਰੋੜ ਦੇਵਾਂਗਾ : ਬਲਕੌਰ

ਅੰਮ੍ਰਿਤਸਰ (ਜਸਬੀਰ ਸਿੰਘ)-ਇਥੇ ਇਕ ਸਮਾਗਮ ਦੌਰਾਨ ਮਰਹੂਮ ਗਾਇਕ ਸਿੱਧੂ ਮੂਸੇਵਾਲਾ ਦੇ ਪਿਤਾ ਬਲਕੌਰ ਸਿੰਘ ਨੇ ਐਲਾਨ ਕੀਤਾ ਕਿ ਜਿਹੜਾ ਵੀ ਗੈਂਗਸਟਰ ਗੋਲਡੀ ਬਰਾੜ ਨੂੰ ਫੜਾਏਗਾ, ਉਹ ਉਸ ਨੂੰ ਆਪਣੀ ਜੇਬ ਵਿਚੋਂ ਦੋ ਕਰੋੜ ਰੁਪਏ ਦਾ ਇਨਾਮ ਦੇਣਗੇ।

ਇਸ ਦੌਰਾਨ ਉਨ੍ਹਾ ਨੇ ਸੂਬਾ ਸਰਕਾਰ ਨੂੰ ਨਿਸ਼ਾਨਾ ਬਣਾਉਂਦਿਆਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਸਰਕਾਰ ਕਿਉਂ ਮਰਵਾਉਣ 'ਤੇ ਤੁਲੀ ਹੋਈ ਹੈ। ਉਨ੍ਹਾ ਸਪਸ਼ਟ ਕੀਤਾ ਕਿ ਉਨ੍ਹਾ ਨੂੰ ਸੁਰੱਖਿਆ ਦੀ ਲੋੜ ਨਹੀਂ ਪਰ ਗੋਲਡੀ ਨੂੰ ਸਰਕਾਰ ਗ੍ਰਿਫ਼ਤਾਰ ਕਰੇ।

ਗੁਜਰਾਤ 'ਚ ਧੀਮੀ ਪੋਲਿੰਗ

ਅਹਿਮਦਾਬਾਦ : ਗੁਜਰਾਤ ਵਿਧਾਨ ਸਭਾ ਚੋਣਾਂ ਦੇ ਪਹਿਲੇ ਪੜਾਅ ਲਈ ਵੀਰਵਾਰ ਸ਼ਾਮ 5 ਵਜੇ ਤੱਕ 59.24 ਫੀਸਦੀ ਵੋਟਿੰਗ ਦਰਜ ਕੀਤੀ ਗਈ। 182 ਸੀਟਾਂ 'ਚੋਂ 89 ਸੀਟਾਂ 'ਤੇ

2-DEC-PAGE-10.qxd 12/1/2022 10:18 PM Page 1

ਮੰਗਾਂ ਨੂੰ ਲੈ ਕੇ ਪਨਬੱਸ/ਪੀ ਆਰ ਟੀ ਸੀ ਦੇ ਕੱਚੇ ਮੁਲਾਜ਼ਮਾਂ ਵੱਲੋਂ ਗੇਟ ਰੈਲੀ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ) ਪੰਜਾਬ ਰੋਡਵੇਜ਼/ਪੱਨਬਸ/ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਵੱਲੋਂ ਸ੍ਰੀ ਮੁਕਤਸਰ ਸਾਹਿਬ ਦੇ ਡਿਪੂ ਗੇਟ 'ਤੇ ਗੇਟ ਰੈਲੀ ਕੀਤੀ ਗਈ। ਇਸ ਮੌਕੇ ਸ੍ਰੀ ਮੁਕਤਸਰ ਸਾਹਿਬ ਡਿਪੂ ਦੇ ਗੇਟ 'ਤੇ ਬੋਲਦਿਆਂ ਸੂਬਾ ਸਰਪ੍ਰਸਤ ਕਮਲ ਕੁਮਾਰ ਅਤੇ ਸੂਬਾ ਆਗੂ ਗੁਰਪ੍ਰੀਤ ਸਿੰਘ ਢਿੱਲੋਂ ਨੇ ਦੱਸਿਆ ਕਿ ਪਨਬੱਸ ਅਤੇ ਪੀ ਆਰ ਟੀ ਸੀ ਦੇ ਕੱਚੇ ਮੁਲਾਜ਼ਮਾਂ ਦੀਆਂ ਮੰਗਾਂ ਪਿਛਲੇ ਲੰਮੇ ਸਮੇਂ ਤੋਂ ਲਮਕਦੀਆਂ ਆ ਰਹੀਆਂ ਹਨ, ਪਰੰਤੂ ਸਰਕਾਰ ਅਤੇ ਅਧਿਕਾਰੀਆਂ ਵੱਲੋਂ ਕੋਈ ਹੱਲ ਨਹੀਂ ਕੀਤਾ ਗਿਆ। ਪਨਬੱਸ ਅਤੇ ਪੀ ਆਰ ਟੀ ਸੀ ਦੇ ਕੰਟਰੈਕਟ ਅਤੇ ਆਊਟਸੋਰਸਿੰਗ ਕੱਚੇ ਮੁਲਾਜ਼ਮਾਂ ਨੂੰ ਪੱਕਾ ਨਹੀਂ ਕੀਤਾ ਜਾ ਰਿਹਾ, ਆਊਟਸੋਰਸਿੰਗ ਮੁਲਾਜ਼ਮਾਂ ਦਾ ਜੀਐਸਟੀ ਅਤੇ ਕਮਿਸ਼ਨ ਦੇ ਰੂਪ ਵਿੱਚ 20-25 ਕਰੋੜ ਰੁਪਏ ਸਲਾਨਾ ਵਿਭਾਗਾਂ ਦੀ ਨਜਾਇਜ਼ ਲੁੱਟ ਠੇਕੇਦਾਰ ਕਾਰਨ ਹੋ ਰਹੀ ਹੈ। ਦੂਜੇ ਪਾਸੇ ਮੁੱਖ ਮੰਤਰੀ ਪੰਜਾਬ ਦੇ ਬਿਆਨਾਂ ਦੇ ਉਲਟ ਪੀ ਆਰ ਟੀ ਸੀ ਵਿੱਚ ਅਤੇ ਹੁਣ ਪਨਬੱਸ ਵਿੱਚ ਆਊਟਸੋਰਸਿੰਗ 'ਤੇ ਨਜਾਇਜ਼ ਭਰਤੀ ਕੀਤੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਪਿਛਲੇ ਦਿਨੀਂ ਜਥੇਬੰਦੀ ਵੱਲੋਂ ਮੁਲਾਜ਼ਮਾਂ ਨਾਲ ਹੋ ਰਹੀ ਧੱਕੇਸ਼ਾਹੀਆਂ ਦੇ ਖਿਲਾਫ ਹੜਤਾਲ ਕਰਕੇ ਰੋਸ ਪ੍ਰਦਰਸ਼ਨ ਕੀਤਾ ਗਿਆ ਸੀ, ਜਿਸ ਦੀ ਬਦੌਲਤ ਖਰਡ ਪ੍ਰਸ਼ਾਸਨ ਵੱਲੋਂ 24 ਨਵੰਬਰ ਨੂੰ ਟਰਾਂਸਪੋਰਟ ਮੰਤਰੀ ਪੰਜਾਬ ਨਾਲ ਮੰਗਾਂ ਸੰਬੰਧੀ ਮੀਟਿੰਗ ਤੈਅ ਕਰਵਾਈ ਗਈ ਸੀ ਅਤੇ ਲਿਖਤੀ ਰੂਪ ਵਿੱਚ ਦਿੱਤਾ ਗਿਆ ਸੀ ਪ੍ਰੰਤੂ ਟਰਾਂਸਪੋਰਟ ਮੰਤਰੀ ਪੰਜਾਬ ਵੱਲੋਂ ਇਹ ਮੀਟਿੰਗ ਨਹੀਂ ਕੀਤੀ ਗਈ। ਪੰਜਾਬ ਦੇ ਲੋਕਾਂ ਅਤੇ ਮੁਲਾਜ਼ਮਾਂ ਨਾਲੋਂ ਗੁਜਰਾਤ ਦੀਆਂ ਚੋਣਾਂ ਦਾ ਵੱਧ ਖਿਆਲ ਕੀਤਾ ਜਾ ਰਿਹਾ ਹੈ। ਪਿਛਲੀਆਂ ਮੀਟਿੰਗਾਂ ਵਿੱਚ ਵੀ ਕਈ ਵਾਰ ਸਮਾਂ ਦੇ ਕੇ ਮੀਟਿੰਗਾਂ ਨਹੀਂ ਕੀਤੀਆਂ ਗਈਆਂ ਅਤੇ ਜੇਕਰ ਮੀਟਿੰਗਾਂ ਕੀਤੀਆਂ ਗਈਆਂ ਤਾਂ ਕਿਸੇ ਮਸਲੇ ਦਾ ਹੱਲ ਨਹੀਂ ਕੀਤਾ ਗਿਆ। ਪੀ ਆਰ ਟੀ ਸੀ ਵਿੱਚ ਮੈਨੇਜਮੈਂਟ ਵਲੋਂ ਨਜਾਇਜ਼ ਨੋਟਿਸਾਂ ਰਾਹੀਂ ਵਰਕਰਾਂ ਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ , ਜਿਸ ਨੂੰ ਯੂਨੀਅਨ ਕਦੇ ਬਰਦਾਸ਼ਤ ਨਹੀਂ ਕਰੇਗੀ ਅਤੇ ਹੱਕੀ ਮੰਗਾਂ ਲਈ ਸੰਘਰਸ਼ ਕਰਨ ਲਈ ਤਿਆਰ ਬਰ ਤਿਆਰ ਰਹੇਗੀ। ਇਸ ਮੌਕੇ 'ਤੇ ਤਰਸੇਮ ਸਿੰਘ ਚੇਅਰਮੈਨ, ਗੁਰਸੇਵਕ ਸਿੰਘ ਜਨਰਲ ਸਕੱਤਰ , ਗੁਰਬਾਜ ਸਿੰਘ ਮੀਤ ਪ੍ਰਧਾਨ , ਪ੍ਰਤਾਪ ਸਿੰਘ ਨੇ ਕਿਹਾ ਕਿ ਵਧੀਕ ਪ੍ਰਮੁੱਖ ਸਕੱਤਰ ਮੁੱਖ ਮੰਤਰੀ ਪੰਜਾਬ ਹਿਮਾਂਸ਼ੂ ਜੈਨ ਨਾਲ 14 ਨਵੰਬਰ ਨੂੰ ਮੀਟਿੰਗ ਹੋਈ ਸੀ ਜਿਸ ਵਿੱਚ ਵਰਕਰਾਂ ਨਾਲ ਹੋਈਆਂ ਧੱਕੇਸ਼ਾਹੀਆਂ ਦਾ ਹੱਲ 7 ਦਿਨ ਅੰਦਰ ਅੰਦਰ ਕਰਨ ਦਾ ਲਿਖਤੀ ਭਰੋਸਾ ਦਿੱਤਾ ਗਿਆ ਸੀ ਅਤੇ ਨਾਲ ਹੀ ਰਹਿੰਦੀਆਂ ਮੰਗਾਂ ਸੰਬੰਧੀ ਮੁੱਖ ਮੰਤਰੀ ਪੰਜਾਬ ਨਾਲ ਮੀਟਿੰਗ ਕਰਵਾਉਣ ਦਾ ਭਰੋਸਾ ਦਿੱਤਾ ਗਿਆ ਸੀ, ਪ੍ਰੰਤੂ ਅੱਜ 16 ਦਿਨ ਬੀਤ ਜਾਣ ਦੇ ਬਾਵਜੂਦ ਮਨੇਜਮੈਂਟ ਵੱਲੋਂ ਵਰਕਰਾਂ ਨਾਲ ਹੋਈਆਂ ਧੱਕੇਸ਼ਾਹੀਆਂ ਦਾ ਹੁਣ ਤੱਕ ਕੋਈ ਵੀ ਹੱਲ ਨਹੀਂ ਕੱਢਿਆ ਗਿਆ। ਉਹਨਾ ਕਿਹਾ ਕਿ ਮੈਨੇਜਮੈਂਟ ਵੱਲੋਂ ਕੋਈ ਸੁਣਵਾਈ ਨਹੀਂ ਕੀਤੀ ਜਾ ਰਹੀ ਨਾ ਹੀ ਰਹਿੰਦੀਆਂ ਮੰਗਾਂ ਦਾ ਕੋਈ ਹੱਲ ਕੱਢਿਆ ਜਾ ਰਿਹਾ ਹੈ। ਉਹਨਾ ਕਿਹਾ ਕਿ ਯੂਨੀਅਨ ਵਲੋਂ ਲੋਕਾਂ ਦੀਆਂ ਮੁਸ਼ਕਲਾਂ ਨੂੰ ਮੁੱਖ ਰੱਖਦਿਆਂ ਹੜਤਾਲ ਨੂੰ ਪੋਸਟਪੋਨ ਕੀਤੀ ਸੀ ਪ੍ਰੰਤੂ ਮੁੱਖ ਮੰਤਰੀ ਪੰਜਾਬ ਦੇ ਦਫਤਰ ਵਿੱਚ ਕੀਤੇ ਫੈਸਲੇ ਨੂੰ ਵੀ ਮਹਿਕਮਾ ਲਾਗੂ ਨਹੀਂ ਕਰ ਰਿਹਾ, ਜਿਸ ਕਾਰਨ ਯੂਨੀਅਨ ਵੱਲੋਂ ਉਹਨਾ ਵੱਲੋਂ ਸਮੂਹ ਡਿਪੂਆਂ ਅੱਗੇ ਗੇਟ ਰੈਲੀਆਂ ਕਰਕੇ ਅਗਲੇ ਸੰਘਰਸ਼ਾਂ ਲਈ ਵਰਕਰਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ ਅਤੇ ਸਮਾਂ ਆਉਣ 'ਤੇ ਸਰਕਾਰ ਅਤੇ ਅਧਿਕਾਰੀਆਂ ਦੀਆਂ ਵਧੀਕੀਆਂ ਕਾਰਨ ਪੋਸਟਪੋਨ ਕੀਤੀ ਹੜਤਾਲ ਨੂੰ ਕਰਕੇ ਤਿੱਖਾ ਸੰਘਰਸ਼ ਕੀਤਾ ਜਾਵੇਗਾ ਜਿਸ ਦੀ ਜ਼ਿੰਮੇਵਾਰੀ ਸਰਕਾਰ ਅਤੇ ਮੈਨੇਜਮੈਂਟ ਦੀ ਹੋਵੇਗੀ।

ਗੇਟ ਰੈਲੀ ਦੌਰਾਨ ਨਾਅਰੇਬਾਜ਼ੀ ਕਰਦੇ ਹੋਏ ਮੁਲਾਜ਼ਮ।

ਬਨਾਸਰ ਬਾਗ ਦੀ ਨਹੀਂ ਲੈ ਰਿਹਾ ਕੋਈ ਸਾਰ

ਸੰਗਰੂਰ (ਪ੍ਰਵੀਨ ਸਿੰਘ)-ਜੀਂਦ ਰਿਆਸਤ ਦੀ ਰਾਜਧਾਨੀ ਰਹੇ ਸ਼ਹਿਰ ਸੰਗਰੂਰ ਦੇ ਵਿਰਾਸਤੀ ਤੇ ਰਿਆਸਤੀ ਬਨਾਸਰ ਬਾਗ ਅੰਦਰ ਕਦੇ ਜੀਂਦ ਰਿਆਸਤ ਦਾ ਦਰਬਾਰ ਸਜਦਾ ਸੀ। ਰਿਆਸਤਾਂ ਟੁੱਟੀਆਂ ਤਾਂ ਬਨਾਸਰ ਬਾਗ ਆਮ ਲੋਕਾਂ ਲਈ ਖੋਲ੍ਹਿਆ ਗਿਆ। ਪੰਜਾਬ ਸਰਕਾਰ ਦੇ ਪੁਰਾਤੱਤਵ ਵਿਭਾਗ ਅਤੇ ਸਥਾਨਕ ਜ਼ਿਲ੍ਹਾ ਪ੍ਰਸ਼ਾਸਨਿਕ ਅਧਿਕਾਰੀਆਂ ਦੀ ਨਿਗਰਾਨੀ ਹੇਠ ਇਸ ਬਾਗ ਦੀ ਸਾਂਭ-ਸੰਭਾਲ ਕੀਤੀ ਜਾਂਦੀ ਆ ਰਹੀ ਹੈ। ਇਹ ਬਨਾਸਰ ਬਾਗ ਕਈ ਵਾਰੀ ਲੋਕਾਂ ਦੀ ਖਿੱਚ ਦਾ ਕੇਂਦਰ ਬਣਿਆ ਤੇ ਕਈ ਵਾਰੀ ਉਜਾੜ ਅਵਸਥਾ ਵਿੱਚ ਆਉਂਦਾ ਰਿਹਾ। ਇਸ ਵਾਰ ਜਦੋਂ ਦੀ ਪੰਜਾਬ ਅੰਦਰ ਆਮ ਆਦਮੀ ਪਾਰਟੀ ਦੀ ਸਰਕਾਰ ਆਈ ਹੈ, ਉਸ ਦੀ ਸਥਾਨਕ ਵਿਧਾਇਕ ਨੇ ਬਨਾਸਰ ਬਾਗ ਵਿੱਚ ਘੁੰਮ ਕੇ ਕੁਝ ਸ਼ਹਿਰੀਆਂ ਤੇ ਜੀ-ਹਜ਼ੂਰੀਆਂ ਨਾਲ ਮੁਲਾਕਾਤ ਕਰਕੇ ਇਸ ਨੂੰ ਮੁੜ ਸੰਵਾਰਨ ਦਾ ਬੀੜਾ ਚੁੱਕਿਆ। ਉਸ ਉਪਰੰਤ ਸਿਰਫ ਏਨਾ ਕੁ ਹੀ ਹੋਇਆ ਕਿ ਆਈ ਏ ਐੱਲ ਫੈਕਟਰੀ ਵਿੱਚੋਂ 5 ਮਾਲੀ ਇਸ ਦੀ ਸਾਂਭ-ਸੰਭਾਲ ਲਈ ਆਏ, ਜੋ ਇਸ ਨੂੰ ਸੰਵਾਰ ਰਹੇ ਹਨ। ਕਾਂਗਰਸ ਸਰਕਾਰ ਵੇਲੇ ਬੀ ਐੱਡ ਆਰ ਦੇ ਮੰਤਰੀ ਵਿਜੈਇੰਦਰ ਸਿੰਗਲਾ ਨੇ ਵਾਅਦਾ ਕੀਤਾ ਸੀ ਕਿ ਮੈਂ ਇਸ ਬਾਗ ਨੂੰ ਵਧੀਆ ਸੈਰਗਾਹ ਬਣਾ ਦੇਵਾਂਗਾ ਤੇ ਇਸ ਅੰਦਰ ਲੱਗੀਆਂ ਹੋਈਆਂ ਲਾਈਟਾਂ ਦੇ ਨਾਲ ਅੰਦਰੂਨੀ ਰਸਤਿਆਂ ਉੱਤੇ ਵਧੀਆ ਕਿਸਮ ਦੇ ਬਲਬ ਵੀ ਲਾਏ, ਜਿਹੜੇ ਕਦੇ-ਕਦੇ ਜਗਦੇ ਹਨ, ਵਰਨਾ ਅਕਸਰ ਬੰਦ ਹੀ ਰਹਿੰਦੇ ਹਨ। ਡਾ. ਨਰਵਿੰਦਰ ਕੌਸ਼ਲ ਸੇਵਾ-ਮੁਕਤ ਡੀਨ ਕਰੁਕਸ਼ੇਤਰਾ ਯੂਨੀਵਰਸਿਟੀ ਦਾ ਕਹਿਣਾ ਹੈ ਕਿ ਸ਼ਹਿਰ ਸੰਗਰੂਰ ਅੰਦਰ ਸੈਰ ਲਈ ਇੱਕੋ-ਇੱਕ ਬਚਿਆ ਬਨਾਸਰ ਬਾਗ ਹੈ, ਜਿਸ ਬਾਰੇ ਸਿਆਸੀ ਆਗੂ ਤੇ ਹੋਰ ਲੋਕ ਗੱਲਾਂ ਤਾਂ ਕਰਦੇ ਹਨ, ਪਰ ਇਸ ਨੂੰ ਸਾਂਭ-ਸੰਭਾਲ ਵਿੱਚ ਕੋਈ ਬਹੁਤਾ ਯੋਗਦਾਨ ਨਾ ਉਹਨਾਂ ਦਾ, ਨਾ ਜ਼ਿਲ੍ਹਾ ਪ੍ਰਸ਼ਾਸ਼ਨ ਦਾ ਤੇ ਨਾ ਹੀ ਸਰਕਾਰਾਂ ਦਾ ਹੈ। ਬਾਗ ਨੂੰ ਵਧੀਆ ਤਾਂ ਹਰ ਕੋਈ ਦੇਖਣਾ ਚਾਹੁੰਦਾ ਹੈ, ਪਰ ਸਹਿਯੋਗ ਕਰਨ ਲਈ ਬਹੁਤੇ ਲੋਕ ਤਿਆਰ ਨਹੀਂ। ਅਕਾਲੀ ਆਗੂ ਵਿਨਰਜੀਤ ਸਿੰਘ ਗੋਲਡੀ ਦਾ ਕਹਿਣਾ ਹੈ ਕਿ ਬਾਗਾਂ ਦੇ ਸ਼ਹਿਰ ਵਜੋਂ ਜਾਣੇ ਜਾਂਦੇ ਸ਼ਹਿਰ ਸੰਗਰੂਰ ਅੰਦਰ ਹੁਣ ਇੱਕੋ-ਇੱਕ ਬਾਗ ਬਨਾਸਰ ਬਾਗ ਬਚਿਆ ਹੈ। ਇਸ ਬਾਗ 'ਤੇ ਰਾਜਨੀਤੀ ਤਾਂ ਸਾਰੇ ਕਰਦੇ ਹਨ, ਪਰ ਇਸ ਨੂੰ ਸੰਵਾਰਨ ਦਾ ਸਾਰਥਕ ਉਪਰਾਲਾ ਕੋਈ ਨਹੀਂ ਕਰਦਾ। ਪਿਛਲੇ ਕੁਝ ਸਾਲਾਂ ਵਿੱਚ ਬਨਾਸਰ ਬਾਗ ਵੈੱਲਫੇਅਰ ਐਸੋਸੀਏਸ਼ਨ ਨਾਂਅ ਦੀ ਇੱਕ ਸੰਸਥਾ, ਜਿਸ ਦੇ ਪ੍ਰਧਾਨ ਫਤਿਹ ਪ੍ਰਭਾਕਰ ਸਨ, ਦੀ ਅਗਵਾਈ ਹੇਠ ਇਹ ਬਾਗ ਸਵੇਰੇ-ਸ਼ਾਮ ਸੈਰ ਕਰਨ ਵਾਲਿਆਂ ਨੂੰ ਹਰਿਆ-ਭਰਿਆ ਤੇ ਚੰਗਾ ਮਨਮੋਹਕ ਦ੍ਰਿਸ਼ ਪੈਦਾ ਕਰਦਾ ਸੀ।

ਐਡਵੋਕੇਟ ਕੇਵਲ ਕ੍ਰਿਸ਼ਨ ਲੌਂਗੋਵਾਲੀਆ ਦਾ ਕਹਿਣਾ ਹੈ ਕਿ ਸ਼ਹਿਰ ਦੇ ਲੋਕ ਸੁਝਾਅ ਤਾਂ ਬਹੁਤ ਦਿੰਦੇ ਹਨ ਕਿ ਬਾਗ ਵਿੱਚ ਇਹ ਹੋਣਾ ਚਾਹੀਦਾ ਹੈ, ਪਰ ਸਹਿਯੋਗ ਲਈਅੱਗੇ ਹੱਥ ਕੋਈ ਨਹੀਂ ਵਧਾਉਂਦਾ। ਉਹਨਾ ਦਾ ਕਹਿਣਾ ਹੈ ਕਿ ਇਸ ਬਾਗ ਅੰਦਰ ਕੁਝ ਦਿਨ ਪਹਿਲਾਂ ਸਥਾਨਕ ਵਿਧਾਇਕ ਸਵੇਰ ਦੇ ਸਮੇਂ ਆਏ ਸਨ, ਉਹਨਾ ਨੂੰ ਬਾਗ ਦੀਆਂ ਮੁਸ਼ਕਲਾਂ ਤੋਂ ਜਾਣੂ ਕਰਾਇਆ ਸੀ। ਉਹਨਾ ਦੇ ਕਹਿਣ 'ਤੇ ਕੁਝ ਦਿਨ ਅੰਦਰਲੀਆਂ ਲਾਈਟਾਂ ਚੱਲੀਆਂ, ਹੁਣ ਬਾਹਰਲੀਆਂ ਲਾਈਟਾਂ ਵਿੱਚੋਂ ਅੱਧੀਆਂ ਪੂਰੀ ਤਰ੍ਹਾਂ ਗੁੱਲ ਹਨ, ਜਿਸ ਕਾਰਨ ਸਮਾਜ ਵਿਰੋਧੀ ਅਨਸਰ ਰਾਤ ਨੂੰ ਹਨੇਰੇ ਵਿੱਚ ਗਲਤ ਗਤੀਵਿਧੀਆਂ ਅਤੇ ਲੜਾਈ-ਝਗੜੇ ਕਰਦੇ ਹਨ। ਇਸ ਬਾਗ ਵੱਲ ਜ਼ਿਲ੍ਹਾ ਪ੍ਰਸ਼ਾਸਨ, ਸੁਹਿਰਦ ਸ਼ਹਿਰੀ ਤੇ ਸਿਆਸੀ ਆਗੂ ਧਿਆਨ ਦੇਣ, ਤਾਂ ਜੋ ਇਸ ਬਾਗ ਦਾ ਹੋਰ ਲੰਮਾ ਸਮਾਂ ਆਨੰਦ ਮਾਣਿਆ ਜਾ ਸਕੇ।

ਡਾ. ਨਰਵਿੰਦਰ ਕੌਸ਼ਲ, ਵਿਨਰਜੀਤ ਗੋਲਡੀ, ਕੇਵਲ ਕ੍ਰਿਸ਼ਨ ਲੌਂਗੋਵਾਲੀਆ, ਬਨਾਸਰ ਬਾਗ ਦਾ ਦ੍ਰਿਸ਼।

ਕਾਤਰਾਂ

ਜਬਰ ਜ਼ਨਾਹ ਉਪਰੰਤ ਪੀੜਤ ਲੜਕੀ ਨੂੰ ਕੋਠੇ ਤੋਂ ਸੁੱਟਿਆ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮੰਡੀ ਗੋਬਿੰਦਗੜ੍ਹ ਥਾਣੇ ਦੀ ਹੱਦ 'ਚ ਪੈਂਦੇ ਇੱਕ ਪਿੰਡ ਵਿਖੇ ਇੱਕ 19 ਸਾਲਾ ਲੜਕੀ ਦਾ ਬਲਾਤਕਾਰ ਕਰਨ ਉਪਰੰਤ ਪੀੜਤ ਲੜਕੀ ਨੂੰ ਕੋਠੇ ਤੋਂ ਸੁੱਟ ਕੇ ਜ਼ਖਮੀ ਕਰ ਦੇਣ ਦਾ ਮਾਮਲਾ ਸਾਹਮਣੇ ਆਇਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਸਰਕਾਰੀ ਮੈਡੀਕਲ ਕਾਲਜ ਸੈਕਟਰ 32 ਚੰਡੀਗੜ੍ਹ ਵਿਖੇ ਜ਼ੇਰੇ ਇਲਾਜ ਇੱਕ 19 ਸਾਲਾ ਲੜਕੀ ਵੱਲੋਂ ਪੁਲਸ ਨੂੰ ਦਿੱਤੀ ਗਈ ਸ਼ਿਕਾਇਤ 'ਚ ਦੱਸਿਆ ਗਿਆ ਕਿ ਉਹ ਰਾਤ ਸਮੇਂ ਘਰ 'ਚ ਸੁੱਤੀ ਪਈ ਸੀ ਤਾਂ ਕਥਿਤ ਵਿਅਕਤੀ ਗੋਪਾਲ ਤੇ ਉਸ ਦਾ ਸਾਥੀ ਗੌਤਮ ਰਾਤ 12 ਵਜੇ ਦੇ ਕਰੀਬ ਉਸ ਦੇ ਘਰ 'ਚ ਦਾਖਲ ਹੋ ਗਏ, ਜਿਸ ਉਪਰੰਤ ਉਕਤ ਵਿਅਕਤੀ ਪੀੜਤਾ ਨੂੰ ਜ਼ਬਰਦਸਤੀ ਚੁੱਕ ਕੇ ਆਪਣੇ ਘਰ ਲੈ ਗਏ, ਜਿੱਥੇ ਉਕਤ ਵਿਅਕਤੀਆਂ ਵੱਲੋਂ ਪੀੜਤਾ ਦੇ ਮਰਜ਼ੀ ਦੇ ਵਿਰੁੱਧ ਉਸ ਨਾਲ ਬਲਾਤਕਾਰ ਕੀਤਾ ਗਿਆ, ਜਿਸ ਦਾ ਜਦੋਂ ਪੀੜਤਾ ਵੱਲੋਂ ਰੌਲਾ ਪਾ ਕੇ ਵਿਰੋਧ ਕੀਤਾ ਗਿਆ ਤਾਂ ਉਕਤ ਵਿਅਕਤੀਆਂ ਨੇ ਪੀੜਤਾ ਨੂੰ ਧੱਕਾ ਦੇ ਕੇ ਕੋਠੇ ਤੋਂ ਹੇਠਾਂ ਸੁੱਟ ਦਿੱਤਾ, ਜਿਸ ਕਾਰਨ ਉਸ ਦੇ ਸੱਟਾਂ ਲੱਗੀਆਂ। ਮਾਮਲੇ ਸਬੰਧੀ ਸ਼ਿਕਾਇਤ ਮਿਲਣ 'ਤੇ ਥਾਣਾ ਮੰਡੀ ਗੋਬਿੰਦਗੜ੍ਹ ਵਿਖੇ ਗੋਪਾਲ ਤੇ ਗੌਤਮ ਵਿਰੁੱਧ ਅ/ਧ 376-ਡੀ,323 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਵਾਉਂਦਿਆਂ ਮਹਿਲਾ ਥਾਣੇਦਾਰ ਸੁਦੇਸ਼ ਕੁਮਾਰੀ ਵੱਲੋਂ ਮਾਮਲੇ ਦੀ ਤਫਤੀਸ਼ ਸ਼ੁਰੂ ਕਰ ਦਿੱਤੀ ਗਈ ਹੈ।

ਕਰਜ਼ਾਈ ਕਿਸਾਨ ਨੇ ਕੀਤੀ ਖੁਦਕੁਸ਼ੀ



ਮੂਨਕ/ਲਹਿਰਾਗਾਗਾ (ਸਿੰਗਲਾ/ਸ਼ਰਮਾ)-ਵਿਧਾਨ ਸਭਾ ਹਲਕਾ ਲਹਿਰਾ ਦੇ ਪਿੰਡ ਲਹਿਲ ਖੁਰਦ ਦੇ ਕਿਸਾਨ ਲਖਵੀਰ ਸਿੰਘ (40) ਪੁੱਤਰ ਜੋਗਿੰਦਰ ਸਿੰਘ ਨੇ ਕਿਸਾਨੀ ਕਰਜ਼ੇ ਤੋਂ ਤੰਗ ਆ ਕੇ ਬੀਤੀ ਸ਼ਾਮ 4 ਵਜੇ ਦੇ ਕਰੀਬ ਰੇਲ ਗੱਡੀ ਹੇਠ ਆ ਕੇ ਖੁਦਕੁਸ਼ੀ ਕਰ ਲਈ ਹੈ। ਮ੍ਰਿਤਕ ਆਪਣੇ ਪਿੱਛੇ ਦੋ ਛੋਟੇ ਬੱਚੇ, ਪਤਨੀ ਤੇ ਮਾਤਾ-ਪਿਤਾ ਛੱਡ ਗਿਆ ਹੈ। ਲਖਵੀਰ ਸਿੰਘ ਕੋਲ ਜ਼ਮੀਨ ਘੱਟ ਹੋਣ ਕਰਕੇ ਆਰਥਿਕ ਪੱਖੋਂ ਕਮਜ਼ੋਰ ਹੋਣ ਕਰਕੇ ਘਰ ਦਾ ਗੁਜ਼ਾਰਾ ਬਹੁਤ ਮੁਸ਼ਕਲ ਨਾਲ ਚੱਲਦਾ ਸੀ। ਮ੍ਰਿਤਕ ਦੇ ਸਿਰ 4-5 ਲੱਖ ਸਰਕਾਰੀ ਤੇ ਗੈਰ-ਸਰਕਾਰੀ ਕਰਜ਼ਾ ਹੈ। ਰੇਲਵੇ ਪੁਲਸ ਦੇ ਏ ਐੱਸ ਆਈ ਗੇਲਾ ਸਿੰਘ ਵੱਲੋਂ 174 ਦੀ ਕਾਰਵਾਈ ਕਰਕੇ ਲਾਸ਼ ਨੂੰ ਪੋਸਟਮਾਰਟਮ ਕਰਵਾ ਕੇ ਵਾਰਸਾਂ ਹਵਾਲੇ ਕਰ ਦਿੱਤਾ ਗਿਆ ਹੈ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨੇ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਮ੍ਰਿਤਕ ਕਿਸਾਨ ਸਿਰ ਸਾਰੇ ਕਰਜ਼ੇ ਉਤੇ ਲੀਕ ਮਾਰਨ, 10 ਲੱਖ ਮੁਆਵਜ਼ਾ ਤੇ ਪਰਵਾਰ ਦੇ ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਦੀ ਸਰਕਾਰ ਤੋਂ ਮੰਗ ਕੀਤੀ ਹੈ।

ਤਣਾਅ ਪ੍ਰਬੰਧਨ ਵਿਸ਼ੇ 'ਤੇ ਸੈਮੀਨਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਹਾਰਮਨੀ ਆਯੁਰਵੈਦਿਕ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਵਿਹੜੇ ਵਿੱਚ ਦਿਵਯ ਜਯੋਤੀ ਜਾਗਰਣ ਸੰਸਥਾ ਦੀ ਤਰਫੋਂ ਸੰਗਤਾ ਭਾਰਤੀ, ਸਵਾਮੀ ਧੀਰਾਨੰਦ, ਸਵਾਮੀ ਡਾ. ਸਰਵੇਸ਼ਵਰ, ਸਵਾਮੀ ਕੁਲਵੀਰ ਨੰਦ, ਗੁਰਪ੍ਰੀਤ ਅਤੇ ਰਾਮ ਸਵਰੂਪ ਨੇ ਸ਼ਮੂਲੀਅਤ ਕੀਤੀ। ਸਵਾਮੀ ਸਰਵੇਸ਼ਵਰ ਵੱਲੋਂ ਵਿਦਿਆਰਥੀਆਂ ਤੋਂ ਤਣਾਅ ਦੂਰ ਕਰਨ ਲਈ ਤਣਾਅ ਪ੍ਰਬੰਧਨ ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਸਵਾਮੀ ਨੇ ਇੱਕ ਡੈਮੋ ਰਾਹੀਂ ਤਣਾਅ ਨੂੰ ਦੂਰ ਕਰਨ ਦੇ ਤਰੀਕੇ ਨੂੰ ਖੂਬਸੂਰਤੀ ਨਾਲ ਦਰਸਾਇਆ, ਜਿਸ ਦੀ ਬੱਚਿਆਂ ਵੱਲੋਂ ਬਹੁਤ ਸ਼ਲਾਘਾ ਕੀਤੀ ਗਈ।ਕਾਲਜ ਚੇਅਰਮੈਨ ਧਰਮਪਾਲ ਬਾਂਸਲ, ਕਿਰਨ ਬਾਂਸਲ ਅਤੇ ਕਾਲਜ ਦਾ ਸਮੂਹ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।ਕਾਲਜ ਵਿੱਚ ਆਈ ਦਿਵਯ ਜਯੋਤੀ ਜਾਗਰਣ ਸੰਸਥਾ ਦੀ ਟੀਮ ਦਾ ਡਾ. ਪਰਵੀਨ ਗੋਇਲ ਵੱਲੋਂ ਧੰਨਵਾਦ ਕੀਤਾ ਗਿਆ। ਸੈਮੀਨਾਰ ਦੇ ਅੰਤ ਵਿੱਚ ਚੇਅਰਮੈਨ ਧਰਮਪਾਲ ਬਾਂਸਲ ਦਾ ਧੰਨਵਾਦ ਕੀਤਾ ਗਿਆ ਅਤੇ ਬੱਚਿਆਂ ਨੂੰ ਰੀਤੀ ਰਿਵਾਜਾਂ ਤੋਂ ਜਾਣੂ ਹੋਣ ਲਈ ਪ੍ਰੇਰਿਤ ਕੀਤਾ।

ਕਿਸ਼ੋਰ ਸਿੱਖਿਆ ਪ੍ਰੋਗਰਾਮ ਤਹਿਤ ਵਰਕਸ਼ਾਪ ਅੱਜ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਪੰਜਾਬ ਸਟੇਟ ਏਡਜ਼ ਕੰਟਰੋਲ ਸੋਸਾਇਟੀ, ਡਾਇਰੈਕਟਰ ਰਾਜ ਸਿੱਖਿਆ ਅਤੇ ਸਿਖਲਾਈ ਪ੍ਰੀਸ਼ਦ, ਸਹਾਇਕ ਨਿਰਦੇਸ਼ਕ (ਯੁਵਕ ਮਾਮਲੇ) ਦੇ ਦਿਸ਼ਾ ਨਿਰਦੇਸ਼ਾ ਅਨੁਸਾਰ ਕਿਸ਼ੋਰ ਸਿੱਖਿਆ ਪ੍ਰੋਗਰਾਮ ਤਹਿਤ ਇੱਕ ਰੋਜ਼ਾ ਵਰਕਸ਼ਾਪ ਐਡੀਸ਼ਨਲ ਪ੍ਰੋ

2-DEC-PAGE- 3.qxd 12/1/2022 10:35 PM Page 1

ਦਿਹਾਤੀ ਮਜ਼ਦੂਰ ਸਭਾ ਦਾ ਧਰਨਾ ਪੰਜਵੇਂ ਦਿਨ 'ਚ ਦਾਖਲ

ਪੱਟੀ (ਬਲਦੇਵ ਸਿੰਘ ਸੰਧੂ /ਸ਼ਮਸ਼ੇਰ ਸਿੰਘ ਯੋਧਾ) - ਦਿਹਾਤੀ ਮਜ਼ਦੂਰ ਸਭਾ ਦਾ ਧਰਨਾ ਪੰਜਵੇਂ ਦਿਨ ਪਿੰਡ ਚੂਸਲੇਵੜ੍ਹ ਵਿਖੇ ਦਾਖਲ ਹੋਇਆ। ਇਸ ਸਮੇਂ ਮਜ਼ਦੂਰਾਂ ਦੇ ਇੱਕਠ ਨੂੰ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਜਨਰਲ ਸਕੱਤਰ ਗੁਰਨਾਮ ਸਿੰਘ ਦਾਊਦ ਜ਼ਿਲ੍ਹਾ ਸਕੱਤਰ ਚਮਨ ਲਾਲ ਅਤੇ ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ ਭੈਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਗਰੀਬ ਲੋਕਾਂ ਨਾਲ ਚੋਣਾਂ ਦੌਰਾਨ ਕੀਤੇ ਵਾਅਦਿਆਂ ਵਿੱਚੋਂ ਇੱਕ ਵੀ ਵਾਅਦਾ ਪੂਰਾ ਨਹੀਂ ਕੀਤਾ ਜਾ ਰਿਹਾ, ਹੱਕ ਮੰਗਦੇ ਲੋਕਾਂ ਨੂੰ ਡਾਂਗਾਂ ਨਾਲ ਕੁੱਟਿਆ ਜਾ ਰਿਹਾ ਹੈ। ਵੋਟਾਂ ਲੈਣ ਵੇਲੇ ਇਹ ਕਹਿ ਕੇ ਵੋਟਾਂ ਲਈਆਂ ਸਨ ਕਿ ਇਹ ਸਰਕਾਰ ਆਮ ਆਦਮੀ ਦੀ ਹੋਵੇਗੀ, ਕਿਸੇ ਵੀ ਵਰਗ ਨੂੰ ਆਪਣੇ ਹੱਕਾਂ ਲਈ ਧਰਨਾ ਮੁਜ਼ਾਹਰਾ ਨਹੀਂ ਕਰਨਾ ਪਵੇਗਾ। ਲੋਕਾਂ ਨੇ ਇਹਨਾਂ ਲਾਰਿਆਂ 'ਚ ਆ ਕੇ ਵੱਡੀ ਲੀਡ ਨਾਲ ਸਰਕਾਰ ਬਣਾਈ ਪਰ ਹੁਣ ਕੀਤੇ ਵਾਅਦਿਆਂ ਤੋਂ ਇਨਕਾਰ ਕੀਤਾ ਜਾ ਰਿਹਾ ਜੋ ਇਹ ਲੋਕ ਸਹਿਣ ਨਹੀਂ ਕਰਨਗੇ। ਇਹਨਾਂ ਸਾਰੇ ਵਾਅਦਿਆਂ ਨੂੰ ਪੂਰਾ ਕਰਵਾਉਣ ਲਈ 29 ਦਸੰਬਰ ਨੂੰ ਰਈਆ ਵਿਖੇ ਵਿਸ਼ਾਲ ਇਕੱਠ ਕੀਤਾ ਜਾਵੇਗਾ। ਉਸ ਵਿੱਚ ਅਗਲੇ ਸੰਘਰਸ਼ ਦੀ ਰੂਪ ਰੇਖਾ ਤਿਆਰ ਕੀਤੀ ਜਾਵੇਗੀ। ਇਸ ਮੌਕੇ ਜਜਚੰਦ ਸਿੰਘ ਤੂਤ, ਦਿਆਲ ਸਿੰਘ, ਜਸਪਾਲ ਸਿੰਘ ਝਬਾਲ, ਦਿਆਲ ਸਿੰਘ ਲੋਹਕਾ, ਧਰਮ ਸਿੰਘ ਪੱਟੀ, ਲਾਜਰ ਮਸੀਹ, ਜਸਬੀਰ ਸਿੰਘ, ਸਵਿੰਦਰ ਸਿੰਘ ਚੱਕ, ਸੰਤੋਖ ਸਿੰਘ ਮੱਖੀ, ਹਰਜਿੰਦਰ ਚੂੰਘ ਤੋਂ ਇਲਾਵਾ ਹੋਰ ਵੀ ਆਗੂ ਹਾਜ਼ਰ ਸਨ।

ਲਾਰਡ ਕ੍ਰਿਸ਼ਨਾ ਕਾਲਜ 'ਚ ਏਡਜ਼ ਤੋਂ ਬਚਾਅ ਸੰਬੰਧੀ ਸੈਮੀਨਾਰ

ਸੁਲਤਾਨਪੁਰ ਲੋਧੀ, (ਹਨੀ) ਲਾਰਡ ਕ੍ਰਿਸ਼ਨਾ ਕਾਲਜ ਆਫ ਐਜੂਕੇਸ਼ਨ ਸੁਲਤਾਨਪੁਰ ਲੋਧੀ ਵਿਖੇ ਪ੍ਰਿੰਸੀਪਲ ਰੂਬੀ ਭਗਤ ਦੀ ਅਗਵਾਈ ਵਿਚ ਵਿਸ਼ਵ ਏਡਜ਼ ਦਿਵਸ ਮੌਕੇ ਸੈਮੀਨਾਰ ਕਰਵਾਇਆ ਗਿਆ । ਇਸ ਦੌਰਾਨ ਸਿਵਲ ਹਸਪਤਾਲ ਸੁਲਤਾਨਪੁਰ ਲੋਧੀ ਤੋਂ ਡਾ. ਪ੍ਰਤਿਭਾ ਅਤੇ ਉਨ੍ਹਾਂ ਦੀ ਟੀਮ ਨੇ ਏਡਜ਼ ਸਬੰਧੀ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ । ਉਨ੍ਹਾਂ ਇਸ ਬਿਮਾਰੀ ਦੇ ਕਾਰਨ ਅਤੇ ਬਚਾਅ ਸਬੰਧੀ ਵੀ ਵਿਦਿਆਰਥੀਆਂ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ । ਇਸ ਮੌਕੇ ਪ੍ਰੋ. ਸੁੰਮੀ ਧੀਰ, ਪ੍ਰੋ.ਰਮਾ, ਪ੍ਰੋ.ਕੁਲਦੀਪ ਕੌਰ, ਪ੍ਰੋ.ਸਾਹਿਲ, ਪ੍ਰੋ.ਚਰਨਜੀਤ ਕੌਰ, ਪ੍ਰੋ.ਵੀਨਸ, ਪ੍ਰੋ.ਨੀਰੂ ਬਾਲਾ, ਮੈਡਮ ਗੀਟਾ ਰਾਣੀ ਆਦਿ ਸਟਾਫ਼ ਮੈਂਬਰ ਹਾਜਰ ਸਨ ।

ਯੂਥ ਕਲੱਬਾਂ ਨੂੰ ਇਨਾਮ ਲਈ ਅਰਜ਼ੀਆਂ ਦੀ ਮੰਗ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ) : ਯੁਵਾ ਮਾਮਲੇ ਅਤੇ ਖੇਡ ਮੰਤਰਾਲਾ ਭਾਰਤ ਸਰਕਾਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਨਹਿਰੂ ਯੁਵਾ ਕੇਂਦਰ ਅੰਮ੍ਰਿਤਸਰ ਵੱਲੋਂ ਸਾਲ 2022-23 ਲਈ ਸਮਾਜ ਸੇਵਾ ਅਤੇ ਰਾਸ਼ਟਰ ਨਿਰਮਾਣ ਵਿਚ ਵਧੀਆ ਕੰਮ ਕਰਨ ਵਾਲੇ ਯੂਥ ਕਲੱਬਾਂ ਤੋਂ ਆਊਟਸਟੈਂਡਿੰਗ ਯੂਥ ਕਲੱਬ ਐਵਾਰਡ ਲਈ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਜ਼ਿਲ੍ਹਾ ਯੂਥ ਅਫਸਰ ਅਕਾਂਕਸ਼ਾ ਮਹਾਵਰੀਆ ਨੇ ਦੱਸਿਆ ਕਿ ਨਹਿਰੂ ਯੁਵਾ ਕੇਂਦਰ ਵੱਲੋਂ ਹਰ ਸਾਲ ਸਮਾਜ ਸੇਵਾ ਵਿਚ ਵਧ ਚੜ੍ਹ ਕੇ ਹਿੱਸਾ ਪਾਉਣ ਵਾਲੇ ਯੂਥ ਕਲੱਬ ਨੂੰ ਇਨਾਮ ਦਿੱਤਾ ਜਾਂਦਾ ਹੈ। ਯੂਥ ਕਲੱਬ ਰਾਸ਼ਟਰ ਨਿਰਮਾਣ ਅਤੇ ਹੋਰ ਸਮਾਜ ਭਲਾਈ ਅਤੇ ਵਿਕਾਸ ਗਤੀਵਿਧੀਆਂ ਜਿਵੇਂ ਕਿ ਡਿਜੀਟਲ/ਵਿੱਤੀ ਸਾਖਰਤਾ, ਹੁਨਰ ਵਿਕਾਸ ਸਿਖਲਾਈ, ਸਿਹਤ ਜਾਗਰੂਕਤਾ, ਵਾਤਾਵਰਣ ਦੀ ਸੰਭਾਲ, ਰਾਸ਼ਟਰੀ ਏਕਤਾ, ਸਮਾਜਕ ਸਦਭਾਵਨਾ, ਖੇਡਾਂ ਆਦਿ ਦੀ ਸਿਰਜਣਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਇਸ ਸਕੀਮ ਤਹਿਤ ਵੱਧ ਤੋਂ ਵੱਧ ਯੂਥ ਕਲੱਬਾਂ ਨੂੰ ਸਮਾਜ ਭਲਾਈ ਅਤੇ ਰਾਸ਼ਟਰ ਨਿਰਮਾਣ ਦੀਆਂ ਗਤੀਵਿਧੀਆਂ ਲਈ ਅੱਗੇ ਆਉਣ ਲਈ ਵੀ ਉਤਸ਼ਾਹਤ ਕੀਤਾ ਜਾਂਦਾ ਹੈ। ਇਨਾਮ ਲਈ ਯੂਥ ਕਲੱਬ ਵੱਲੋਂ ਇੱਕ ਫਾਰਮ ਜ਼ਿਲ੍ਹਾ ਦਫਤਰ ਤੋਂ ਲੈ ਕੇ ਭਰ ਕੇ ਉਸ ਦੇ ਨਾਲ ਕਲੱਬ ਵੱਲੋਂ 1 ਅਪ੍ਰੈਲ 2021 ਤੋਂ 31 ਮਾਰਚ 2022 ਤੱਕ ਕੀਤੀਆਂ ਸਾਰੀਆਂ ਗਤੀਵਿਧੀਆਂ ਦਾ ਵੇਰਵਾ ਫੋਟੋਆਂ ਸਮੇਤ ਜਮ੍ਹਾਂ ਕਰਵਾਉਣਾ ਪਵੇਗਾ। ਫਾਈਲ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ 10 ਦਸੰਬਰ 2022 ਹੋਵੇਗੀ। ਇਨਾਮ ਲਈ ਅਪਲਾਈ ਕਰਨ ਲਈ ਯੂਥ ਕਲੱਬ ਨਹਿਰੂ ਯੁਵਾ ਕੇਂਦਰ ਅੰਮ੍ਰਿਤਸਰ ਨਾਲ ਸੰਬੰਧਤ ਹੋਣਾ ਚਾਹੀਦਾ ਹੈ ਅਤੇ ਸੋਸਾਇਟੀ ਰੇਜਿਸਟ੍ਰੇਸ਼ਨ ਐਕਟ 1860 ਨਾਲ ਰਜਿਸਟਰਡ ਹੋਣਾ ਜ਼ਰੂਰੀ ਹੈ। ਕਲੱਬ ਦੀ ਆਡਿਟ ਰਿਪੋਰਟ ਹੋਣੀ ਲਾਜ਼ਮੀ ਹੈ। ਪਿਛਲੇ 2 ਸਾਲ ਦੌਰਾਨ ਇਨਾਮ ਜਿੱਤਣ ਵਾਲੇ ਕਲੱਬ ਇਸ ਵਿਚ ਭਾਗ ਨਹੀਂ ਲੈ ਸਕਦੇ। ਇਸ ਸਕੀਮ ਤਹਿਤ ਤਿੰਨ ਪੱਧਰ 'ਤੇ ਇਨਾਮ ਦਿਤੇ ਜਾਂਦੇ ਹਨ। ਜ਼ਿਲ੍ਹਾ ਪੱਧਰ 'ਤੇ ਪਹਿਲਾ ਇਨਾਮ ਜਿੱਤਣ ਵਾਲੇ ਯੂਥ ਕਲੱਬ ਨੂੰ 25000/- ਰੁਪਏ ਨਕਦ ਇਨਾਮ ਦਿੱਤਾ ਜਾਂਦਾ ਹੈ। ਜ਼ਿਲ੍ਹੇ ਪੱਧਰ 'ਤੇ ਪਹਿਲਾ ਇਨਾਮ ਜਿੱਤਣ ਵਾਲੇ ਯੂਥ ਕਲੱਬ ਦੀ ਫਾਈਲ ਰਾਜ ਪੱਧਰ ਲਈ ਭੇਜੀ ਜਾਵੇਗੀ ਜਿਥੇ ਪਹਿਲਾ, ਦੂਜਾ ਅਤੇ ਤੀਜਾ ਇਨਾਮ ਜਿੱਤਣ ਵਾਲੇ ਯੂਥ ਕਲੱਬ ਨੂੰ ਕ੍ਰਮਵਾਰ 75000, 50000, 25000 ਦਾ ਨਕਦ ਇਨਾਮ ਦਿੱਤਾ ਜਾਵੇਗਾ। ਰਾਜ ਪੱਧਰ 'ਤੇ ਪਹਿਲਾ ਇਨਾਮ ਜਿੱਤਣ ਵਾਲੇ ਯੂਥ ਕਲੱਬ ਦੀ ਫਾਈਲ ਰਾਸਟਰੀ ਪੱਧਰ ਲਈ ਭੇਜੀ ਜਾਵੇਗੀ ਅਤੇ ਰਾਸਟਰੀ ਪੱਧਰ ਤੇ ਪਹਿਲਾ, ਦੂਜਾ ਅਤੇ ਤੀਜਾ ਇਨਾਮ ਜਿੱਤਣ ਵਾਲੇ ਯੂਥ ਕਲੱਬ ਨੂੰ ਕ੍ਰਮਵਾਰ 300000, 100000, 50000 ਦਾ ਨਕਦ ਇਨਾਮ ਅਤੇ ਸਰਟੀਫਿਕੇਟ ਦਿੱਤਾ ਜਾਵੇਗਾ। ਵਧੇਰੇ ਵੇਰਵਿਆਂ ਲਈ ਤੁਸੀਂ ਦਫਤਰੀ ਸਮੇਂ ਦੌਰਾਨ ਨਹਿਰੂ ਯੁਵਾ ਕੇਂਦਰ ਅੰਮ੍ਰਿਤਸਰ ਦਫਤਰ, ਪੁਰਾਣਾ ਕਰਮ ਸਿੰਘ ਕੀ ਵਾਰਡ, ਨੇੜੇ ਸਿਵਲ ਲਾਈਨ ਪੁਲਸ ਸਟੇਸ਼ਨ, ਅੰਮ੍ਰਿਤਸਰ ਨਾਲ ਸੰਪਰਕ ਕਰ ਸਕਦੇ ਹੋ।

ਬੰਦ ਪਈ ਸੇਰੋਂ ਦੀ ਪਸ਼ੂ ਮੰਡੀ ਨੂੰ ਭੁੱਲਰ ਨੇ ਕਰਵਾਇਆ ਚਾਲੂ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਕਾਂਗਰਸ ਸਰਕਾਰ ਵੇਲੇ ਦੀ ਬੰਦ ਪਈ ਸੇਰੋਂ ਦੀ ਪਸ਼ੂਆਂ ਦੀ ਮੰਡੀ ਨੂੰ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਚਾਲੂ ਕਰਵਾਇਆ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਸੇਰੋਂ ਮੰਡੀ ਦਾ ਨਿਰੀਖਣ ਕਰਨ ਸਮੇਂ ਆਖਿਆ ਕਿ ਕਾਂਗਰਸ ਸਰਕਾਰ ਸਮੇਂ ਤੋਂ ਪਸ਼ੂਆ ਦੀ ਬੰਦ ਪਈ ਮੰਡੀ ਨੂੰ ਚਾਲੂ ਕਰਵਾਉਣ ਨਾਲ ਪਸ਼ੂ ਪਾਲਕਾਂ ਨੂੰ ਵੱਡਾ ਫਾਇਦਾ ਹੋਵੇਗਾ। ਭੁੱਲਰ ਨੇ ਕਾਂਗਰਸ ਸਰਕਾਰ 'ਤੇ ਵਿਕਾਸ ਨਾ ਕਰਨ ਦੇ ਦੋਸ਼ ਲਗਾਏ। ਉਨ੍ਹਾਂ ਕਾਂਗਰਸ ਨੂੰ ਲੋਕਾਂ ਨੂੰ ਪੰਜ ਸਾਲ ਖੱਜਲ ਖੁਆਰ ਕਰਨ ਅਤੇ ਲੋਕਾਂ 'ਤੇ ਨਾਜਾਇਜ਼ ਪਰਚੇ ਦਰਜ ਕਰਨ ਵਾਲੀ ਸਰਕਾਰ ਦਾ ਖਿਤਾਬ ਦਿੱਤਾ। ਮੰਤਰੀ ਭੁੱਲਰ ਨੇ ਕਿਹਾ ਕਿ ਹੁਣ ਲੋਕਾਂ ਵੱਲੋਂ ਲੋਕਾਂ ਦੇ ਹਿੱਤਾਂ ਲਈ ਚੁਣੀ ਗਈ ਸਰਕਾਰ ਪੰਜਾਬ ਵਿੱਚ ਬਣ ਚੁੱਕੀ ਹੈ। ਲੋਕਾਂ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕੀਤਾ ਜਾ ਰਿਹਾ ਹੈ ਅਤੇ ਲੋਕ ਭਲਾਈ ਸਕੀਮਾਂ ਨੂੰ ਲਾਗੂ ਕਰਵਾਉਣ ਲਈ ਹਰ ਸੰਭਵ ਯਤਨ ਕਰ ਰਹੀ ਹੈ। ਇਸ ਤੋਂ ਇਲਾਵਾ ਗੁਰਵਿੰਦਰ ਸਿੰਘ ਉੱਪਲ ਅਤੇ ਗੁਰਲਾਲ ਸਿੰਘ ਨੇ ਦੱਸਿਆ ਕਿ 1 ਦਸੰਬਰ ਤੋਂ 7 ਦਸੰਬਰ ਤਕ ਪਸ਼ੂਆਂ ਦਾ ਮੇਲਾ ਸੇਰੋਂ ਮੰਡੀ ਵਿੱਚ ਲਗਾਇਆ ਜਾ ਰਿਹਾ ਹੈ। ਇਸ ਦੇ ਮੁੱਖ ਮਹਿਮਾਨ ਭੁੱਲਰ ਹੀ ਹੋਣਗੇ। ਇਸ ਪ੍ਰੋਗਰਾਮ ਦੀ ਅਗਵਾਈ ਡੀਸੀ ਤਰਨਤਾਰਨ ਰਿਸ਼ੀਪਾਲ ਸਿੰਘ ਵੱਲੋਂ ਕੀਤੀ ਜਾਵੇਗੀ। ਉਨ੍ਹਾਂ ਨੇ ਦੱਸਿਆ ਕਿ ਇਸ ਮੇਲੇ ਵਿੱਚ ਦੁਧਾਰੂ ਮੱਝਾਂ, ਗਾਵਾਂ ਅਤੇ ਘੋੜਿਆਂ ਦੀ ਸੇਲ ਤੇ ਪਰਚੇਜ਼ ਕੀਤੀ ਜਾਵੇਗੀ ਅਤੇ ਹੁਣ ਹਰ ਸਾਲ ਮੇਲੇ ਲਗਾਏ ਜਾਣਗੇ। ਇਸ ਮੌਕੇ ਗੁਰਪਿੰਦਰ ਸਿੰਘ ਉਪੱਲ, ਗੁਰਲਾਲ ਸਿੰਘ, ਗੁਰਬਿੰਦਰ ਸਿੰਘ, ਸੁਖਰਾਜ ਸਿੰਘ ਲਾਲੀ, ਜਗਜੀਤ ਸਿੰਘ, ਅੰਗਰੇਜ਼ ਸਿੰਘ, ਸੁਰਿੰਦਰ ਸਿੰਘ ਵਿਰਕ ਅਤੇ ਕੁਲਦੀਪ ਸਿੰਘ ਗਿੱਲ ਆਦਿ ਹਾਜ਼ਰ ਸਨ।

ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਜਥੇ ਦਾ ਸੁਰਸਿੰਘ ਵਿਖੇ ਪਹੁੰਚਣ 'ਤੇ ਭਰਵਾਂ ਸਵਾਗਤ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ) ਦਿਹਾਤੀ ਮਜ਼ਦੂਰ ਸਭਾ ਦਾ ਸੂਬਾਈ ਜਥਾ ਗਦਰੀ ਬਾਬਿਆਂ ਦੇ ਪਿੰਡ ਸੁਰਸਿੰਘ ਵਿਖੇ ਪੁੱਜਣ 'ਤੇ ਭਗਵੰਤ ਸਿੰਘ ਸੁਰਸਿੰਘ ਦੇ ਪਰਿਵਾਰ ਵੱਲੋਂ ਨਿੱਘਾ ਸਵਾਗਤ ਕਰਦਿਆਂ ਚਾਹ ਪਾਣੀ ਦੀ ਸੇਵਾ ਕੀਤੀ ਅਤੇ ਜ਼ੋਰਦਾਰ ਨਾਅਰਿਆਂ ਨਾਲ ਜੀ ਆਇਆਂ ਆਖਿਆ । ਇਸ ਮੌਕੇ ਇਕੱਠੇ ਹੋਏ ਕਿਰਤੀ ਲੋਕਾਂ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਸਕੱਤਰ ਗੁਰਨਾਮ ਸਿੰਘ ਦਾਊਦ, ਸੂਬਾ ਪ੍ਰਧਾਨ ਦਰਸ਼ਨ ਨਾਹਰ, ਜ਼ਿਲ੍ਹਾ ਜਨਰਲ ਸਕੱਤਰ ਚਮਨ ਲਾਲ ਦਰਾਜਕੇ, ਜ਼ਿਲ੍ਹਾ ਪ੍ਰਧਾਨ ਬਲਦੇਵ ਸਿੰਘ ਭੈਲ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਚੋਣਾਂ ਦੌਰਾਨ ਮਜ਼ਦੂਰਾਂ ਨਾਲ ਕੀਤੇ ਵਾਅਦਿਆਂ ਤੋਂ ਭੱਜ ਰਹੀ ਹੈ । ਆਗੂਆਂ ਨੇ ਪੰਜਾਬ ਸਰਕਾਰ ਨੂੰ ਸਖਤ ਸ਼ਬਦਾਂ ਵਿੱਚ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਸਾਡੀਆਂ ਮੰਗਾਂ ਵੱਲ ਧਿਆਨ ਨਾ ਦਿੱਤਾ ਗਿਆ ਤਾਂ ਦਿਹਾਤੀ ਮਜ਼ਦੂਰ ਸਭਾ ਵੱਲੋਂ 29 ਦਸੰਬਰ ਨੂੰ ਰਈਆ ਵਿਖੇ ਮਾਝਾ ਜ਼ੋਨ ਦੀ ਵੱਡੀ ਰੈਲੀ ਕਰਕੇ ਅਗਲੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ । ਇਸ ਮੌਕੇ ਹਰਜਿੰਦਰ ਸਿੰਘ ਚੂੰਘ, ਸਵਿੰਦਰ ਸਿੰਘ ਚੱਕ, ਬਿੱਕਰ ਸਿੰਘ, ਸ਼ਾਮ ਲਾਲ ਭਗਵਾਨਪੁਰਾ ਅਤੇ ਸੰਤੋਖ ਸਿੰਘ ਮੱਖੀ ਆਦਿ ਆਗੂ ਹਾਜ਼ਰ ਸਨ।

ਖਾਲੜਾ ਪੁਲਸ ਨੇ ਵਾਂ ਤਾਰਾ ਸਿੰਘ ਤੋਂ ਪਾਕਿ ਡਰੋਨ ਕੀਤਾ ਬਰਾਮਦ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ) ਥਾਣਾ ਖਾਲੜਾ ਦੀ ਪੁਲਸ ਨੇ ਐੱਸ ਐੱਚ ਓ ਲਖਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਪਿੰਡ ਮਾੜੀ ਕੰਬੋਕੇ ਤੋਂ ਵਾਂ ਤਾਰਾ ਸਿੰਘ ਲਿੰਕ ਰੋਡ ਨਜਦੀਕ ਖੇਤਾਂ ਵਿਚੋਂ ਪਾਕਿਸਤਾਨੀ ਡਰੋਨ ਨੂੰ ਬਰਾਮਦ ਕਰਨ 'ਚ ਵੱਡੀ ਸਫਲਤਾ ਹਾਸਲ ਕੀਤੀ ਹੈ । ਇਸ ਸੰਬੰਧੀ ਪ੍ਰੈੱਸ ਕਾਨਫਰੰਸ ਦੌਰਾਨ ਜਾਣਕਾਰੀ ਦਿੰਦਿਆਂ ਥਾਣਾ ਖਾਲੜਾ ਦੇ ਮੁਖੀ ਲਖਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਪਿੰਡ ਮਾੜੀ ਕੰਬੋਕੇ ਤੋਂ ਵਾਂ ਤਾਰਾ ਸਿੰਘ ਲਿੰਕ ਰੋਡ ਨਜ਼ਦੀਕ ਖੇਤਾਂ ਵਿੱਚੋਂ 30 ਨਵੰਬਰ ਦੀ ਰਾਤ 7.45 ਵਜੇ ਡਰੋਨ ਦੀ ਹੋਈ ਹਲਚਲ ਤੋਂ ਬਾਅਦ ਸਰਚ ਆਪਰੇਸ਼ਨ ਚਲਾਇਆ ਗਿਆ, ਜਿਸ ਵਿੱਚ ਖੇਤਾਂ 'ਚ ਡਿੱਗਾ ਕੁਆਡ ਕੈਪਟਰ ਪਾਕਿ ਡਰੋਨ ਨੂੰ ਪੁਲਸ ਵੱਲੋਂ ਬਰਾਮਦ ਕੀਤਾ ਗਿਆ । ਜ਼ਿਕਰਯੋਗ ਹੈ ਕਿ ਪਾਕਿ ਡਰੋਨ ਵੱਲੋਂ ਭਾਰਤ ਸਰਹੱਦ ਅੰਦਰ ਦਸਤਕ ਦੇਣ ਤੋਂ ਬਾਅਦ ਜਦ ਡਰੋਨ ਵਾਪਸ ਪਰਤ ਰਿਹਾ ਸੀ ਤਾਂ ਖੇਤਾਂ ਵਿਚੋਂ ਲੰਘਦੀਆਂ ਹਾਈਵੋਲਟੇਜ ਤਾਰਾਂ ਨਾਲ ਟਕਰਾਉਣ ਨਾਲ ਪਾਕਿ ਡਰੋਨ ਚੂਰ ਚੂਰ ਹੋ ਗਿਆ । ਜਿਸ ਨੂੰ ਖਾਲੜਾ ਪੁਲਸ ਨੇ ਆਪਣੇ ਕਬਜ਼ੇ ਵਿੱਚ ਲੈ ਕੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ । ਇਥੇ ਇਹ ਵੀ ਦੱਸਣਾ ਬਣਦਾ ਹੈ ਕਿ ਸਾਲ 2022 ਦੇ ਇਸ ਦੌਰ ਵਿੱਚ ਜਨਵਰੀ ਮਹੀਨੇ ਵਿੱਚ ਇੱਕ ਵਾਰ ਦਸਤਕ ਦਿੱਤੀ ਅਤੇ ਇੱਕ ਡਰੋਨ ਬਰਾਮਦ ਕੀਤਾ ਗਿਆ,ਫਰਵਰੀ ਮਹੀਨੇ ਵਿੱਚ ਚਾਰ ਵਾਰ ਦਸਤਕ ਦਿੱਤੀ ਅਤੇ ਇੱਕ ਡਰੋਨ ਬਰਾਮਦ, ਮਾਰਚ ਵਿੱਚ ਦੋ ਵਾਰੀ ਦਸਤਕ ਅਤੇ ਇੱਕ ਡਰੋਨ ਬਰਾਮਦ, ਮਈ ਮਹੀਨੇ ਵਿੱਚ ਦੋ ਵਾਰ ਦਸਤਕ, ਜੂਨ ਮਹੀਨੇ ਵਿੱਚ ਪੰਜ ਵਾਰ ਦਸਤਕ ਦਿੱਤੀ ਗਈ, ਜਦ ਕਿ ਜੁਲਾਈ ਵਿੱਚ ਚਾਰ ਵਾਰ, ਅਗਸਤ ਵਿੱਚ ਤਿੰਨ ਵਾਰ, ਸਤੰਬਰ ਵਿੱਚ ਸੋਲਾਂ ਵਾਰ, ਅਕਤੂਬਰ ਵਿੱਚ ਨੌਂ ਵਾਰ ਅਤੇ ਨਵੰਬਰ ਮਹੀਨੇ ਵਿੱਚ ਅੱਠ ਵਾਰ ਦਸਤਕ ਅਤੇ ਦੋ ਡਰੋਨ ਖੇਮਕਰਨ ਪੁਲਸ ਤੇ ਖਾਲੜਾ ਪੁਲਸ ਵੱਲੋਂ ਬਰਾਮਦ ਕੀਤੇ ਗਏ ਹਨ । ਇਸ ਤਰ੍ਹਾਂ ਭਾਰਤੀ ਖੇਤਰ ਵਿੱਚ ਕੁੱਲ 55 ਵਾਰ ਪਾਕਿ ਡਰੋਨ ਨੇ ਦਸਤਕ ਦਿੱਤੀ ਹੈ , ਜਿਸ ਵਿੱਚ ਜ਼ਿਲ੍ਹਾ ਪੁਲਸ ਅਤੇ ਬੀ ਐੱਸ ਐੱਫ ਵੱਲੋਂ ਪੰਜ ਡਰੋਨਾਂ ਨੂੰ ਹੁਣ ਤੱਕ ਬਰਾਮਦ ਕੀਤਾ ਗਿਆ ਹੈ ।

ਸੰਤ ਬਾਬਾ ਵਿਸਾਖਾ ਸਿੰਘ ਦੀ 65ਵੀਂ ਬਰਸੀ 'ਤੇ ਸਾਲਾਨਾ ਸਮਾਗਮ

ਚੋਹਲਾ ਸਾਹਿਬ (ਰਮਨ ਚੱਡਾ) ਗਦਰੀ ਇਨਕਲਾਬੀ ਸੰਤ ਬਾਬਾ ਵਿਸਾਖਾ ਸਿੰਘ ਦਦੇਹਰ ਸਾਹਿਬ ਵਿਖੇ 65ਵੀਂ ਸਾਲਾਨਾ ਬਰਸੀ ਬੜੀ ਧੂਮਧਾਮ ਤੇ ਸ਼ਰਧਾ ਭਾਵਨਾ ਨਾਲ ਮਿਤੀ 4,5,6 ਦਸੰਬਰ ਨੂੰ ਮਨਾਈ ਜਾ ਰਹੀ ਹੈ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਸਰਬਜੀਤ ਸਿੰਘ ਐਸ ਜੀ ਪੀ ਸੀ ਅਤੇ ਸੁਖਦੇਵ ਸਿੰਘ ਦੱਸਿਆ ਕਿ 4 ਦਸੰਬਰ ਨੂੰ ਸਵੇਰੇ 10 ਵਜੇ ਨਗਰ ਕੀਰਤਨ ਸੰਤ ਬਾਬਾ ਵਿਸਾਖਾ ਸਿੰਘ ਦੇ ਜਨਮ ਅਸਥਾਨ ਤੋਂ ਬੜੀ ਧੂਮਧਾਮ ਨਾਲ ਆਰੰਭ ਹੋਵੇਗਾ ਅਤੇ ਗੁਰਦੁਆਰਾ ਤਪ ਅਸਥਾਨ ਵਿਖੇ ਸਮਾਪਤ ਹੋਵੇਗਾ। 5 ਦਸੰਬਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣਗੇ। ਉਸ ਤੋਂ ਉਪਰੰਤ ਹਜ਼ੂਰੀ ਰਾਗੀ ਸੱਚਖੰਡ ਸ੍ਰੀ

ਨਵਾਂ ਜ਼ਮਾਨਾ
ਸ਼ੁੱਕਰਵਾਰ, 2 ਦਸੰਬਰ 2022

ਚੋਣ ਕਮਿਸ਼ਨ ਦਾ ਲਿਹਾਜ਼ੂ ਰਵੱਈਆ

ਗੁਜਰਾਤ ਵਿਧਾਨ ਸਭਾ ਚੋਣਾਂ ਦੇ ਪਹਿਲੇ ਪੜਾਅ ਵਿੱਚ 89 ਸੀਟਾਂ ਉੱਤੇ ਵੋਟਾਂ ਪੈ ਗਈਆਂ ਹਨ ਤੇ ਬਾਕੀ ਸੀਟਾਂ ਉਤੇ 5 ਦਸੰਬਰ ਨੂੰ ਪੈ ਜਾਣਗੀਆਂ। ਇਨ੍ਹਾਂ ਚੋਣਾਂ ਨੇ ਸਾਬਤ ਕਰ ਦਿੱਤਾ ਹੈ ਕਿ ਦੇਸ਼ ਦਾ ਚੋਣ ਕਮਿਸ਼ਨ ਪੂਰੀ ਤਰ੍ਹਾਂ ਭਾਜਪਾ ਦੀ ਕਠਪੁਤਲੀ ਬਣ ਚੁੱਕਾ ਹੈ। ਚੋਣ ਕਮਿਸ਼ਨ ਦਾ ਭਾਜਪਾ ਵੱਲ ਲਿਹਾਜ਼ੂ ਰਵੱਈਆ ਤਾਂ 2019 ਦੀਆਂ ਲੋਕ ਸਭਾ ਚੋਣਾਂ ਸਮੇਂ ਹੀ ਸਾਹਮਣੇ ਆ ਗਿਆ ਸੀ, ਜਦੋਂ ਉਸ ਵੇਲੇ ਦੇ ਚੋਣ ਕਮਿਸ਼ਨਰ ਅਸ਼ੋਕ ਲਵਾਸਾ ਨੇ ਚੋਣ ਕਮਿਸ਼ਨ ਵੱਲੋਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਮਿਤ ਸ਼ਾਹ ਨੂੰ ਆਦਰਸ਼ ਚੋਣ ਜ਼ਾਬਤੇ ਦੀ ਉਲੰਘਣਾ ਵਿੱਚ ਕਲੀਨ ਚਿੱਟ ਦੇਣ ਦਾ ਵਿਰੋਧ ਕੀਤਾ ਸੀ।

ਗੁਜਰਾਤ ਚੋਣਾਂ ਵਿੱਚ ਵੀ ਉਹ ਕੁਝ ਦੁਹਰਾਇਆ ਗਿਆ ਹੈ। ਸਾਰੀ ਚੋਣ ਪ੍ਰਕ੍ਰਿਆ ਦੌਰਾਨ ਭਾਜਪਾ ਆਗੂ ਫਿਰਕੂ ਕਤਾਰਬੰਦੀ ਨੂੰ ਤੇਜ਼ ਕਰਨ ਲਈ ਅਜਿਹੇ ਬਿਆਨ ਦਿੰਦੇ ਰਹੇ ਹਨ, ਜਿਹੜੇ ਸਿੱਧੇ ਤੌਰ ਉੱਤੇ ਚੋਣ ਜ਼ਾਬਤੇ ਦੀ ਉਲੰਘਣਾ ਹਨ। ਦੇਸ਼ ਦੇ ਕੁਝ ਨਾਮਣੇ ਵਾਲੇ ਨਾਗਰਿਕਾਂ ਤੇ ਮਨੁੱਖੀ ਅਧਿਕਾਰ ਕਾਰਕੁਨਾਂ ਨੇ ਅਮਿਤ ਸ਼ਾਹ ਵੱਲੋਂ ਦਿੱਤੇ ਗਏ ਇੱਕ ਬਿਆਨ ਨੂੰ ਲੈ ਕੇ ਚੋਣ ਕਮਿਸ਼ਨ ਤੱਕ ਪਹੁੰਚ ਕੀਤੀ ਸੀ। ਅਮਿਤ ਸ਼ਾਹ ਨੇ 25 ਨਵੰਬਰ ਨੂੰ ਇੱਕ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਸੀ, "ਗੁਜਰਾਤ ਵਿੱਚ ਕਾਂਗਰਸ ਦੇ ਰਾਜ ਸਮੇਂ ਅਕਸਰ ਫਿਰਕੂ ਦੰਗੇ ਹੁੰਦੇ ਸਨ। ਕਾਂਗਰਸ ਵੱਖ-ਵੱਖ ਫਿਰਕਿਆਂ ਦੇ ਲੋਕਾਂ ਨੂੰ ਇੱਕ-ਦੂਜੇ ਵਿਰੁੱਧ ਉਕਸਾਉਂਦੀ ਸੀ। ਕਾਂਗਰਸ ਨੇ ਅਜਿਹੇ ਦੰਗਿਆਂ ਰਾਹੀਂ ਆਪਣੇ ਵੋਟ ਬੈਂਕ ਨੂੰ ਮਜ਼ਬੂਤ ਕੀਤਾ ਤੇ ਸਮਾਜ ਦੇ ਇੱਕ ਵੱਡੇ ਵਰਗ ਨਾਲ ਅਨਿਆਂ ਕੀਤਾ ਸੀ, ਪ੍ਰੰਤੂ ਅਜਿਹੇ ਤੱਤਾਂ ਨੂੰ 2002 ਵਿੱਚ ਸਬਕ ਸਿਖਾਏ ਜਾਣ ਬਾਅਦ ਉਨ੍ਹਾਂ ਇਹ ਰਾਹ ਛੱਡ ਦਿੱਤਾ ਹੈ। ਇਹ ਲੋਕ 2002 ਤੋਂ 2022 ਤੱਕ ਹਿੰਸਾ ਤੋਂ ਦੂਰ ਰਹੇ। ਭਾਜਪਾ ਨੇ ਸੰਪਰਦਾਇਕ ਹਿੰਸਾ ਵਿੱਚ ਸ਼ਾਮਲ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਕਰਕੇ ਗੁਜਰਾਤ ਵਿੱਚ ਸਥਾਈ ਸ਼ਾਂਤੀ ਕਾਇਮ ਕੀਤੀ ਹੈ।"

ਨਾਮਣੇ ਵਾਲੇ ਨਾਗਰਿਕਾਂ ਵਿੱਚ ਸ਼ਾਮਲ ਭਾਰਤ ਸਰਕਾਰ ਦੇ ਸਾਬਕਾ ਸਕੱਤਰ ਈ ਏ ਐੱਸ ਸ਼ਰਮਾ ਤੇ ਜਗਦੀਪ ਛੋਕਰ ਨੇ 26 ਨਵੰਬਰ ਨੂੰ ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ, ਚੋਣ ਕਮਿਸ਼ਨਰ ਏ ਸੀ ਪਾਂਡੇ ਤੇ ਚੋਣ ਕਮਿਸ਼ਨਰ ਗੋਇਲ ਨੂੰ ਲਿਖੇ ਇੱਕ ਪੱਤਰ ਵਿੱਚ ਇਹ ਮਾਮਲਾ ਉਠਾਇਆ ਸੀ। ਉਨ੍ਹਾਂ ਚੋਣ ਕਮਿਸ਼ਨ ਨੂੰ ਅਪੀਲ ਕੀਤੀ ਸੀ ਕਿ ਉਹ ਇਸ ਤਰ੍ਹਾਂ ਦੇ ਵੰਡ-ਪਾਊ ਬਿਆਨਾਂ ਦੀ ਇਜਾਜ਼ਤ ਨਾ ਦੇਵੇ ਤੇ ਅਮਿਤ ਸ਼ਾਹ ਵੱਲੋਂ ਦਿੱਤੇ ਬਿਆਨ ਬਾਰੇ ਜਾਂਚ ਕਰਾ ਕੇ ਜ਼ਰੂਰੀ ਕਾਰਵਾਈ ਕਰੇ। ਉਨ੍ਹਾਂ ਕਿਹਾ ਕਿ ਅਮਿਤ ਸ਼ਾਹ ਦੇ ਬਿਆਨ ਦਾ ਮਤਲਬ ਹੈ ਕਿ 2002 ਦੇ ਦੰਗਿਆਂ ਦੌਰਾਨ ਇੱਕ ਸਿਆਸੀ ਪਾਰਟੀ ਤੇ ਕੁਝ ਲੋਕਾਂ ਨੇ ਮਿਲ ਕੇ ਕਾਨੂੰਨ ਆਪਣੇ ਹੱਥ ਲਿਆ ਤੇ ਦੂਜੇ ਲੋਕਾਂ ਨੂੰ ਸਬਕ ਸਿਖਾਇਆ ਸੀ।

ਪੱਤਰ ਲਿਖਣ ਵਾਲੇ ਵਿਅਕਤੀਆਂ ਨੇ ਦਾਅਵਾ ਕੀਤਾ ਹੈ ਕਿ ਅਮਿਤ ਸ਼ਾਹ ਦਾ ਇਹ ਬਿਆਨ ਭਾਰਤੀ ਦੰਡਾਵਲੀ ਦੀ ਧਾਰਾ 153-ਏ ਦੀ ਉਲੰਘਣਾ ਹੈ, ਜੋ ਧਰਮ, ਜਾਤ, ਜਨਮ ਅਸਥਾਨ, ਨਿਵਾਸ ਤੇ ਭਾਸ਼ਾ 'ਤੇ ਅਧਾਰਤ ਵੱਖ-ਵੱਖ ਵਰਗਾਂ ਵਿੱਚ ਵੈਰ-ਭਾਵ ਪੈਦਾ ਕਰਦਾ ਹੈ। ਇਸ ਉੱਤੇ ਜਨ-ਪ੍ਰਤੀਨਿਧੀ ਐਕਟ 1951 ਦੀ ਧਾਰਾ 8 ਵੀ ਲਾਗੂ ਹੁੰਦੀ ਹੈ, ਜੋ ਦੋਸ਼ ਸਿੱਧ ਹੋਣ ਉੱਤੇ ਚੁਣੇ ਗਏ ਅਹੁਦੇ ਤੋਂ ਅਯੋਗ ਠਹਿਰਾਉਂਦੀ ਹੈ।

ਯਾਦ ਰਹੇ ਕਿ 2002 ਵਿੱਚ ਗੋਧਰਾ ਵਿੱਚ ਰੇਲ ਗੱਡੀ ਦੇ ਡੱਬੇ ਨੂੰ ਅੱਗ ਲੱਗਣ ਕਾਰਨ 59 ਹਿੰਦੂ ਕਾਰ ਸੇਵਕ ਮਾਰੇ ਗਏ ਸਨ। ਇਸ ਘਟਨਾ ਤੋਂ ਬਾਅਦ ਗੁਜਰਾਤ ਵਿੱਚ ਮੁਸਲਮਾਨਾਂ ਵਿਰੁੱਧ ਵੱਡੇ ਪੱਧਰ ਉੱਤੇ ਦੰਗੇ ਹੋਏ ਸਨ, ਜਿਨ੍ਹਾਂ ਵਿੱਚ ਹਜ਼ਾਰਾਂ ਮੁਸਲਮਾਨ ਮਾਰ ਦਿੱਤੇ ਗਏ ਸਨ। ਅਮਿਤ ਸ਼ਾਹ ਦਾ ਸਬਕ ਸਿਖਾਉਣ ਵਾਲਾ ਬਿਆਨ ਜਿੱਥੇ ਮੁਸਲਮਾਨ ਵਿਰੋਧੀ ਦੰਗਿਆਂ ਨੂੰ ਸਹੀ ਕਰਾਰ ਦਿੰਦਾ ਹੈ, ਉੱਥੇ ਇਹ ਇਕਬਾਲ ਵੀ ਕਰਦਾ ਹੈ ਕਿ ਭਾਜਪਾ ਵਾਲਿਆਂ ਹੀ ਇਹ ਕੁਕਰਮ ਕੀਤਾ ਸੀ।

ਇਸ ਪੱਤਰ ਰਾਹੀਂ ਸ਼ਰਮਾ ਤੇ ਛੋਕਰ ਨੇ ਮੰਗ ਕੀਤੀ ਸੀ ਕਿ ਲੋਕ ਉਮੀਦ ਕਰਦੇ ਹਨ ਕਿ ਚੋਣ ਕਮਿਸ਼ਨ ਬਿਨਾਂ ਕਿਸੇ ਬਾਹਰੀ ਦਬਾਅ ਦੇ ਨਿਰਪੱਖ ਰਹਿਕੇ ਕੰਮ ਕਰੇਗਾ। ਉਨ੍ਹਾਂ ਮੰਗ ਕੀਤੀ ਸੀ ਕਿ ਚੋਣ ਕਮਿਸ਼ਨ ਤੁਰੰਤ ਮੀਟਿੰਗ ਬੁਲਾ ਕੇ ਅਮਿਤ ਸ਼ਾਹ ਤੋਂ ਸਪੱਸ਼ਟੀਕਰਨ ਮੰਗੇ ਤੇ ਦੋਸ਼ੀ ਪਾਏ ਜਾਣ ਉੱਤੇ ਕਾਰਵਾਈ ਕਰੇ। ਚੋਣ ਕਮਿਸ਼ਨ ਨੇ ਕਾਰਵਾਈ ਤਾਂ ਕੀ ਕਰਨੀ ਸੀ, ਸਗੋਂ ਇਸ ਪੱਤਰ ਦਾ ਨੋਟਿਸ ਲੈਣਾ ਵੀ ਜ਼ਰੂਰੀ ਨਹੀਂ ਸਮਝਿਆ। ਚੋਣ ਕਮਿਸ਼ਨ ਦਾ ਇਸ ਤਰ੍ਹਾਂ ਪੱਖਪਾਤੀ ਹੋ ਜਾਣਾ ਸਾਡੇ ਲੋਕਤੰਤਰ ਲਈ ਬੇਹੱਦ ਮੰਦਭਾਗਾ ਹੈ, ਜਿਸ ਵਿਰੁੱਧ ਅਵਾਜ਼ ਉਠਾਉਣੀ ਹਰ ਜਾਗਰੂਕ ਨਾਗਰਿਕ ਦਾ ਫ਼ਰਜ਼ ਹੈ।

-ਚੰਦ ਫਤਿਹਪੁਰੀ

ਮਾਮਲਾ ਮਾਫ਼ੀਆਂ ਦਾ !

ਅਹੁਦੇ ਧਾਰਮਿਕ ਦੇਖ 'ਗੁਲਾਮ' ਹੋਏ,
ਧਰਮੀਂ ਦਿਲਾਂ 'ਚ ਮਚਦੀ ਅੱਗ ਯਾਰੋ।
ਸਿਰੇ 'ਤੇ ਚੁੱਕਿਆ ਕੂੜ ਸਿਆਸਤਾਂ ਨੂੰ,
ਸੱਚ ਧਰਮ ਦੀ ਭੁੱਲ ਗਈ ਪੱਗ ਯਾਰੋ।
ਦੇ ਕੇ ਮਾਫ਼ੀਆਂ ਕਰੀਆਂ ਸੀ ਰੱਦ ਮੁੜ ਕੇ,
ਉਹ ਵੀ ਜਾਣਦਾ ਸਾਰਾ ਹੀ ਜੱਗ ਯਾਰੋ।
ਧਰਮਸ਼ਾਲਾ ਵਿੱਚ ਧਾੜਵੀ ਦੇਖ ਰਹਿੰਦੇ,
ਠਾਕੁਰ ਦੁਆਰੇ ਵਿੱਚ ਵੱਸਦੇ ਠੱਗ ਯਾਰੋ।
ਪੜ੍ਹ ਕੇ ਖ਼ਬਰਾਂ ਅਜੋਕੀਆਂ ਆਉਣ ਚੇਤੇ,
ਬਾਬੇ ਬੁੱਲ੍ਹੇ ਦੀਆਂ ਆਖੀਆਂ ਕਾਫ਼ੀਆਂ ਜੀ।
ਜਿਹਦੀ ਆਸ ਹੀ ਨਹੀਂ ਸੀ ਕਿਸੇ ਨੂੰ ਵੀ,
ਉਹ ਵੀ ਲੈ ਗਏ ਦੇਖ ਲਓ ਮਾਫ਼ੀਆਂ ਜੀ।

-ਤਰਲੋਚਨ ਸਿੰਘ 'ਦੁਪਾਲਪੁਰ', 78146-92724

ਗੁਲਾਮੀ ਤੇ ਨਸਲਵਾਦ ਵਿਰੁੱਧ ਏਕਤਾ ਸਮੇਂ ਦੀ ਲੋੜ

ਕੁਲਦੀਪ ਚੰਦ

ਇਤਿਹਾਸ ਗਵਾਹ ਹੈ ਕਿ ਮਨੁੱਖੀ ਸੱਭਿਅਤਾ ਸ਼ੁਰੂ ਵਿੱਚ ਬਿਲਕੁੱਲ ਅਜ਼ਾਦ ਸੀ, ਪਰੰਤੂ ਹੌਲੀ-ਹੌਲੀ ਸੋਝੀ ਆਉਣ ਨਾਲ ਕੁੱਝ ਲੋਕਾਂ ਨੇ ਬਾਕੀਆਂ ਨੂੰ ਗੁਲਾਮ ਬਣਾਉਣਾ ਸ਼ੁਰੂ ਕਰ ਦਿੱਤਾ। ਦੁਨੀਆ ਵਿੱਚ ਲੱਗਭੱਗ 3000 ਸਾਲ ਪਹਿਲਾਂ ਗੁਲਾਮੀ ਦੀਆਂ ਸ਼ਰਤਾਂ ਤਹਿ ਕੀਤੀਆਂ ਗਈਆਂ ਸਨ, ਜਿਨ੍ਹਾਂ ਅਨੁਸਾਰ ਗੁਲਾਮ ਔਰਤ ਤੋਂ ਪੈਦਾ ਹੋਇਆ ਬੱਚਾ, ਤੋਹਫੇ ਵਿੱਚ ਮਿਲਿਆ ਗੁਲਾਮ ਵਿਅਕਤੀ, ਖ਼ਰੀਦਿਆ ਗਿਆ ਗੁਲਾਮ ਵਿਅਕਤੀ, ਜਿਸ ਵਿਅਕਤੀ ਨੇ ਭੁੱਖ ਤੋਂ ਬਚਣ ਲਈ ਮਜਬੂਰੀਵੱਸ ਗੁਲਾਮੀ ਸਵੀਕਾਰ ਕੀਤੀ ਹੋਵੇ, ਜਿਸ ਵਿਅਕਤੀ ਨੂੰ ਜੰਗ ਵਿੱਚ ਗ੍ਰਿਫ਼ਤਾਰ ਕੀਤਾ ਹੋਵੇ, ਜਿਸ ਵਿਅਕਤੀ ਨੇ ਪੈਸੇ ਲੈ ਕੇ ਗੁਲਾਮੀ ਸਵੀਕਾਰ ਕੀਤੀ ਹੋਵੇ, ਕਿਸੇ ਵਿਸ਼ੇਸ਼ ਜਾਤ, ਨਸਲ ਆਦਿ ਨਾਲ ਸਬੰਧਤ ਵਿਅਕਤੀ ਗੁਲਾਮ ਹੋਵੇਗਾ। ਕਾਨੂੰਨੀ ਤੌਰ 'ਤੇ ਭਾਵੇਂ ਦੁਨੀਆ ਵਿੱਚ ਕਿਤੇ ਵੀ ਗ਼ੁਲਾਮੀ ਨਹੀਂ ਹੈ, ਫਿਰ ਵੀ ਮਨੁੱਖੀ ਤਸਕਰੀ ਇੱਕ ਵਿਸ਼ਵ-ਵਿਆਪੀ ਮੁੱਦਾ ਹੈ। ਸਮੇਂ-ਸਮੇਂ 'ਤੇ ਗੁਲਾਮੀ ਪ੍ਰਥਾ ਨੂੰ ਰੋਕਣ ਲਈ ਆਵਾਜ਼ ਬੁਲੰਦ ਕੀਤੀ ਗਈ ਹੈ ਅਤੇ ਇਸ ਨੂੰ ਖਤਮ ਕਰਨ ਲਈ ਕਾਨੂੰਨ ਬਣਾਏ ਗਏ ਹਨ। ਇਸ ਸਭ ਦੇ ਬਾਵਜੂਦ ਗੁਲਾਮੀ ਪ੍ਰਥਾ ਦਾ ਖਾਤਮਾ ਨਹੀਂ ਹੋ ਰਿਹਾ। ਲਿੰਕਨ ਨੇ 22 ਸਤੰਬਰ 1862 ਨੂੰ ਮੁਢਲੀ ਮੁਕਤੀ ਘੋਸ਼ਣਾ ਜਾਰੀ ਕੀਤੀ ਅਤੇ 1 ਜਨਵਰੀ 1863 ਨੂੰ ਉਸ ਨੇ ਘੋਸ਼ਣਾ ਕੀਤੀ ਕਿ ਕਿਸੇ ਵੀ ਅਮਰੀਕੀ ਰਾਜ ਦੇ ਅੰਦਰ ਜਾਂ ਕਿਸੇ ਹਿੱਸੇ ਦੇ ਗੁਲਾਮ ਹਮੇਸ਼ਾ ਲਈ ਆਜ਼ਾਦ ਹੋਣਗੇ। ਮੁਕਤੀ ਘੋਸ਼ਣਾ ਨੇ ਵਿਦਰੋਹੀ ਰਾਜਾਂ ਵਿੱਚ ਲੱਗਭੱਗ 3 ਮਿਲੀਅਨ ਗ਼ੁਲਾਮ ਵਿਅਕਤੀਆਂ ਨੂੰ ਆਜ਼ਾਦ ਕੀਤਾ। ਸਾਲ 1865 ਤੋਂ ਪਹਿਲਾਂ ਸੰਯੁਕਤ ਰਾਜਾਂ ਦੇ 16 ਗੁਲਾਮ ਰਾਜ ਸਨ ਅਤੇ ਸਿਵਲ ਜੰਗ ਤੋਂ ਬਾਅਦ ਸੰਵਿਧਾਨ ਦੀ 13ਵੀਂ ਸੋਧ ਦੁਆਰਾ ਗੁਲਾਮੀ ਦਾ ਖਾਤਮਾ ਕੀਤਾ ਗਿਆ। 02 ਦਸੰਬਰ 1949 ਨੂੰ ਇਸ ਸੰਬੰਧੀ ਯੂਨਾਈਟਿਡ ਨੇਸ਼ਨਜ਼ ਦੀ ਜਨਰਲ ਅਸੈਂਬਲੀ ਵੱਲੋਂ ਮਤਾ ਨੰਬਰ 317-(4) ਪਾਸ ਕੀਤਾ ਗਿਆ ਸੀ। 02 ਦਸੰਬਰ 1985 ਨੂੰ ਗੁਲਾਮੀ ਨੂੰ ਖਤਮ ਕਰਨ ਲਈ ਕੰਮ ਕਰਨ ਵਾਲੇ ਸਮੂਹ ਨੇ ਯੂਨਾਈਟਿਡ ਨੇਸ਼ਨਜ਼ ਵਿੱਚ ਆਪਣੀ ਰਿਪੋਰਟ ਪੇਸ਼ ਕੀਤੀ ਅਤੇ 02 ਦਸੰਬਰ ਦਾ ਦਿਨ ਵਿਸ਼ਵ ਪੱਧਰ 'ਤੇ ਗੁਲਾਮੀ ਖਾਤਮਾ ਦਿਵਸ ਵਜੋਂ ਮਨਾਉਣ ਲਈ ਸੁਝਾਓ ਦਿੱਤਾ। ਸਾਲ 1995 ਤੋਂ 02 ਦਸੰਬਰ ਦਾ ਦਿਨ ਅੰਤਰਰਾਸ਼ਟਰੀ ਗੁਲਾਮੀ ਪ੍ਰਥਾ ਖਾਤਮਾ ਦਿਵਸ ਵਜੋਂ ਜਾਣਿਆ ਜਾਂਦਾ ਹੈ। 18 ਦਸੰਬਰ 2002 ਨੂੰ ਯੂਨਾਈਟਿਡ ਨੇਸ਼ਨਜ਼ ਦੀ ਜਨਰਲ ਅਸੈਂਬਲੀ ਨੇ ਸਾਲ 2004 ਨੂੰ ਗੁਲਾਮੀ ਵਿਰੋਧੀ ਅਤੇ ਗੁਲਾਮੀ ਖਾਤਮਾ ਵਜੋਂ ਘੋਸ਼ਿਤ ਕੀਤਾ ਸੀ ਅਤੇ ਸਾਲ ਭਰ ਗੁਲਾਮੀ ਨੂੰ ਖਤਮ ਕਰਨ ਲਈ ਕੰਮ ਕੀਤਾ। ਸੁਡਾਨ ਦੀ ਦੂਜੀ ਘਰੇਲੂ ਜੰਗ ਜੋ ਕਿ ਸਾਲ 1983 ਤੋਂ 2005 ਤੱਕ ਚੱਲੀ, ਦੌਰਾਨ ਲੋਕਾਂ ਨੂੰ ਵੇਚ ਦਿੱਤਾ ਗਿਆ। ਪੱਛਮੀ ਅਫ਼ਰੀਕਾ ਵਿੱਚ ਕੋਕੋ ਦੇ ਬਾਗਾਂ 'ਤੇ ਬੱਚਿਆਂ ਦੀ ਤਸਕਰੀ ਅਤੇ ਗੁਲਾਮੀ ਦੇ ਸਬੂਤ ਸਾਲ 1990 ਦੇ ਦਹਾਕੇ ਦੇ ਅਖੀਰ ਵਿੱਚ ਪ੍ਰਗਟ ਹੋਏ। ਪ੍ਰਾਪਤ ਜਾਣਕਾਰੀ ਅਨੁਸਾਰ ਸਲੇਵ ਟਰੇਡ ਨੇ 16ਵੀਂ ਤੋਂ 19ਵੀਂ ਸਦੀ ਤੱਕ ਅੰਧ ਮਹਾਂਸਾਗਰ ਦੇ ਪਾਰ ਅਮਰੀਕਾ ਵਿੱਚ ਲੱਗਭੱਗ 12 ਮਿਲੀਅਨ ਗ਼ੁਲਾਮ ਅਫ਼ਰੀਕੀ ਲੋਕਾਂ ਨੂੰ ਲਿਜਾਇਆ ਗਿਆ। ਪਿਛਲੇ ਕਈ ਸਾਲਾਂ ਵਾਂਗ 02 ਦਸੰਬਰ ਦਾ ਦਿਨ ਅੰਤਰਰਾਸ਼ਟਰੀ ਗੁਲਾਮੀ ਪ੍ਰਥਾ ਖਾਤਮਾ ਦਿਵਸ ਵਜੋਂ ਮਨਾਇਆ ਜਾ ਰਿਹਾ ਹੈ ਅਤੇ ਇਸ ਸਾਲ ਦਾ ਮੁੱਖ ਥੀਮ "ਹਿੰਮਤ ਦੀਆਂ ਕਹਾਣੀਆਂ : ਗੁਲਾਮੀ ਦਾ ਵਿਰੋਧ ਅਤੇ ਨਸਲਵਾਦ ਦੇ ਵਿਰੁੱਧ ਏਕਤਾ" ਹੈ। ਅੱਜ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਸਰਕਾਰੀ ਅਤੇ ਗੈਰ-ਸਰਕਾਰੀ ਸੰਸਥਾਵਾਂ ਵੱਲੋਂ ਗੁਲਾਮੀ ਪ੍ਰਥਾ ਨੂੰ ਖਤਮ ਕਰਨ ਲਈ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਬੇਸ਼ੱਕ ਅਸੀਂ 21ਵੀਂ ਸਦੀ ਵਿੱਚ ਜੀਅ ਰਹੇ ਹਾਂ, ਪ੍ਰੰਤੂ ਗੁਲਾਮੀ ਵਰਗੀ ਪ੍ਰਥਾ ਅਜੇ ਤੱਕ ਵੀ ਕਾਇਮ ਹੈ ਅਤੇ ਵਿਸ਼ਵ ਵਿੱਚ ਅਜੇ ਵੀ ਲੋਕ ਗੁਲਾਮੀ ਵਿੱਚ ਫਸੇ ਹੋਏ ਹਨ ਅਤੇ ਦੁਨੀਆ ਦੇ ਲੱਗਭੱਗ ਅੱਧੇ ਗੁਲਾਮ ਦੁਨੀਆ ਦੇ ਸਭ ਤੋਂ ਵੱਡੇ ਲੋਕਤੰਤਰ ਭਾਰਤ ਦੇਸ਼ ਵਿੱਚ ਰਹਿੰਦੇ ਹਨ। ਅੰਤਰਰਾਸ਼ਟਰੀ ਮਜ਼ਦੂਰ ਸੰਗਠਨ ਅਨੁਸਾਰ ਲੱਗਭੱਗ 40 ਮਿਲੀਅਨ ਵਿਅਕਤੀ ਗੁਲਾਮੀ ਭਰਿਆ ਜੀਵਨ ਜੀਅ ਰਹੇ ਹਨ, ਜਿਵੇਂ ਕਿ ਜ਼ਬਰਦਸਤੀ ਮਜ਼ਦੂਰੀ, ਕਰਜ਼ੇ ਵਿੱਚ ਫਸੇ ਲੋਕ, ਜ਼ਬਰਦਸਤੀ ਵਿਆਹ ਅਤੇ ਮਨੁੱਖੀ ਤਸਕਰੀ ਆਦਿ। ਅੰਦਾਜ਼ਾ ਹੈ ਕਿ ਇਸ ਸਮੇਂ ਦੁਨੀਆ ਭਰ ਵਿੱਚ 21 ਮਿਲੀਅਨ ਜਬਰੀ ਮਜ਼ਦੂਰੀ ਦੇ ਸ਼ਿਕਾਰ ਹਨ। ਮਨੁੱਖੀ ਅਧਿਕਾਰ ਸੰਗਠਨ ਵਾਕ ਫਰੀ ਫਾਊਂਡੇਸ਼ਨ ਵੱਲੋਂ ਵਿਸ਼ਵ ਗੁਲਾਮੀ ਸੂਚਕਾਂਕ ਸਬੰਧੀ ਜਾਰੀ ਕੀਤੀ ਗਈ ਰਿਪੋਰਟ ਅਨੁਸਾਰ ਦੁਨੀਆ ਭਰ ਵਿੱਚ 46 ਮਿਲੀਅਨ ਲੋਕ ਗੁਲਾਮੀ ਭਰਿਆ ਜੀਵਨ ਗੁਜ਼ਾਰ ਰਹੇ ਹਨ। ਇਸ ਰਿਪੋਰਟ ਵਿੱਚ ਵਿਸ਼ਵ ਦੇ 167 ਦੇਸ਼ਾਂ ਵਿੱਚ ਨਾਗਰਿਕ ਪੱਧਰ 'ਤੇ ਸਰਵੇਖਣ ਅਤੇ ਖੋਜ ਕੀਤੀ ਗਈ ਹੈ, ਜਿਸ ਅਨੁਸਾਰ ਭਾਰਤ ਗੁਲਾਮੀ ਦੇ ਮਾਮਲੇ ਵਿੱਚ ਪਹਿਲੇ ਸਥਾਨ 'ਤੇ ਹੈ ਅਤੇ ਇੱਥੇ ਲੱਗਭੱਗ 18.4 ਮਿਲੀਅਨ ਵਿਅਕਤੀ, ਜਦਕਿ ਚੀਨ ਦੂਸਰੇ ਸਥਾਨ 'ਤੇ ਜਿੱਥੇ 3.4 ਮਿਲੀਅਨ ਵਿਅਕਤੀ ਅਤੇ ਪਾਕਿਸਤਾਨ ਤੀਸਰੇ ਸਥਾਨ 'ਤੇ ਹੈ, ਜਿੱਥੇ 2.1 ਮਿਲੀਅਨ ਵਿਅਕਤੀ ਗੁਲਾਮੀ ਵਿੱਚ ਫਸੇ ਹੋਏ ਹਨ। ਬੰਗਲਾਦੇਸ਼ ਵਿੱਚ 1.5 ਮਿਲੀਅਨ ਵਿਅਕਤੀ, ਉਜ਼ਬੇਕਿਸਤਾਨ ਵਿੱਚ 1.2 ਮਿਲੀਅਨ ਵਿਅਕਤੀ, ਉੱਤਰੀ ਕੋਰੀਆ ਵਿੱਚ 1.1 ਮਿਲੀਅਨ ਵਿਅਕਤੀ ਗੁਲਾਮੀ ਵਿੱਚ ਰਹਿ ਰਹੇ ਹਨ। ਇਨ੍ਹਾਂ ਤੋਂ ਇਲਾਵਾ ਨਾਈਜੀਰੀਆ, ਇੰਡੋਨੇਸ਼ੀਆ, ਇਰਾਨ, ਮੀਆਂਮਾਰ, ਤੁਰਕੀ ਆਦਿ ਵਿੱਚ ਵੀ ਕਾਫੀ ਲੋਕ ਗੁਲਾਮੀ ਭਰਿਆ ਜੀਵਨ ਜੀਅ ਰਹੇ ਹਨ। ਇਸ ਰਿਪੋਰਟ ਵਿੱਚ ਗੁਲਾਮੀ ਨੂੰ ਆਧੁਨਿਕ ਅਰਥਾਂ ਵਿੱਚ ਦੱਸਿਆ ਗਿਆ ਹੈ, ਨਾ ਕਿ ਪਰੰਪਰਿਕ ਅਰਥਾਂ ਵਿੱਚ ਜਿੱਥੇ ਸਿਰਫ ਉਹਨਾਂ ਲੋਕਾਂ ਨੂੰ ਹੀ ਗੁਲਾਮ ਮੰਨਿਆ ਜਾਂਦਾ ਸੀ, ਜੋ ਕਿਸੇ ਦੀ ਕੈਦ ਵਿੱਚ ਰਹਿੰਦੇ ਸੀ। ਅੰਤਰਰਾਸ਼ਟਰੀ ਮਜ਼ਦੂਰ ਸੰਗਠਨ ਦੇ ਅੰਕੜਿਆਂ ਅਨੁਸਾਰ ਹੀ ਤਕਰੀਬਨ 2 ਕਰੋੜ ਲੋਕਾਂ ਤੋਂ ਜ਼ਬਰਦਸਤੀ ਮਜ਼ਦੂਰੀ ਕਰਵਾਈ ਜਾ ਰਹੀ ਹੈ ਅਤੇ ਹਰ ਦੇਸ਼ ਵਿੱਚ ਗੁਲਾਮੀ ਨਾਲ ਜੁੜੀਆਂ ਸਮੱਸਿਆਵਾਂ ਹਨ। ਇਸ ਰਿਪੋਰਟ ਅਨੁਸਾਰ ਏਸ਼ੀਆ ਅਤੇ ਅਫਰੀਕਾ ਵਿੱਚ ਗੁਲਾਮੀ ਨੂੰ ਖਤਮ ਕਰਨ ਦੀ ਚੁਣੌਤੀ ਸਭ ਤੋਂ ਵੱਡੀ ਹੈ। ਭਾਰਤ ਦੀ ਇਸ ਮਾੜੀ ਹਾਲਤ ਲਈ ਦੇਸ਼ ਵਿੱਚ ਨਾਗਰਿਕਾਂ ਦੇ ਖਰਾਬ ਹਾਲਾਤ ਜ਼ਿੰਮੇਵਾਰ ਹਨ। ਸਰਕਾਰ ਦੁਆਰਾ ਲੋਕਾਂ ਨੂੰ ਮੁਢਲੀਆਂ ਸੁਵਿਧਾਵਾਂ ਦੇਣ ਪ੍ਰਤੀ ਲਾਪਰਵਾਹੀ ਵਰਤੀ ਜਾ ਰਹੀ ਹੈ। ਭਾਰਤ ਵਿੱਚ ਸਿੱਖਿਆ ਅਤੇ ਸਿਹਤ ਸਹੂਲਤਾਂ ਵਰਗੀਆਂ ਮੁਢਲੀਆਂ ਸੁਵਿਧਾਵਾਂ ਵੀ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਹੋ ਰਹੀਆਂ ਹਨ। ਹਰ ਪੱਧਰ 'ਤੇ ਭ੍ਰਿਸ਼ਟਾਚਾਰ ਫੈਲਿਆ ਹੋਇਆ ਹੈ, ਜਿਸ ਕਾਰਨ ਸਰਕਾਰੀ ਸੁਵਿਧਾਵਾਂ ਦਾ ਲਾਭ ਵੀ ਅਕਸਰ ਆਮ ਲੋਕਾਂ ਤੱਕ ਨਹੀਂ ਪਹੁੰਚਦਾ। ਸੰਯੁਕਤ ਰਾਸ਼ਟਰ ਵਿਕਾਸ ਪ੍ਰੋਗਰਾਮ ਨੇ ਆਪਣੀ ਮਾਨਵ ਵਿਕਾਸ ਰਿਪੋਰਟ ਵਿੱਚ ਭਾਰਤ ਨੂੰ ਦੁਨੀਆ ਦੇ 189 ਦੇਸ਼ਾਂ ਵਿੱਚ 130ਵੇਂ ਸਥਾਨ 'ਤੇ ਰੱਖਿ

2-DEC-PAGE-5.qxd 12/1/2022 10:21 PM Page 1

ਚੋਰਾਂ ਨੇ 5 ਦਿਨਾਂ 'ਚ 3 ਦੁਕਾਨਾਂ ਲੁੱਟੀਆਂ, ਪੁਲਸ ਨੇ ਵੱਟੀ ਚੁੱਪੀ

ਦੁਕਾਨਦਾਰਾਂ ਨੇ ਵਾਪਰੀਆਂ ਘਟਨਾਵਾਂ ਤੇ ਪੁਲਸ ਦੀ ਢਿੱਲੀ ਕਾਰਗੁਜ਼ਾਰੀ ਸੰਬੰਧੀ ਜਿਤਾਇਆ ਰੋਸ

ਮਾਨਸਾ (ਗੀਤਵਾਲ)-ਜ਼ਿਲ੍ਹੇ ਦੇ ਪਿੰਡ ਅਕਲੀਆ ਅੰਦਰ ਚੋਰਾਂ ਨੇ 5 ਦਿਨਾਂ ਵਿੱਚ 3 ਦੁਕਾਨਾਂ ਵਿੱਚ ਚੋਰੀ ਕਰਨ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੱਤਾ ਹੈ, ਜਿਸ ਵਿੱਚੋਂ 2 ਟੈਲੀਕਾਮ ਤੇ 1 ਕੱਪੜਾ ਦੁਕਾਨ ਨੂੰ ਨਿਸ਼ਾਨਾ ਬਣਾਇਆ ਗਿਆ ਹੈ। ਪੁਲਸ ਵੱਲੋਂ ਹਾਲੇ ਤੱਕ ਇਨ੍ਹਾਂ ਚੋਰਾਂ ਦਾ ਕੋਈ ਵੀ ਸੁਰਾਖ ਨਹੀਂ ਲੱਭਿਆ ਜਾ ਸਕਿਆ। ਦੁਕਾਨਦਾਰਾਂ ਵਿੱਚ ਇਸ ਨੂੰ ਲੈ ਕੇ ਰੋਸ ਪਾਇਆ ਜਾ ਰਿਹਾ ਹੈ। ਚੋਰਾਂ ਨੇ ਪਿੰਡ ਅਕਲੀਆ ਦੇ ਬੱਸ ਅੱਡੇ ਤੇ ਰਾਤ ਵੇਲੇ ਸਿੱਧੂ ਟੈਲੀਕਾਮ ਦੁਕਾਨ ਦੇ ਜਿੰਦਰੇ ਤੋੜ ਕੇ ਨਵੇਂ ਅਤੇ ਪੁਰਾਣੇ ਮੋਬਾਇਲ ਫੋਨ ਅਤੇ ਹੋਰ ਸਾਮਾਨ ਚੋਰੀ ਕੀਤਾ ਹੈ। ਦੁਕਾਨ ਦੇ ਮਾਲਕ ਪਰਮਜੀਤ ਸਿੰਘ ਨੇ ਦੱਸਿਆ ਕਿ ਇਨ੍ਹਾਂ ਦੇ ਦੁਕਾਨ ਦੇ ਜਿੰਦਰੇ ਤੋੜ ਕੇ ਇਹ ਘਟਨਾ ਵਾਪਰੀ ਹੈ, ਜਿਸ ਵਿੱਚ ਉਨ੍ਹਾਂ ਦਾ 30-35 ਹਜ਼ਾਰ ਰੁਪਏ ਦਾ ਮੋਬਾਇਲ ਫੋਨਾਂ ਦਾ ਨੁਕਸਾਨ ਹੋਇਆ ਹੈ। ਇਸ ਤਰ੍ਹਾਂ ਹੀ ਉਸ ਦੇ ਸਾਹਮਣੇ ਵਾਲੀ ਗਿੱਲ ਰੇਡੀਮੇਡ ਦੁਕਾਨ ਤੇ ਚੋਰਾਂ ਨੇ ਪਾੜ ਲਗਾ ਕੇ ਕੱਪੜੇ ਚੋਰੀ ਕਰ ਲਏ ਹਨ। ਦੁਕਾਨ ਮਾਲਕ ਕੁਲਵੰਤ ਸਿੰਘ ਨੇ ਦੱਸਿਆ ਜਿਸ ਵਿੱਚ ਉਨ੍ਹਾਂ ਦਾ ਕਰੀਬ 30 ਹਜ਼ਾਰ ਰੁਪਏ ਦਾ ਨੁਕਸਾਨ ਹੋਇਆ ਹੈ। ਚੋਰਾਂ ਦਾ ਕੋਈ ਵੀ ਪਤਾ ਨਹੀਂ ਲੱਗ ਸਕਿਆ, ਜਿਨ੍ਹਾਂ 2 ਦੁਕਾਨਾਂ ਤੇ ਚੋਰੀ ਦੀਆਂ ਘਟਨਾਵਾਂ ਨੂੰ ਅੰਜਾਮ ਦੇਣ ਤੋਂ ਬਾਅਦ ਚੋਰਾਂ ਨੇ 5ਵੇਂ ਦਿਨ ਪਿੰਡ ਦੇ ਬੱਸ ਅੱਡੇ ਤੇ ਬੱਬੂ ਟੈਲੀਕਾਮ ਦੁਕਾਨ ਤੇ ਵੀ ਪਾੜ ਲਗਾ ਕੇ ਸਵਾ ਲੱਖ ਰੁਪਏ ਦੇ ਨਵੇਂ ਅਤੇ ਪੁਰਾਣੇ ਮੋਬਾਇਲ ਫੋਨ ਚੋਰੀ ਕਰ ਲਏ। ਦੁਕਾਨ ਮਾਲਕ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਪੁਰਾਣੇ ਮੋਬਾਇਲ ਲੋਕਾਂ ਦੇ ਰਿਪੇਅਰ ਕਰਨ ਲਈ ਆਏ ਹਨ।

ਉਕਤ ਦੁਕਾਨਦਾਰਾਂ ਨੇ ਚਿੰਤਾ ਪ੍ਰਗਟਾਈ ਕਿ 5 ਦਿਨਾਂ ਦੇ ਅੰਦਰ 3 ਦੁਕਾਨਾਂ ਨੂੰ ਚੋਰਾਂ ਵੱਲੋਂ ਨਿਸ਼ਾਨਾ ਬਣਾਇਆ ਗਿਆ, ਪਰ ਪੁਲਸ ਇਸ ਤੇ ਕੁਝ ਵੀ ਨਹੀਂ ਕਰ ਰਹੀ। ਉਨ੍ਹਾਂ ਨੇ ਪੁਲਸ ਨੂੰ ਇਸ ਸੰਬੰਧੀ ਸੂਚਿਤ ਕਰ ਦਿੱਤਾ ਹੈ ਪਰ ਹਾਲੇ ਤੱਕ ਚੋਰਾਂ ਦਾ ਕੋਈ ਵੀ ਸੁਰਾਖ ਨਹੀਂ ਮਿਲ ਸਕਿਆ। ਉਨ੍ਹਾਂ ਕਿਹਾ ਕਿ ਚੋਰਾਂ ਦੇ ਹੌਸਲੇ ਬੁਲੰਦ ਹਨ। ਉਹ ਲਗਾਤਾਰ ਚੋਰੀ ਦੀਆਂ ਘਟਨਾਵਾਂ ਨੂੰ ਅੰਜਾਮ ਦੇ ਰਹੇ ਹਨ, ਪਰ ਪੁਲਸ ਇਸ ਤੇ ਸੁੱਤੀ ਪਈ ਹੈ। ਉਨ੍ਹਾਂ ਕਿਹਾ ਕਿ ਦੁਕਾਨਦਾਰ ਹੁਣ ਆਪਣੀਆਂ ਦੁਕਾਨਾਂ ਵਿੱਚ ਰਾਤ ਵੇਲੇ ਵੀ ਸਾਮਾਨ ਛੱਡ ਕੇ ਨਹੀਂ ਜਾ ਸਕਦੇ। ਕਿਸੇ ਵੇਲੇ ਵੀ ਚੋਰੀ ਆਦਿ ਦੀ ਘਟਨਾ ਵਾਪਰ ਸਕਦੀ ਹੈ। ਉਨ੍ਹਾਂ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਰਾਤ ਵੇਲੇ ਪਿੰਡ ਅਕਲੀਆ ਦੇ ਬੱਸ ਅੱਡਾ ਏਰੀਆ ਵਿੱਚ ਚੌਕਸੀ ਵਧਾਈ ਜਾਵੇ ਤਾਂ ਜੋ ਅਜਿਹੀਆਂ ਵਾਰਦਾਤਾਂ ਨੂੰ ਲੈ ਕੇ ਲੋਕਾਂ ਵਿੱਚ ਡਰ ਤੇ ਸਹਿਮ ਪੈਦਾ ਨਾ ਹੋਵੇ। ਕਿਤੇ ਲੋਕਾਂ ਦੇ ਛੋਟੇ-ਮੋਟੇ ਕੰਮ ਧੰਦੇ ਵੀ ਨਿਸ਼ਾਨੇ ਨਾ ਬਣ ਸਕਣ। ਜਦ ਇਸ ਮਾਮਲੇ ਸਬੰਧੀ ਥਾਣਾ ਮੁਖੀ ਜੋਗਾ ਸੁਖਜਿੰਦਰ ਸਿੰਘ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਕਿਹਾ ਉਹ ਅੱਜ ਹੀ ਛੁੱਟੀ ਤੋਂ ਬਾਅਦ ਡਿਊਟੀ ਤੇ ਆਏ ਹਨ, ਸਾਰੇ ਮਾਮਲੇ ਸਬੰਧੀ ਜਾਣਕਾਰੀ ਹਾਸਲ ਕਰਕੇ ਅਗਲੀ ਕਾਰਵਾਈ ਜਲਦ ਸ਼ੁਰੂ ਕਰ ਦਿੱਤੀ ਜਾਵੇਗੀ।

ਗੰਨਾ ਕਾਸ਼ਤਕਾਰਾਂ ਵੱਲੋਂ ਮੁੱਖ ਮੰਤਰੀ ਦੇ ਦਫਤਰ ਅੱਗੇ ਧਰਨਾ, ਬਕਾਇਆ ਰਾਸ਼ੀ ਜਾਰੀ ਕਰਨ ਦੀ ਮੰਗ

ਧੂਰੀ (ਰਾਜੇਸਵਰ ਪਿੰਟੂ/ਬਿੰਨੀ ਗਰਗ)-ਗੰਨਾ ਸੰਘਰਸ਼ ਕਮੇਟੀ ਤਰਫੋਂ ਸੂਗਰ ਮਿੱਲ ਧੂਰੀ ਵੱਲ ਰਹਿੰਦੀ ਕਿਸਾਨਾਂ ਦੀ ਵਕਾਇਆ ਰਾਸ਼ੀ ਨੂੰ ਫੌਰੀ ਜਾਰੀ ਕਰਨ ਦੀ ਮੰਗ ਨੂੰ ਲੈ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਧੂਰੀ ਦਫਤਰ ਅੱਗੇ ਗੰਨਾ ਸੰਘਰਸ਼ ਕਮੇਟੀ ਦੇ ਪ੍ਰਧਾਨ ਹਰਜੀਤ ਸਿੰਘ ਬੁਗਰਾ ਦੀ ਅਗਵਾਈ ਹੇਠ ਧਰਨਾ ਲਾਇਆ ਗਿਆ। ਧਰਨੇ ਨੂੰ ਸੰਬੋਧਨ ਕਰਦਿਆਂ ਹਰਜੀਤ ਸਿੰਘ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਸੂਗਰ ਮਿੱਲਾਂ ਨੂੰ ਚਲਾਉਣ ਦਾ ਐਲਾਨ ਕਰ ਰਹੀ ਹੈ, ਪਰ ਦੂਸਰੇ ਪਾਸੇ ਕਿਸਾਨਾਂ ਦੀ ਗੰਨੇ ਦੀ ਰਹਿੰਦੀ ਬਕਾਇਆ ਰਾਸ਼ੀ ਜਾਰੀ ਨਹੀਂ ਕਰਵਾ ਰਹੀ, ਜਿਸ ਕਾਰਨ ਕਿਸਾਨ ਆਰਥਿਕ ਤੌਰ 'ਤੇ ਕਮਜ਼ੋਰ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਕਿਸਾਨਾਂ ਦੀ ਵਕਾਇਆ ਰਾਸ਼ੀ ਫੌਰੀ ਜਾਰੀ ਨਾ ਕਰਵਾਈ ਤਾਂ ਉਹ ਆਪਣੇ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਮਜਬੂਰ ਹੋਣਗੇ। ਇਸ ਲੱਗੇ ਧਰਨੇ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਪ੍ਰੋ. ਓਂਕਾਰ ਸਿੰਘ ਸਿੱਧੂ ਤੇ ਧੂਰੀ ਦੇ ਐੱਸ.ਡੀ.ਐੱਮ. ਅਮਿੱਤ ਕੁਮਾਰ ਗੁਪਤਾ ਦੇ ਦਿੱਤੇ ਭਰੋਸੇ ਤੋਂ ਬਾਅਦ ਕਿਸਾਨਾਂ ਨੇ ਅਪਣਾ ਧਰਨਾ ਸਮਾਪਤ ਕੀਤਾ।

ਇਸ ਮੌਕੇ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਕਿਹਾ ਕਿ ਉਹ ਫੋਰੀ ਮਿੱਲ ਮਾਲਕਾਂ ਨਾਲ ਗੱਲਬਾਤ ਕਰਕੇ ਕਿਸਾਨਾਂ ਦੀ ਵਕਾਇਆ ਰਾਸ਼ੀ ਉਨ੍ਹਾਂ ਦੇ ਖਾਤਿਆਂ ਵਿੱਚ ਪਵਾਉਣ ਦੇ ਯਤਨ ਕਰਨਗੇ। ਇਸ ਮੌਕੇ ਕੁਲਦੀਪ ਸਿੰਘ ਤਹਿਸੀਲਦਾਰ, ਡੀ ਐੱਸ ਪੀ ਯੋਗੇਸ਼ ਸ਼ਰਮਾ ਤੋਂ ਇਲਾਵਾ ਕਿਸਾਨ ਆਗੂ ਪ੍ਰੇਮਜੀਤ ਸਿੰਘ ਭੋਜੋਵਾਲੀ, ਸੁਖਵੰਤ ਸੰਧੂ ਚੌਂਦਾ, ਦਲਜੀਤ ਕਹੇਰੂ, ਭਵਨ ਕਹੇਰੂ, ਯੋਧਾ ਬੱਬਨਪੁਰ ਸਮੇਤ ਹੋਰ ਵੀ ਹਾਜ਼ਰ ਸਨ।

ਕਾਮਰੇਡ ਭਗਵਾਨ ਸਿੰਘ ਅਣਖੀ ਦੀ ਬਰਸੀ ਸੰਬੰਧੀ ਏਟਕ ਵੱਲੋਂ ਤਿਆਰੀਆਂ ਸ਼ੁਰੂ

ਰਾਜਪੁਰਾ (ਰਮੇਸ਼ ਕਟਾਰੀਆ)-ਸਥਾਨਕ ਡਵੀਜ਼ਨ ਵਿਖੇ ਸਰਕਲ ਪੱਧਰੀ ਮੀਟਿੰਗ ਡਵੀਜ਼ਨ ਰਾਜਪੁਰਾ ਦੇ ਪ੍ਰਧਾਨ ਸਾਥੀ ਕੁਲਦੀਪ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਕਾਮਰੇਡ ਭਗਵਾਨ ਸਿੰਘ ਅਣਖੀ ਦੀ 31ਵੀਂ ਬਰਸੀ ਦੀਆਂ ਤਿਆਰੀਆਂ ਲਈ ਨਵੇਂ ਚੁਣੇ ਗਏ ਸੂਬਾ ਵਿੱਤ ਸਕੱਤਰ ਸਾਥੀ ਬਲਜੀਤ ਕੁਮਾਰ ਤੇ ਜ਼ੋਨ ਕਨਵੀਨਰ ਦੀ ਅਗਵਾਈ ਵਿੱਚ ਕਮੇਟੀ ਗਠਿਤ ਕੀਤੀ ਗਈ, ਕਿਉਂਕਿ ਇਹ ਸੇਵਾ ਦਾ ਮੌਕਾ ਸਰਕਲ ਪਟਿਆਲਾ ਦੇ ਹਿੱਸੇ ਲੰਗਰ ਪਾਣੀ ਚਾਹ ਦਾ ਪ੍ਰਬੰਧ ਕਰਨ ਦੀ ਜ਼ਿੰਮੇਵਾਰੀ ਆਉਂਦੀ ਹੈ। ਇਸ ਦਿਨ ਬਾਹਰ ਤੋਂ ਆਏ ਹਜ਼ਾਰਾਂ ਸਾਥੀਆਂ ਲਈ ਲੰਗਰ ਦਾ ਪ੍ਰਬੰਧ ਰਾਜਪੁਰਾ ਡਵੀਜ਼ਨ, ਚਾਹ ਦਾ ਪ੍ਰਬੰਧ ਸਮਾਣਾ ਡਵੀਜ਼ਨ ਤੇ ਪਾਣੀ ਦਾ ਪ੍ਰਬੰਧ ਨਾਭਾ ਡਵੀਜ਼ਨ ਅਤੇ ਲੋਕਲ ਡਵੀਜ਼ਨਾਂ ਦੇ ਹਿੱਸੇ ਵਿੱਚ ਸੇਵਾ ਆਉਂਦੀ ਹੈ। ਬਰਸੀ ਤੋਂ ਚਾਰ-ਪੰਜ ਦਿਨ ਪਹਿਲਾਂ ਹੀ ਸਜਾਵਟ ਜਿਵੇਂ ਕਿ ਬੱਸ ਸਟੈਂਡ ਹੈੱਡ ਆਫਿਸ ਤੇ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਤੋਂ ਲੈ ਕੇ ਅਣਖੀ ਭਵਨ ਤੱਕ ਝੰਡੀਆਂ ਤੇ ਬੈਨਰ ਅਤੇ ਮਾਟੋ ਲਗਾ ਕੇ ਆਖਰੀ ਦਿਨ ਤੱਕ ਪੰਡਾਲ ਨੂੰ ਸਜਾਇਆ ਜਾਂਦਾ ਹੈ ਕਿ ਬਾਹਰ ਤੋਂ ਆਈ ਕੇਂਦਰੀ ਏਟਕ ਪੰਜਾਬ ਤੇ ਭਰਾਤਰੀ ਜਥੇਬੰਦੀਆਂ ਦੀ ਲੀਡਰਸ਼ਿਪ ਆਪਣੇ ਵਿੱਛੜੇ ਆਗੂਆਂ ਦੇ ਪਾਏ ਪੂਰਨਿਆਂ 'ਤੇ ਚੱਲਣ ਦੀ ਤੇ ਸਾਥੀਆਂ ਨੇ ਜਥੇਬੰਦੀ ਵਿੱਚ ਕਿਸ ਔਖੇ ਸਮੇਂ ਵਿੱਚ ਕੰਮ ਕੀਤਾ ਹੈ, ਉਨ੍ਹਾਂ ਦੀ ਜੀਵਨੀ ਬਾਰੇ ਚਾਨਣਾ ਪਾਉਂਦੇ ਹਨ। ਇਸ ਮੀਟਿੰਗ 'ਚ ਰਾਜਪੁਰਾ ਡਵੀਜ਼ਨ ਦੇ ਸਾਥੀਆਂ ਨੇ ਐਫੀ ਦੇ ਆਗੂ ਸਾਥੀ ਹਰਭਜਨ ਸਿੰਘ ਪਿਲਖਣੀ ਨੂੰ ਪਿਛਲੇ ਸਮੇਂ ਕੀਤੇ ਮੁਲਾਜ਼ਮਾਂ ਦੇ ਕੰਮਾਂ 'ਤੇ ਸੰਤੁਸ਼ਟੀ ਪ੍ਰਗਟਾਉਂਦੇ ਹੋਏ ਨਵੇਂ ਚੁਣੇ ਗਏ ਪੰਜਾਬ ਦੇ ਵਿੱਤ ਸਕੱਤਰ ਸਾਥੀ ਬਲਜੀਤ ਕੁਮਾਰ, ਜ਼ੋਨ ਕਨਵੀਨਰ ਸਾਥੀ ਗੁਰਦਿਆਲ ਸਿੰਘ ਬੱਬੂ, ਜ਼ੋਨ ਆਗੂ ਸਾਥੀ ਕੁਲਦੀਪ ਕੁਮਾਰ ਨੂੰ ਸ਼ਾਨਦਾਰ ਸਨਮਾਨ ਦੇ ਕੇ ਸਨਮਾਨਤ ਕੀਤਾ।

ਇਸ ਮੀਟਿੰਗ ਵਿੱਚ ਐਫੀ ਆਗੂ ਸਾਬਕਾ ਪ੍ਰਧਾਨ ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਦੇ ਕਨਵੀਨਰ ਸਾਥੀ ਹਰਭਜਨ ਸਿੰਘ ਪਿਲਖਣੀ ਨੇ ਬੋਲਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਤੇ ਮੈਨੇਜਮੈਂਟ ਕੱਚੇ ਕਾਮਿਆਂ ਨੂੰ ਪੱਕੇ, ਨਵੀਂ ਭਰਤੀ ਪੇ ਕਮਿਸ਼ਨ ਵਿੱਚ ਰਹਿੰਦੀਆਂ ਤਰੁੱਟੀਆਂ ਨੂੰ ਦੂਰ ਕਰਵਾਉਣ ਲਈ ਸੰਘਰਸ਼ ਹੀ ਇੱਕ ਰਸਤਾ ਹੈ। ਇਨ੍ਹਾਂ ਸੰਘਰਸ਼ਾਂ ਦੇ ਰਸਤਿਆਂ 'ਤੇ ਹੀ ਚੱਲ ਕੇ ਸਾਡੇ ਤੋਂ ਵਿੱਛੜ ਚੁੱਕੇ ਆਗੂਆਂ ਨੇ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਹੱਕ ਦਿਵਾਏ ਹਨ ਤਾਂ ਹੀ ਉਨ੍ਹਾਂ ਨੂੰ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸ਼ਰਧਾਂਜਲੀ ਸਮਾਗਮ ਕਰਕੇ ਯਾਦ ਕੀਤਾ ਜਾਂਦਾ ਹੈ। ਸਰਕਲ ਆਗੂ ਸਾਥੀ ਸੁਖਦੇਵ ਸਿੰਘ, ਸਾਥੀ ਅਵਤਾਰ ਸਿੰਘ, ਡਵੀਜ਼ਨ ਰਾਜਪੁਰਾ ਦੇ ਸਕੱਤਰ ਸਾਥੀ ਜਗਜੀਤ ਸਿੰਘ, ਕੈਸ਼ੀਅਰ ਸਾਥੀ ਹਰਦੀਪ ਸਿੰਘ, ਸਾਥੀ ਜੋਰਾਵਰ ਸਿੰਘ, ਸਾਥੀ ਜਗਵਿੰਦਰ ਸਿੰਘ, ਸਾਥੀ ਮੇਹਰਬਾਨ, ਸਾਥੀ ਸਤਨਾਮ ਸਿੰਘ, ਸੇਵਾ ਮੁਕਤ ਯੂਨਿਟ ਏਟਕ ਰਾਜਪੁਰਾ ਦੇ ਪ੍ਰਧਾਨ ਸਾਥੀ ਰਾਮ ਰਤਨ, ਸਾਥੀ ਸ਼ਾਮ ਸੁੰਦਰ ਤੇ ਹੋਰ ਆਗੂ ਸਾਹਿਬਾਨ ਹਾਜ਼ਰ ਸਨ।

ਕਾਤਰਾਂ

ਮੰਡੀ ਕਾਲਾਂਵਾਲੀ ਦੇ ਗੋਦਾਮ 'ਚੋਂ ਸਰ੍ਹੋਂ ਦੇ 70 ਗੱਟੇ ਚੋਰੀ

ਸਿਰਸਾ (ਸੁਰਿੰਦਰ ਪਾਲ ਸਿੰਘ)-ਮੰਡੀ ਕਾਲਾਂਵਾਲੀ ਦੇ ਵਸਨੀਕ ਕਮਿਸ਼ਨ ਏਜੰਟ ਨਰੇਸ਼ ਕੁਮਾਰ ਦੇ ਗੋਦਾਮ ਦੇ ਤਾਲੇ ਤੋੜ ਕੇ ਚੋਰਾਂ ਨੇ ਸਰ੍ਹੋਂ ਦੇ 70 ਗੱਟੇ ਚੋਰੀ ਕਰ ਲਏ।ਪੁਲਸ ਨੂੰ ਦਿੱਤੇ ਆਪਣੇ ਬਿਆਨਾਂ 'ਚ ਨਰੇਸ਼ ਕੁਮਾਰ ਵਾਸੀ ਮੰਡੀ ਕਾਲਾਂਵਾਲੀ ਨੇ ਦੱਸਿਆ ਕਿ ਉਹ ਕਮਿਸ਼ਨ ਏਜੰਟ ਹੈ ਤੇ ਰਿਲਾਇੰਸ ਪੰਪ ਦੇ ਪਿੱਛੇ ਸਥਿਤ ਗੋਦਾਮ 'ਚ ਕਰੀਬ 250 ਗੱਟੇ ਸਰ੍ਹੋਂ ਸਟੋਰੇਜ ਕੀਤੀ ਹੋਈ ਹੈ।ਉਸ ਨੇ ਦੱਸਿਆ ਕਿ ਉਹ ਕਈ ਦਿਨਾਂ ਤੋਂ ਗੋਦਾਮ ਨਹੀਂ ਗਿਆ ਸੀ।ਸਵੇਰੇ ਜਦੋਂ ਉਹ ਗੋਦਾਮ ਗਿਆ ਤਾਂ ਦੇਖਿਆ ਕਿ ਗੇਟ ਦੇ ਤਾਲੇ ਟੁੱਟੇ ਹੋਏ ਸਨ।ਅੰਦਰ ਜਾ ਕੇ ਦੇਖਿਆ ਤਾਂ ਸਰ੍ਹੋਂ ਦੇ 70 ਗੱਟੇ ਘੱਟ ਮਿਲੇ। ਉਸ ਨੇ ਆਲੇ-ਦੁਆਲੇ ਦੇ ਲੋਕਾਂ ਤੋਂ ਵੀ ਪੁੱਛਗਿੱਛ ਕੀਤੀ, ਪਰ ਕੋਈ ਸੁਰਾਗ ਨਹੀਂ ਮਿਲਿਆ, ਜਿਸ 'ਤੇ ਪੁਲਸ ਨੂੰ ਸੂਚਨਾ ਦਿੱਤੀ ਗਈ।ਪੁਲਸ ਨੇ ਸ਼ਿਕਾਇਤ ਦੇ ਆਧਾਰ 'ਤੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਨੌਜਵਾਨ ਦੀ ਕੰਮ ਕਰਦੇ ਸਮੇਂ ਬਾਂਹ ਕੱਟੀ ਗਈ, ਮੁਆਵਜ਼ੇ ਦੀ ਮੰਗ

ਮੂਨਕ (ਰਾਜਪਾਲ ਸਿੰਗਲਾ)-ਲਹਿਰਾ 'ਚ ਪੈਂਦੇ ਪਿੰਡ ਕੋਟੜਾ ਲਹਿਲ ਦੇ ਇੱਕ ਨੌਜਵਾਨ ਤਰਸੇਮ ਸਿੰਘ (24) ਪੁੱਤਰ ਬਲਦੇਵ ਸਿੰਘ ਦੀ ਪਿਛਲੇ ਦਿਨੀਂ ਪਰਾਲੀ ਦੀ ਤੁੜੀ ਬਣਾਉਣ ਵਾਲੀ ਮਸ਼ੀਨ ਵਿੱਚ ਕੰਮ ਕਰਦੇ ਸਮੇਂ ਬਾਂਹ ਕੱਟ ਗਈ ਹੈ। ਤਰਸੇਮ ਸਿੰਘ ਮਜ਼ਦੂਰੀ ਕਰਕੇ ਆਪਣਾ ਗੁਜ਼ਾਰਾ ਕਰਦਾ ਹੈ, ਜਿਸ ਕੋਲ ਕੋਈ ਜ਼ਮੀਨ ਜਾਇਦਾਦ ਵੀ ਨਹੀਂ ਹੈ। ਬਾਂਹ ਕੱਟ ਜਾਣ ਤੋਂ ਬਾਅਦ ਹੁਣ ਉਹ ਅਪਾਹਜ ਹੋ ਚੁੱਕਿਆ ਹੈ। ਪਿੰਡ ਇਕਾਈ ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਕੋਟੜਾ ਲਹਿਲ ਦੇ ਮੈਂਬਰਾਂ ਵੱਲੋਂ ਤਰਸੇਮ ਸਿੰਘ ਨੂੰ ਸਰਕਾਰ ਤੋਂ ਮੁਆਵਜ਼ਾ ਦੇਣ ਦੀ ਮੰਗ ਕੀਤੀ ਕੀਤੀ ਹੈ।

ਮੁਜ਼ਾਰਾ ਲਹਿਰ ਦੇ ਦੇਸ਼ ਭਗਤਾਂ ਦੀ ਯਾਦ 'ਚ ਸਮਾਗਮ ਅੱਜ

ਮਹਿਲ ਕਲਾਂ (ਗੁਰਪ੍ਰੀਤ ਅਣਖੀ, ਬਲਵਿੰਦਰ ਵਜੀਦਕੇ)-ਮੁਜ਼ਾਰਾ ਲਹਿਰ ਦੇ ਆਗੂ ਮਹਾਨ ਦੇਸ਼ ਭਗਤ ਬਾਬਾ ਨਰਾਇਣ ਸਿੰਘ, ਬਾਬਾ ਅਰਜਨ ਸਿੰਘ ਭਦੌੜ, ਬਾਬਾ ਹਰਨਾਮ ਸਿੰਘ ਪਾਹੜਾ, ਬਾਬਾ ਦੁੱਲਾ ਸਿੰਘ ਜਲਾਲਦੀਵਾਲ, ਬਾਬਾ ਗੁਰਬਚਨ ਸਿੰਘ ਖੁੱਡੀ ਦੀ ਯਾਦ ਵਿੱਚ 2 ਦਸੰਬਰ ਨੂੰ ਬਾਬਾ ਅਰਜਨ ਸਿੰਘ ਭਦੌੜ ਯਾਦਗਾਰੀ ਭਵਨ ਬਰਨਾਲਾ ਵਿਖੇ ਕਰਵਾਏ ਜਾ ਰਹੇ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਇਸ ਸਬੰਧੀ ਪਿੰਡ ਚੰਨਣਵਾਲ ਵਿਖੇ ਮੀਟਿੰਗ ਦੌਰਾਨ ਆਗੂਆਂ ਨੇ ਮਜ਼ਦੂਰਾਂ ਨੂੰ ਕਾਫਲੇ ਬੰਨ੍ਹ ਕੇ ਸ਼ਮੂਲੀਅਤ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਜ਼ਿਲ੍ਹਾ ਸਕੱਤਰ ਖੁਸ਼ੀਆ ਸਿੰਘ ਨੇ ਕਿਹਾ ਕਿ ਕੇਂਦਰ ਤੇ ਰਾਜ ਸਰਕਾਰਾਂ ਮਜ਼ਦੂਰਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਤੋਂ ਭੱਜ ਚੁੱਕੀਆਂ ਹਨ। ਇਸ ਲਈ ਮਜ਼ਦੂਰਾਂ ਨੂੰ ਆਪਣੇ ਹੱਕਾਂ ਦੀ ਪ੍ਰਾਪਤੀ ਲਈ ਲਾਮਬੰਦ ਹੋਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾ ਸਮੂਹ ਮਜ਼ਦੂਰਾਂ ਨੂੰ ਮੁਜ਼ਾਰਾ ਲਹਿਰ ਨੂੰ ਸਮਰਪਤ ਸਮਾਗਮ ਵਿੱਚ ਕਾਫਲੇ ਬੰਨ੍ਹ ਕੇ ਪੁੱਜਣ ਦੀ ਅਪੀਲ ਕੀਤੀ। ਇਸ ਮੌਕੇ ਪ੍ਰਧਾਨ ਜੀਤ ਸਿੰਘ, ਆਤਮਾ ਸਿੰਘ, ਸੇਵਕ ਸਿੰਘ, ਹਰੀ ਸਿੰਘ, ਮੂਰਤੀ ਕੌਰ, ਬਲਵੀਰ ਕੌਰ, ਸਰਬਜੀਤ ਕੌਰ, ਰਾਣੀ ਕੌਰ, ਨਸੀਬ ਕੌਰ, ਹਰਬੰਸ ਕੌਰ ਆਦਿ ਹਾਜ਼ਰ ਸਨ।

ਨੀਲੋਂ ਪੁਲ ਦੇ ਬੱਸ ਅੱਡੇ 'ਤੇ ਸਰਕਾਰੀ ਬੱਸਾਂ ਰੋਕਣ ਦੀ ਮੰਗ

ਸਮਰਾਲਾ (ਸੁਰਜੀਤ ਸਿੰਘ)-ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਦੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਸੁਪਿੰਦਰ ਸਿੰਘ ਬੱਗਾ ਦੀ ਅਗਵਾਈ ਵਿੱਚ ਆਮ ਲੋਕਾਂ ਤੇ ਕਿਸਾਨਾਂ ਦਾ ਇੱਕ ਵਫਦ ਡੀ ਸੀ ਲੁਧਿਆਣਾ ਨੂੰ ਨੀਲੋ ਪੁਲ (ਲੁਧਿਆਣਾ) ਦੇ ਬੱਸ ਅੱਡੇ ਉੱਪਰ ਪੰਜਾਬ ਰੋਡਵੇਜ਼ ਤੇ ਕੋਈ ਹੋਰ ਵੀ ਬੱਸ ਨਾ ਰੁਕਣ ਕਾਰਨ ਆਮ ਲੋਕਾਂ ਨੂੰ ਆਪਣੇ

page-6-2-(DEC)-2022-G-(BV).qxd 12/1/2022 10:30 PM Page 1

ਮਾਲਵਾ ਰਿਸਰਚ ਸੈਂਟਰ ਤੇ ਗੁਰਮਤਿ ਲੋਕਧਾਰਾ ਵਿਚਾਰ ਮੰਚ ਵੱਲੋਂ ਸੈਮੀਨਾਰ 5 ਨੂੰ

ਸੰਗਰੂਰ (ਪ੍ਰਵੀਨ ਸਿੰਘ)-ਮਾਲਵਾ ਰਿਸਰਚ ਸੈਂਟਰ ਪਟਿਆਲਾ ਤੇ ਗੁਰਮਤਿ ਲੋਕਧਾਰਾ ਵਿਚਾਰ ਮੰਚ ਦੀ ਇਕੱਤਰਤਾ ਡਾ. ਸਵਰਾਜ ਸਿੰਘ ਵਿਸ਼ਵ ਚਿੰਤਕ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਡਾ. ਈਸ਼ਵਰਦਾਸ ਸਿੰਘ, ਜਗਦੀਪ ਸਿੰਘ ਐਡਵੋਕੇਟ, ਡਾ. ਭਗਵੰਤ ਸਿੰਘ, ਗੁਰਨਾਮ ਸਿੰਘ, ਦਰਬਾਰਾ ਸਿੰਘ ਢੀਂਡਸਾ ਐਡਵੋਕੇਟ, ਏ. ਪੀ. ਸਿੰਘ, ਡਾ. ਅਮਰ ਪਾਲ, ਡਾ. ਰਮਿੰਦਰ, ਡਾ. ਚੰਦਰ, ਡਾ. ਗੁਰਿੰਦਰ ਕੌਰ ਖੈਰਾ, ਰਾਜ ਕੁਮਾਰ, ਡਾ. ਹਰਪ੍ਰੀਤ ਸਿੰਘ, ਚਰਨਜੀਤ ਸਿੰਘ, ਪ੍ਰਿੰਸੀਪਲ ਰਾਣਾ ਆਦਿ ਸ਼ਾਮਲ ਹੋਏ। ਮੀਟਿੰਗ ਵਿੱਚ ਪੰਜਾਬ ਦੇ ਭਖਵੇਂ ਮਸਲਿਆਂ ਤੇ ਭਾਸ਼ਾਈ ਸਮੱਸਿਆਵਾਂ ਬਾਰੇ ਗੰਭੀਰ ਚਰਚਾ ਹੋਈ।

ਮੀਟਿੰਗ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦੇ ਹੋਏ ਡਾ. ਭਗਵੰਤ ਸਿੰਘ ਜਨਰਲ ਸਕੱਤਰ ਨੇ ਦੱਸਿਆ ਕਿ ਵਿਸ਼ਵ ਚਿੰਤਕ ਡਾ. ਸਵਰਾਜ ਸਿੰਘ ਦਾ ਜਨਮ ਦਿਨ ਵਿਸ਼ਵ ਚਿੰਤਨ ਦਿਵਸ ਦੇ ਤੌਰ 'ਤੇ ਮਨਾਇਆ ਜਾਂਦਾ ਹੈ, ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਵਿਸ਼ਵ ਚਿੰਤਨ ਦਿਵਸ 5 ਜਨਵਰੀ 2023 ਨੂੰ ਪਟਿਆਲਾ ਵਿਖੇ ਆਯੋਜਿਤ ਕੀਤਾ ਜਾ ਰਿਹਾ ਹੈ। ਇਹ ਸਮਾਗਮ ਸਰਬੰਸਦਾਨੀ ਸਾਹਿਬ-ਏ-ਕਮਾਲ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਉਤਸਵ ਨੂੰ ਸਮਰਪਤ ਹੋਵੇਗਾ। ਪਰਵਾਸ ਤੇ ਨੈਤਿਕ ਨਿਘਾਰ ਦੇ ਸੰਦਰਭ ਵਿੱਚ ਇਸ ਸੈਮੀਨਾਰ ਦਾ ਵਿਸ਼ਾ ਕੀ ਪਰਵਾਸ ਪੰਜਾਬ ਦੇ ਹਿੱਤ ਵਿੱਚ ਹੈ? ਹੋਵੇਗਾ। ਇਸ ਸੈਮੀਨਾਰ ਵਿੱਚ ਪ੍ਰਮੁੱਖ ਵਿਦਵਾਨ ਪੇਪਰ ਪੜ੍ਹਨਗੇ। ਦੇਸ਼, ਵਿਦੇਸ਼ ਦੇ ਚਿੰਤਕ ਤੇ ਵਿਦਵਾਨ ਇਸ ਚਰਚਾ ਵਿੱਚ ਭਾਗ ਲੈ ਕੇ ਉਸਾਰੂ ਸੰਵਾਦ ਸਿਰਜਣਗੇ।

11 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇੱਕ ਵਿਅਕਤੀ ਨੂੰ 11 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਦੇ ਸਬ ਇੰਸਪੈਕਟਰ ਅਜਮੇਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਬੀਤੇ ਦਿਨ ਗਸ਼ਤ ਵਾ ਚੈਕਿੰਗ ਦੇ ਸਬੰਧ ਵਿੱਚ ਖਾਈ ਰੋਡ ਨੇੜੇ ਬਜਾਜ ਡੇਅਰੀ ਪਾਸ ਪੁੱਜੇ ਤਾਂ ਇੱਕ ਨੌਜਵਾਨ ਵਿਸ਼ਾਲ ਉਰਫ ਭੋਲਾ ਪੁੱਤਰ ਛਿੰਦਾ ਵਾਸੀ ਬਸਤੀ ਆਵਾ ਸਿਟੀ ਫਿਰੋਜ਼ਪੁਰ ਪੈਦਲ ਆਉਂਦਾ ਵਿਖਾਈ ਦਿੱਤਾ, ਜੋ ਪੁਲਸ ਪਾਰਟੀ ਨੂੰ ਵੇਖ ਕੇ ਘਬਰਾ ਗਿਆ ਤੇ ਇਕ ਦਮ ਪਿੱਛੇ ਮੁੜ ਪਿਆ, ਜਿਸ ਨੂੰ ਪੁਲਸ ਪਾਰਟੀ ਵੱਲੋਂ ਸ਼ੱਕ ਦੀ ਬਿਨਾਅ 'ਤੇ ਕਾਬੂ ਕਰਕੇ ਤਲਾਸ਼ੀ ਲਈ ਤਾਂ ਇਸ ਕੋਲੋਂ 11 ਗ੍ਰਾਮ ਹੈਰੋਇਨ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਵਿਅਕਤੀ ਖਿਲਾਫ ਮਾਮਲੇ ਦਰਜ ਕਰ ਲਿਆ ਹੈ।

ਈ ਪੀ ਐੱਫ ਓ ਵੱਲੋਂ ਜਾਗਰੂਕਤਾ ਕੈਂਪ 5 ਨੂੰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਈ ਪੀ ਐੱਫ ਓ ਪੈਨਸ਼ਨਰ ਕਰਮਚਾਰੀ ਭਵਿੱਖ ਨਿਧੀ ਸੰਗਠਨ (ਈ ਪੀ ਐੱਫ), ਖੇਤਰੀ ਦਫਤਰ ਬਠਿੰਡਾ ਤੋਂ ਹਰ ਮਹੀਨੇ ਪੈਨਸ਼ਨ ਪ੍ਰਾਪਤ ਕਰਨ ਵਾਲੇ ਪੈਨਸ਼ਨਰਾਂ ਕੋਲੋਂ ਡਿਜੀਟਲ ਲਾਈਫ ਸਰਟੀਫਿਕੇਟ/ਜੀਵਨ ਪ੍ਰਮਾਣ ਜਮ੍ਹਾਂ ਕਰਵਾਉਣਾ ਲਾਜ਼ਮੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਰੀਨਾ ਮੰਡਲ ਖੇਤਰੀ ਪ੍ਰਾਵੀਡੈਂਟ ਫੰਡ ਕਮਿਸ਼ਨਰ-1 ਨੇ ਦੱਸਿਆ ਕਿ ਸਾਰੇ ਪੈਨਸ਼ਨਰ ਆਪਣਾ ਜੀਵਨ ਸਰਟੀਫਿਕੇਟ ਬੈਂਕ, ਸੀਐਸਸੀ ਸੈਂਟਰ, ਫੇਸ ਰੀਡਰ ਐਪ ਜਾਂ ਈਪੀਐੱਫਓ ਦਫ਼ਤਰਾਂ ਵਿੱਚ ਜਮ੍ਹਾਂ ਕਰਵਾ ਸਕਦੇ ਹਨ। ਪੈਨਸ਼ਨਰਾਂ ਦੀ ਸਹੂਲਤ ਲਈ ਡਿਜੀਟਲ ਸਰਟੀਫਿਕੇਟ ਖੇਤਰੀ ਦਫ਼ਤਰ ਬਠਿੰਡਾ ਤੇ ਜ਼ਿਲ੍ਹਾ ਦਫ਼ਤਰ ਮੋਗਾ ਤੇ ਸੰਗਰੂਰ ਵਿਖੇ ਕਿਸੇ ਵੀ ਕੰਮ ਵਾਲੇ ਦਿਨ ਜਮ੍ਹਾਂ ਕਰਵਾਏ ਜਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਈਪੀਐੱਫਓ ਦਾ ਟੀਚਾ ਸੌ ਫੀਸਦੀ ਪ੍ਰਮਾਣਿਤ ਡਿਜੀਟਲ ਸਰਟੀਫਿਕੇਟ ਪ੍ਰਾਪਤ ਕਰਨਾ ਹੈ ਤੇ ਇਸ ਸਬੰਧੀ 5 ਦਸੰਬਰ 2022 ਨੂੰ ਡੀ.ਡੀ.ਬੀ. ਡੀ.ਏ.ਵੀ ਪਬਲਿਕ ਸਕੂਲ ਫ਼ਿਰੋਜ਼ਪੁਰ ਛਾਉਣੀ ਵਿਖੇ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਵਿਸ਼ੇਸ਼ ਕੈਂਪ ਲਗਾਇਆ ਜਾਵੇਗਾ।

30 ਗ੍ਰਾਮ ਹੈਰੋਇਨ ਸਮੇਤ 2 ਕਾਬੂ

ਜਲਾਲਾਬਾਦ (ਦਰਜੂਜਾ, ਜੀਤ ਕੁਮਾਰ) : ਥਾਣਾ ਵੈਰੋਕੇ ਦੀ ਪੁਲਸ ਨੇ 30 ਗ੍ਰਾਮ ਹੈਰੋਇਨ ਸਮੇਤ ਦੋ ਆਰੋਪੀਆਂ ਨੂੰ ਗ੍ਰਿਫਤਾਰ ਕੀਤਾ ਹੈ। ਜਾਂਚ ਅਧਿਕਾਰੀ ਐੱਸ.ਆਈ. ਗੁਰਮੇਜ ਸਿੰਘ ਐੱਸ.ਟੀ.ਐੱਫ. ਬਠਿੰਡਾ ਰੇਂਜ ਨੇ ਦੱਸਿਆ ਕਿ ਗਣੇਸ਼ ਸਿੰਘ ਉਰਫ ਗੱਗੂ ਪੁੱਤਰ ਜੀਤ ਸਿੰਘ ਤੇ ਸੁਖਦੇਵ ਸਿੰਘ ਪੁੱਤਰ ਜਰਨੈਲ ਸਿੰਘ ਵਾਸੀ ਕਾਠਗੜ੍ਹ ਚੋਰੀ-ਛਿਪੇ ਨਸ਼ਾ ਤਸਕਰੀ ਦਾ ਧੰਦਾ ਕਰਨ ਦੇ ਆਦੀ ਹਨ, ਜਿਸ 'ਤੇ ਛਾਪੇਮਾਰੀ ਕਰਕੇ 30 ਗ੍ਰਾਮ ਹੈਰੋਇਨ ਤੇ ਇੱਕ ਮੋਟਰਸਾਈਕਲ ਹੀਰੋ ਸਪਲੈਂਡਰ ਬਿਨਾਂ ਨੰਬਰੀ ਕਾਬੂ ਕੀਤਾ ਗਿਆ, ਜਿਸ 'ਤੇ ਧਾਰਾ 21/61/85 ਐਨ.ਡੀ.ਪੀ.ਐਸ ਐਕਟ ਅਧੀਨ ਪਰਚਾ ਦਰਜ ਕੀਤਾ ਗਿਆ ਹੈ।

ਖੇਤ ਮਜ਼ਦੂਰਾਂ 'ਤੇ ਲਾਠੀਚਾਰਜ ਕਰਨ ਦੀ ਕਿਰਤੀ ਕਿਸਾਨ ਯੂਨੀਅਨ ਵੱਲੋਂ ਸਖਤ ਨਿੰਦਾ

ਸੰਗਰੂਰ (ਪ੍ਰਵੀਨ ਸਿੰਘ)-ਕਿਰਤੀ ਕਿਸਾਨ ਯੂਨੀਅਨ ਦੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਜਨਰਲ ਸਕੱਤਰ ਸਤਿਬੀਰ ਸਿੰਘ ਸੁਲਤਾਨੀ ਤੇ ਯੂਥ ਵਿੰਗ ਦੇ ਸੂਬਾ ਕਨਵੀਨਰ ਭੁਪਿੰਦਰ ਸਿੰਘ ਲੌਂਗੋਵਾਲ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਵਾਅਦੇ ਵਗਾਉਣ ਦੀ ਥਾਂ ਦਿਖਾਵੇਬਾਜ਼ੀ ਨਾਲ ਆਪਣਾ ਸਮਾਂ ਟਪਾਉਣ ਚਾਹੁੰਦੀ ਹੈ। ਭਗਵੰਤ ਮਾਨ ਵੱਲੋਂ ਵਾਰ-ਵਾਰ ਭਾਸ਼ਣ ਦਿੱਤੇ ਜਾਂਦੇ ਹਨ ਕਿ ਲੋਕਾਂ ਨੂੰ ਧਰਨੇ ਮੁਜ਼ਾਹਰੇ ਕਰਨ ਦੀ ਲੋੜ ਨਹੀਂ, ਕੋਈ ਸੜਕਾਂ ਰੋਕਣ ਦੀ ਲੋੜ ਨਹੀਂ, ਜੇਕਰ ਕੋਈ ਸਮੱਸਿਆ ਹੈ ਤਾਂ ਮੰਤਰੀਆਂ, ਵਿਧਾਇਕਾਂ ਦੇ ਘਰਾਂ ਅੱਗੇ ਜਾਇਆ ਜਾਵੇ, ਜਦੋਂ ਹੁਣ ਲੋਕ ਉਨ੍ਹਾਂ ਵਾਅਦਿਆਂ ਨੂੰ ਪੂਰਾ ਕਰਵਾਉਣ ਲਈ ਸਰਕਾਰ ਕੋਲੋਂ ਮੰਗ ਕਰਨ ਉਨ੍ਹਾਂ ਦੇ ਦਰਾਂ 'ਤੇ ਜਾਂਦੇ ਹਨ ਤਾਂ ਕਥਿਤ ਤੌਰ 'ਤੇ ਲੋਕਾਂ ਦੇ ਡਾਂਗਾਂ ਮਾਰੀਆਂ ਜਾਂਦੀਆਂ ਹਨ। ਸਰਕਾਰ ਦੇ ਅਜਿਹੇ ਵਤੀਰੇ ਤੋਂ ਸਾਬਿਤ ਹੁੰਦਾ ਹੈ ਕਿ ਪਿਛਲੀਆਂ ਸਰਕਾਰਾਂ ਨਾਲੋਂ ਇਸ ਸਰਕਾਰ ਦਾ ਵੀ ਕੋਈ ਫਰਕ ਨਹੀਂ ਹੈ, ਕਿਉਂਕਿ ਪਿਛਲੀਆਂ ਸਰਕਾਰਾਂ ਵੀ ਹੱਕ ਮੰਗਦੇ ਲੋਕਾਂ 'ਤੇ ਡੰਡੇ ਵਰ੍ਹਾਉਂਦੀਆਂ ਰਹੀਆਂ ਹਨ ਅਤੇ ਪਰਚੇ ਦਰਜ ਕਰਦੀਆਂ ਰਹੀਆਂ ਹਨ, ਉਸੇ ਰਸਤੇ 'ਤੇ ਇਹ ਸਰਕਾਰ ਚੱਲ ਰਹੀ ਹੈ, ਜਿਸ ਦਾ ਇਨ੍ਹਾਂ ਨੂੰ ਖਮਿਆਜ਼ਾ ਭੁਗਤਣਾ ਪਵੇਗਾ। ਕਿਰਤੀ ਕਿਸਾਨ ਯੂਨੀਅਨ ਵੱਲੋਂ ਲਾਠੀਚਾਰਜ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਖੇਤ ਮਜ਼ਦੂਰਾਂ ਦੀ ਹਮਾਇਤ ਦਾ ਐਲਾਨ ਕੀਤਾ।

ਅਦਾਲਤੀ ਇਸ਼ਤਿਹਾਰ

ਬਾ ਅਦਾਲਤ-ਹਰਕਰਮ ਸਿੰਘ
ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ
ਦਰਜਾ ਦੋਮ, ਹੁਸ਼ਿਆਰਪੁਰ।
ਪਬਲੀਕੇਸ਼ਨ ਨੋਟਿਸ

ਵਿਸ਼ਾ-ਤਕਸੀਮ ਕੇਸ : ਅਵਤਾਰ ਸਿੰਘ ਬਨਾਮ ਮਹਿੰਦਰ ਸਿੰਘ ਵਗੈਰਾ ਵਾਕਿਆ ਪਿੰਡ ਮਹਿਨਾ ਤਹਿ: ਤੇ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਉਤਰਵਾਦੀਆਂ ਦੀ ਇਤਲਾਹ ਕਰਾਉਣ ਸੰਬੰਧੀ ਅਖਬਾਰ ਵਿੱਚ ਪਬਲੀਕੇਸ਼ਨ ਕਰਨ ਬਾਰੇ।

1. ਮੇਹਿੰਦਰ ਸਿੰਘ ਪੁੱਤਰ ਸਵਰਨ ਸਿੰਘ 2. ਸੰਦੀਪ ਕੌਰ ਪੁੱਤਰੀ ਸੁਰਿੰਦਰ ਸਿੰਘ 3. ਗੁਰਪ੍ਰੀਤ ਕੌਰ ਪੁੱਤਰੀ ਸੁਰਿੰਦਰ ਸਿੰਘ 4. ਹਰਬੰਸ ਕੌਰ ਵਿਧਵਾ ਸੁਰਿੰਦਰ ਸਿੰਘ 6. ਰਣਜੀਤ ਕੌਰ ਪੁੱਤਰੀ ਰਸ਼ਪਾਲ ਸਿੰਘ 7. ਰਾਜਵਿੰਦਰ ਕੌਰ ਪੁੱਤਰੀ ਰਸ਼ਪਾਲ ਸਿੰਘ 8. ਮੁਤਵਫੀ ਸੁਖਵਿੰਦਰ ਸਿੰਘ ਪੁੱਤਰ ਰਸ਼ਪਾਲ ਸਿੰਘ ਰਾਹੀਂ ਵਾਰਸ (ਓ) ਪਰਦੀਪ ਕੌਰ ਵਿਧਵਾ ਸੁਖਵਿੰਦਰ ਸਿੰਘ 9. ਸਨਵੀਰ ਸਿੰਘ ਪੁੱਤਰ ਰਸ਼ਪਾਲ ਸਿੰਘ 11. ਸੁਰਿੰਦਰ ਕੁਮਾਰ ਪੁੱਤਰ ਰਾਮ ਰੱਖਾ 12. ਨਰਿੰਦਰ ਕੁਮਾਰ ਪੁੱਤਰ ਰਾਮ ਰੱਖਾ 13. ਵਰਿੰਦਰ ਕੁਮਾਰ ਪੁੱਤਰ ਰਾਮ ਰੱਖਾ 14. ਰਜੇਸ਼ ਬਾਲਾ ਪੁੱਤਰੀ ਰਾਮ ਰੱਖਾ 15. ਜੋਗਿੰਦਰ ਕੌਰ ਪੁੱਤਰੀ ਸਵਰਨ ਸਿੰਘ 16. ਹਰਨਾਮ ਸਿੰਘ ਪੁੱਤਰ ਸੀਬੂ 17. ਇਕਬਾਲ ਸਿੰਘ ਪੁੱਤਰ ਬੀਰ ਸਿੰਘ 19. ਸੁਰਜੀਤ ਸਿੰਘ ਪੁੱਤਰ ਅਵਤਾਰ ਸਿੰਘ 20. ਅਮਰਜੀਤ ਸਿੰਘ ਪੁੱਤਰ ਅਵਤਾਰ ਸਿੰਘ 21. ਦਲਵੀਰ ਕੌਰ ਪਤਨੀ ਧਰਮਿੰਦਰ ਸਿੰਘ 22. ਧਰਮਿੰਦਰ ਸਿੰਘ ਪੁੱਤਰ ਫਕੀਰ ਸਿੰਘ 23. ਜਸਵੀਰ ਸਿੰਘ ਪੁੱਤਰ ਫਕੀਰ ਸਿੰਘ 25. ਸੁਰਿੰਦਰ ਸਿੰਘ ਪੁੱਤਰ ਸਵਰਨ ਸਿੰਘ 27. ਹਰਿੰਦਰ ਕੌਰ ਪਤਨੀ ਜਸਵੀਰ ਸਿੰਘ ਸਾਰੇ ਵਾਸੀਆਨ ਪਿੰਡ ਮਹਿਨਾ ਤਹਿ: ਵਾ ਜ਼ਿਲ੍ਹਾ ਹੁਸ਼ਿਆਰਪੁਰ।

ਉਪਰੋਕਤ ਵਿਸ਼ੇ ਸੰਬੰਧੀ ਤਕਸੀਮ ਕੇਸ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਚੱਲ ਰਿਹਾ ਹੈ। ਉਕਤ ਕੇਸ ਵਿੱਚ ਉਤਰਵਾਦੀਆਂ ਦੀ ਸਾਧਾਰਨ ਤਰੀਕੇ ਨਾਲ ਤਾਮੀਲ ਨਹੀਂ ਹੋ ਸਕੀ। ਇਸ ਲਈ ਇਸ ਨੋਟਿਸ ਰਾਹੀਂ ਹੇਠ ਲਿਖੇ ਉਤਰਵਾਦੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਉਕਤ ਕੇਸ ਦੀ ਪੈਰਵੀ ਕਰਨ ਲਈ ਮਿਤੀ 6.12.2022 ਨੂੰ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਅਸਾਲਤਨ ਜਾਂ ਵਕਾਲਤਨ ਹਾਜਰ ਆਉਣ। ਹਾਜਰ ਨਾ ਆਉਣ ਦੀ ਸੂਰਤ ਵਿੱਚ ਉਹਨਾਂ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਇਹ ਪਬਲੀਕੇਸ਼ਨ ਨੋਟਿਸ ਅੱਜ ਮਿਤੀ 15.11.2022 ਨੂੰ ਮੇਰੀ ਮੋਹਰ ਅਤੇ ਹਸਤਾਖਰਾਂ ਨਾਲ ਜਾਰੀ ਹੋਇਆ ਹੈ।

ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ
ਦਰਜਾ ਦੋਮ, ਹੁਸ਼ਿਆਰਪੁਰ।
ਨੰ: 498/ਰੀਡਰ/ਮਿਤੀ :15.11.2022

Court Notice

(U/o 5 Rule 20 CPC)
In the court of
Sh. Mohinder Partap Singh Libra Civil Judge (Junior Division)-21 Jalandhar
The Hind Samachar Limited
Vs.
Shiv News Agency
CNR No. PBJL02-001479-2017
Next Date : 17-12-2022
Suit For Recovery of Rupees 54184.62
Publication Issued To:
Shiv News Agency
Other :-
Bus Stand Mirthal Gurdaspur, Punjab

In above titled case, the defendant (s)/respondent (s) could not be served. It is ordered that defendant (s) Respondent should appear in person of through counsel on 17-12-2022 at 10.00 a.m.

for details logon to https://highcourtchd.gov.in/?trs=district-notice & district=Jalandhar

Civil Judge (Junior Division)-21, Jalandhar
Dated, this day of 30-11-2022

ਪਬਲਿਕ ਨੋਟਿਸ

ਮੈਂ, ਜਤਿੰਦਰਪਾਲ ਸਿੰਘ ਪੁੱਤਰ ਬਲਵਿੰਦਰ ਸਿੰਘ, ਵਾਸੀ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਏਅਰਪੋਰਟ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਦਾ ਰਹਿਣ ਵਾਲਾ ਹਾਂ। ਇਹ ਕਿ ਮਿਤੀ 29/11/2022 ਨੂੰ ਮੇਨ ਬਜ਼ਾਰ ਅੰਮ੍ਰਿਤਸਰ ਵਿਖੇ ਖਰੀਦਦਾਰੀ ਕਰਨ ਆਇਆ ਹੋਇਆ ਸੀ। ਇਹ ਕਿ ਇਸ ਦੌਰਾਨ ਮੈਂ ਆਪਣੇ ਨਾਲ ਇੱਕ ਹੌਂਡ ਬੈਗ ਫੜਿਆ ਹੋਇਆ ਸੀ, ਜਿਸ ਵਿੱਚ ਦੋ ਅਸਲ ਰਜਿਸਟਰੀਆਂ (ਵੱਲੋਂ : ਪਰਮਜੀਤ ਸਿੰਘ ਪੁੱਤਰ ਫੌਜਾ ਸਿੰਘ ਬਚੱਕ ਸ੍ਰੀਮਤੀ ਕੁਲਵਿੰਦਰ ਕੌਰ ਪਤਨੀ ਸਵਿੰਦਰ ਸਿੰਘ ਪੁੱਤਰ ਸ੍ਰ. ਕੁੰਨਣ ਸਿੰਘ ਬਰੂਏ ਵਸੀਕਾ ਨੰ. 4811 ਮਿਤੀ 24-03-2008 ਰਕਬਾ 7 ਮਰਲੇ ਮਸਦਕਾ ਰਜਿਸਟਰਾਰ ਅੰਮ੍ਰਿਤਸਰ-99), (ਵੱਲੋਂ : ਸ੍ਰੀਮਤੀ ਕੁਲਵਿੰਦਰ ਕੌਰ ਪਤਨੀ ਸਵਿੰਦਰ ਸਿੰਘ ਪੁੱਤਰ ਸ੍ਰ. ਕੁੰਨਣ ਸਿੰਘ ਬਚੱਕ ਮਲੂਕ ਮਸੀਹ ਪੁੱਤਰ ਬਸ਼ੀਰ ਮਸੀਹ ਬਰੂਏ ਵਸੀਕਾ ਨੰ. 5655 ਮਿਤੀ 28-02-2012 ਰਕਬਾ 7 ਮਰਲੇ ਮਸਦਕਾ ਸਬ-ਰਜਿਸਟਰਾਰ ਅਜਨਾਲਾ) ਸਨ। ਇਹ ਕਿ ਉਕਤ ਹੌਂਡ ਬੈਗ ਮੇਰੇ ਵੱਲੋਂ ਖਰੀਦਦਾਰੀ ਕਰਦੇ ਸਮੇਂ ਕਿਤੇ ਗੁੰਮ ਹੋ ਗਿਆ, ਜਿਸ ਦੀ ਕਾਫੀ ਭਾਲ ਕਰਨ 'ਤੇ ਵੀ ਮੈਨੂੰ ਮੇਰਾ ਬੈਗ ਨਹੀਂ ਮਿਲਿਆ। ਇਹ ਵੀ ਦੱਸਣਯੋਗ ਹੈ ਕਿ ਉਕਤ ਰਜਿਸਟਰੀਆਂ ਕਿਸੇ ਕੋਲ ਵੀ ਸਕਿਉਰਿਟੀ ਦੇ ਤੌਰ 'ਤੇ ਨਹੀਂ ਰੱਖੀਆਂ ਗਈਆਂ ਅਤੇ ਨਾ ਹੀ ਕਿਸੇ ਬੈਂਕ ਜਾਂ ਮਹਿਕਮੇ ਵਿੱਚ ਲੋਨ ਲਈ ਜਮ੍ਹਾਂ ਹਨ।

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਪਰਵੀਨ ਛਿੱਬੜ, ਤਹਿਸੀਲਦਾਰ-ਕਮ-ਸਰਕਲ ਰੈਵੀਨਿਊ ਅਫਸਰ, ਆਦਮਪੁਰ, ਜ਼ਿਲ੍ਹਾ ਜਲੰਧਰ
ਨੋਟਿਸ ਬਨਾਮ : ਆਮ ਪਬਲਿਕ

ਇਸ ਅਦਾਲਤੀ ਇਸ਼ਤਿਹਾਰ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਵਾਕਿਆ ਦੋਮੁੰਡਾ ਦਾ ਖਾਨਗੀ ਵਸੀਅਤ ਦੇ ਅਧਾਰ ਤੇ ਦਰਜ ਹੋਇਆ ਇੰਤਕਾਲ ਨੰਬਰ 5201 ਵਰਾਸਤ ਮੁਤਵਫੀ ਸ੍ਰੀ ਲਛਕਰ ਸਿੰਘ ਪੁੱਤਰ ਸ੍ਰੀ ਰਾਮ ਕਿਸ਼ਨ ਪੁੱਤਰ ਸ੍ਰੀ ਹੀਰਾ ਬਾਹੱਕ ਸ੍ਰੀ ਉੱਕਾਰ ਸਿੰਘ ਪੁੱਤਰ ਸ੍ਰੀ ਮਲੂਕ ਸਿੰਘ ਪੁੱਤਰ ਸ੍ਰੀ ਰਾਮ ਕਿਸ਼ਨ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋਇਆ ਹੈ। ਜੇਕਰ ਕਿਸੇ ਵਿਅਕਤੀ ਨੂੰ ਉਕਤ ਵਰਾਸਤ ਦਾ ਇੰਤਕਾਲ ਮਨਜ਼ੂਰ ਹੋਣ ਸੰਬੰਧੀ ਕੋਈ ਇਤਰਾਜ਼ ਹੈ ਤਾਂ ਉਹ ਇਸ ਇਸ਼ਤਿਹਾਰ ਦੇ ਅਖਬਾਰ ਵਿੱਚ ਛਪਣ ਤੋਂ 15 ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਖੁਦ ਅਸਾਲਤਨ ਜਾਂ ਵਕਾਲਤਨ ਜਾਂ ਕਿਸੇ ਮੁਖਤਿਆਰ ਰਾਹੀਂ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਹਾਜ਼ਰ ਹੋ ਕੇ ਪੇਸ਼ ਕਰ ਸਕਦਾ ਹੈ। ਨਿਸ਼ਚਿਤ ਮਿਤੀ ਤੱਕ ਕੋਈ ਇਤਰਾਜ਼ ਪੇਸ਼ ਨਾ ਹੋਣ ਦੀ ਸੂਰਤ ਵਿੱਚ ਨਿਯਮਾਂ ਅਨੁਸਾਰ ਉਕਤ ਇੰਤਕਾਲ ਦਾ ਫੈਸਲਾ ਕਰ ਦਿੱਤਾ ਜਾਵੇਗਾ।

ਸਹੀ/-
ਤਹਿਸੀਲਦਾਰ-ਕਮ-ਸਰਕਲ
ਰੈਵੀਨਿਊ ਅਫਸਰ, ਆਦਮਪੁਰ

Court Notice

In the court of Ms. Parvinder Kaur Addl. Civil Judge (Senior Division), **Zira.**
CNR No. PBFZAO-000236-2015
Next Date : 14.12.2022
Maya Rani
Versus
Hans Raj

Application suit for permission to sue as Indigent person for declaraton

Publication issued to : (VI) Dharam Chaudhari (Jalandhria) Near Ravi Dass Chowk, Buta Mandi, Jallandhar, Punjab (III) Simro R/o Vill. Buta Mandi Jallandhar Tehsil and Distt. Jallandhar.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 14.12.2022 at 10.00 a.m.

For details logon to https://highcourtchd.gov.in/?trs=district notice&district=Ferozepur

Addl. Civil Judge (Senior Division), Zira.
Dated, this day of 22.11.2022

Court Notice

In the court of Sh. Rajesh Ahluwalia Addl. Civil Judge (Senior Division), **Tarn Taran.**

Next Date, Purpose of Case, Orders and Judgments as well as other case information is available on http://ecourts.gov.in
CNR No. PBTT02-000934-2020
Next Date : 24.1.2023
Sukhdev Singh
Versus
Satinderpal Singh

Publication issued to : Satinderpal Singh Father Sukhdev Singh R/o Vill. Gaggobua, Near Bus Stand, Tehsil and Distt. Tarn Taran 2. Kulwinder Kaur W/o

2-DEC-PAGE-7.qxd 12/1/2022 10:19 PM Page 1

ਪੰਜਾਬ ਸਰਕਾਰ ਦੀ ਕਾਰਗੁਜ਼ਾਰੀ ਨੂੰ ਲੈ ਕੇ ਕੱਢੀ ਰੋਸ ਯਾਤਰਾ

ਜੈਤੋ (ਸਤੀਸ਼ ਕੁਮਾਰ ਭੀਰੀ)-ਸਥਾਨਕ ਸ਼ਹਿਰ ਦੇ ਲੋਕਾਂ ਵੱਲੋਂ ਸਹਾਰਾ ਕਲੱਬ ਐੱਨ ਜੀ ਓ ਦੇ ਬੈਨਰ ਹੇਠ ਸੰਦੀਪ ਲੂੰਬਾ ਦੀ ਅਗਵਾਈ ਵਿੱਚ ਭਾਰੀ ਗਿਣਤੀ ਵਿੱਚ ਸਾਰੇ ਸ਼ਹਿਰ ਵਿੱਚੋਂ ਦੀ ਪੰਜਾਬ ਸਰਕਾਰ ਖਿਲਾਫ ਰੋਸ ਯਾਤਰਾ ਕੱਢੀ ਗਈ। ਇਸ ਰੋਸ ਯਾਤਰਾ ਵਿੱਚ ਸੰਦੀਪ ਲੂੰਬਾ ਦਾ ਸਾਥ ਦੇਣ ਆਈਆਂ ਸ਼ਹਿਰ ਦੀਆਂ ਵੱਖ ਵੱਖ ਜਥੇਬੰਦੀਆਂ ਜਿਵੇਂ ਕਿ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ, ਗਊ ਸੇਵਾ ਦਲ, ਭਾਰਤ ਵਿਓਪਾਰ ਮੰਡਲ, ਨੌਜਵਾਨ ਵੈੱਲਫੇਅਰ ਸੁਸਾਇਟੀ, ਚੜ੍ਹਦੀ ਕਲਾ ਸੇਵਾ ਸੁਸਾਇਟੀ, ਗਊ ਰੱਖਿਆ ਮੰਡਲ, ਜੈਤੋ ਸਹਾਰਾ ਕਲੱਬ ਐੱਨ ਜੀ ਓ, ਭਾਰਤੀ ਕਿਸਾਨ ਯੂਨੀਅਨ ਫਤਹਿ ਤੋਂ ਇਲਾਵਾ ਅਨੇਕਾਂ ਸਮਾਜ ਸੇਵੀ ਸੰਸਥਾਵਾਂ ਵੀ ਸਾਥ ਦੇਣ ਲਈ ਪਹੁੰਚੀਆਂ। ਇਹ ਯਾਤਰਾ ਸਥਾਨਕ ਬਾਜਾ ਚੌਕ ਤੋਂ ਸ਼ੁਰੂ ਹੋ ਕੇ ਗੋਲ ਚੌਕ ਵਿਖੇ ਸਮਾਪਤ ਕੀਤੀ ਗਈ। ਇਸ ਮੌਕੇ ਬੁਲਾਰਿਆਂ ਦੁਆਰਾ ਮੁੱਖ ਮੰਗਾਂ ਜਿਵੇਂ ਕਿ ਸਿਵਲ ਹਸਪਤਾਲ ਵਿੱਚ ਡਾਕਟਰਾਂ ਦੀ ਘਾਟ, ਨਗਰ ਕੌਂਸਲ ਵਿੱਚ ਕਾਰਜ ਸਾਧਕ ਅਫਸਰ ਦੀ ਲਗਾਤਾਰ 80 ਦਿਨ ਤੋਂ ਮਾਰੀ ਉਡਾਰੀ, ਤਹਿਸੀਲ ਦਫਤਰ ਵਿਖੇ ਰਜਿਸਟਰੀਆਂ, ਇਕਰਾਰਨਾਮੇ 'ਚ ਦੇਰੀਆਂ, ਜੈਤੋ ਤੋਂ ਚੰਦਭਾਨ ਸੜਕ ਦੀ ਖਸਤਾ ਹਾਲਤ, ਸ਼ਹਿਰ ਦੀਆਂ ਗਲੀਆਂ ਨਾਲੀਆਂ ਦੀ ਮੁਰੰਮਤ, ਬਾਜਾਖਾਨਾ ਚੌਕ 'ਚੋਂ ਗਾਇਬ ਹੋਈ ਸੜਕ ਦੀ ਭਾਲ, ਸਟੇਡੀਅਮ ਦੀ ਖਤਮ ਹੁੰਦੀ ਅਣਹੋਂਦ ਸਮੇਤ ਕਮੀਆਂ ਤੋਂ ਜਾਣੂ ਕਰਵਾਉਣ ਲਈ ਕੋਸ਼ਿਸ਼ਾਂ ਕੀਤੀਆਂ ਗਈਆਂ।

ਇਸ ਮੌਕੇ ਜਤਿੰਦਰਜੀਤ ਸਿੰਘ ਬਰਾੜ, ਸੰਦੀਪ ਲੂੰਬਾ, ਭਾਰਤ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਰਾਜੀਵ ਗੋਇਲ ਬਿੱਟੂ ਬਾਦਲ, ਦੀਵਾਂਸ਼ੂ ਮੜਾਕੀਆ, ਬੇਅੰਤ ਸਿੰਘ ਰਾਮੇਆਣਾ ਆਦਿ ਵੱਲੋਂ ਸਰਕਾਰ ਦੀਆਂ ਨਲਾਇਕੀਆਂ ਕਾਰਨ ਜੈਤੋ ਸ਼ਹਿਰ ਨਾਲ ਐਨਾ ਮਾੜਾ ਰਵੱਈਆ ਵਰਤਣ ਲਈ ਪੰਜਾਬ ਸਰਕਾਰ ਦੀ ਜੰਮ ਕੇ ਆਲੋਚਨਾ ਕੀਤੀ ਗਈ।

ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਵੱਲੋਂ ਪੁਤਲਾ ਫੂਕ ਪ੍ਰਦਰਸ਼ਨ

ਪੁਤਲਾ ਫੂਕ ਪ੍ਰਦਰਸ਼ਨ ਦੌਰਾਨ ਨਾਅਰੇਬਾਜ਼ੀ ਕਰਦੇ ਮੁਲਾਜ਼ਮ।

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਮੰਗਾਂ ਨੂੰ ਲੈ ਕੇ ਬੁੱਧਵਾਰ ਨੂੰ ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਪੁਤਲਾ ਫੂਕ ਪ੍ਰਦਰਸ਼ਨ ਕੀਤਾ ਅਤੇ ਸਰਕਾਰ ਦੇ ਖਿਲਾਫ਼ ਜ਼ੋਰਦਾਰ ਨਾਅਰੇਬਾਜੀ ਕੀਤੀ ਗਈ। ਇਸ ਮੌਕੇ 'ਤੇ ਰਛਪਾਲ ਸਿੰਘ ਪ੍ਰਧਾਨ ਅਤੇ ਜਨਰਲ ਸਕੱਤਰ ਬਲਵੀਰ ਸਿੰਘ ਸਿਵੀਆ ਨੇ ਦੱਸਿਆ ਕਿ 8 ਅਕਤੂਬਰ ਨੂੰ ਜਸਵਾਲੀ ਵਿਖੇ ਡੈਮੋਕ੍ਰੇਟਿਕ ਮੁਲਾਜ਼ਮ ਯੂਨੀਅਨ ਦੇ ਸੂਬਾ ਪੱਧਰੀ ਧਰਨੇ 'ਚ ਹਾਜ਼ਰ ਹੋ ਕੇ ਵਣ ਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਦੇ ਮੰਤਰੀ ਵੱਲੋਂ ਜਥੇਬੰਦੀ ਨਾਲ ਮੀਟਿੰਗ ਕਰਕੇ ਜੰਗਲਾਤ ਮੁਲਾਜ਼ਮਾਂ ਦੇ ਮਸਲੇ ਹੱਲ ਕਰਨ ਦਾ ਭਰੋਸਾ ਦੁਆਇਆ ਗਿਆ ਸੀ, ਪਰੰਤੂ ਅੱਜ ਤੱਕ ਨਾ ਤਾਂ ਜੰਗਲਾਤ ਮੁਲਾਜ਼ਮਾਂ ਦੀਆਂ ਮੰਗਾਂ ਸੰਬੰਧੀ ਕੋਈ ਕਾਰਵਾਈ ਕੀਤੀ ਗਈ ਅਤੇ ਨਾ ਹੀ ਮੁਲਾਜ਼ਮਾਂ ਨਾਲ ਮੀਟਿੰਗ ਕਰਕੇ ਮੰਗਾਂ ਸੰਬੰਧੀ ਕਾਰਵਾਈ ਕਰਨ ਦਾ ਭਰੋਸਾ ਦਿੱਤਾ ਗਿਆ, ਜਿਸ ਦੇ ਰੋਸ ਵਜੋਂ ਜੰਗਲਾਤ ਮੁਲਾਜਮਾਂ ਵੱਲੋਂ ਸੰਘਰਸ਼ ਨੂੰ ਤੇਜ਼ ਕਰਨ ਦਾ ਐਲਾਨ ਕੀਤਾ ਗਿਆ। ਇਸ ਮੌਕੇ ਉਹਨਾਂ ਮੰਗ ਕੀਤੀ ਹੈ ਕਿ ਵਿਭਾਗ ਅੰਦਰ 3 ਸਾਲ ਕੰਮ ਕਰ ਚੁੱਕੇ ਕੱਚੇ ਦਿਹਾੜੀਦਾਰ ਵਰਕਰਾਂ ਨੂੰ ਤੁਰੰਤ ਪੱਕਾ ਕੀਤ ਜਾਵੇ, ਕੱਚੇ, ਕੰਟਰੈਕਟ ਅਤੇ ਮਸਟਰੋਲ ਕਾਮਿਆਂ ਨੂੰ 6ਵੇਂ ਤਨਖਾਹ ਕਮਿਸ਼ਨ ਦੇ ਘੇਰੇ ਹੇਠ ਲਿਆਂਦਾ ਜਾਵੇ, ਹਰੇਕ ਕੱਚੇ ਵਰਕਰ ਦਾ ਪ੍ਰਾਵੀਡੈਂਟ ਫੰਡ ਕੱਟਿਆ ਜਾਵੇ, ਸਮੂਹ ਕੱਚੇ ਕਾਮਿਆਂ 'ਤੇ ਈਐਸਆਈ ਸਹੂਲਤ ਲਾਗੂ ਕੀਤੀ ਜਾਵੇ, ਮਾਣਯੋਗ ਸੁਪਰੀਮ ਕੋਰਟ ਦਾ ਬਰਾਬਰ ਕੰਮ ਬਰਾਬਰ ਤਨਖਾਹ ਦਾ ਫੈਸਲਾ ਲਾਗੂ ਕੀਤਾ ਜਾਵੇ, ਵਰਕਰਾਂ ਨੂੰ ਪ੍ਰਤੀ ਸਾਲ ਦੋ ਵਾਰ ਗਰਮ ਤੇ ਠੰਢੀ ਵਰਦੀ, ਸੇਫਟੀ ਬੂਟ, ਦਸਤਾਨੇ ਅਤੇ ਫਸਟ ਏਡ ਕਿੱਟਾਂ ਦਿੱਤੀਆਂ ਜਾਣ ਆਦਿ।

ਕੋਰੋਨਾ ਸਮੇਂ ਦੇ ਪੰਜਾਬ ਪੁਲਸ ਵਲੰਟੀਅਰ ਦੇ ਵਫਦ ਨੇ ਮੁੱਖ ਮੰਤਰੀ ਦੇ ਓ ਐੱਸ ਡੀ ਨਾਲ ਕੀਤੀ ਮੀਟਿੰਗ

ਨਾਭਾ (ਵਰਿੰਦਰ ਵਰਮਾ)-ਪੰਜਾਬ ਪੁਲਸ ਵਲੰਟੀਅਰ ਕਰੋਨਾ ਸ਼ੁਰੂ ਹੋਣ ਤੋਂ ਲੈ ਕੇ ਲਗਾਤਾਰ ਦੋ ਸਾਲ ਤੋਂ ਪੰਜਾਬ ਪੁਲਸ ਨਾਲ ਮੋਢੇ ਨਾਲ ਮੋਢਾ ਜੋੜ ਕੇ ਪੰਜਾਬ ਪੁਲਸ ਨਾਲ ਬਿਨਾਂ ਕਿਸੇ ਭੱਤੇ ਤੋਂ ਕੰਮ ਕਰਦੇ ਆ ਰਹੇ ਹਾਂ। ਜਦੋਂ ਡਰ ਦਾ ਮਾਰਿਆ ਕੋਈ ਬਾਹਰ ਵੀ ਨਹੀਂ ਨਿਕਲਦਾ ਸੀ। ਲੋਕ ਆਪਣਿਆਂ ਦੀ ਪਛਾਣ ਕਰਨਾ ਭੁੱਲ ਗਏ ਸੀ, ਉਸ ਸਮੇਂ ਅਸੀਂ ਸਾਰੇ ਹੀ ਪੰਜਾਬ ਪੁਲਸ ਵਲੰਟੀਅਰ ਨੇ ਮੌਤ ਦੀ ਪ੍ਰਵਾਹ ਨਾ ਕਰਦਿਆਂ ਬਿਨਾਂ ਕਿਸੇ ਭੱਤੇ ਦੇ ਆਪਣੀਆਂ ਸੇਵਾਵਾਂ ਨੂੰ ਬਹੁਤ ਮਿਹਨਤ ਤੇ ਤਨਦੇਹੀ ਨਾਲ ਨਿਭਾਇਆ ਹੈ। ਕਈ ਵਾਲੰਟੀਅਰ ਕਰੋਨਾ ਪੌਜ਼ਟਿਵ ਵੀ ਪਾਏ ਗਏ ਸੀ, ਪਰ ਫਿਰ ਵੀ ਅਸੀਂ ਆਪਣੀ ਡਿਊਟੀ ਠੀਕ ਹੋਣ ਉਪਰੰਤ ਜਾਰੀ ਰੱਖੀ। ਕਰੋਨਾ ਦੌਰਾਨ ਹੋਈਆਂ ਮੌਤਾਂ ਦੀ ਅੰਤਿਮ ਰਸਮ (ਸੰਸਕਾਰ) ਸਾਡੇ ਦੁਆਰਾ ਕੀਤੇ ਗਏ ਸੀ। ਇਸ ਦੀ ਜਾਣਕਾਰੀ ਦਿੰਦਿਆਂ ਗੁਰਸੇਵਕ ਸਿੰਘ ਨਾਭਾ, ਦਇਆ ਰਾਮ, ਗੁਰਪ੍ਰੀਤ ਸਿੰਘ, ਫਾਜ਼ਿਲਕਾ ਐਡਮਿਨ, ਬਲਰਾਜ ਸਿੰਘ ਨੇ ਦੱਸਿਆ ਕਿ ਅਸੀਂ ਸਾਰੇ ਪੰਜਾਬ ਵਿੱਚ ਐੱਮ.ਐੱਲ.ਏ. ਕੁਲਦੀਪ ਸਿੰਘ ਧਾਲੀਵਾਲ, ਐੱਮ.ਐੱਲ.ਏ. ਲਾਲਜੀਤ ਸਿੰਘ ਭੁੱਲਰ ਟਰਾਂਸਪੋਰਟ ਮੰਤਰੀ, ਐੱਮ.ਐੱਲ.ਏ. ਲਾਭ ਸਿੰਘ ਉਗੋਕੇ, ਐੱਮ.ਐੱਲ.ਏ. ਅਨਮੋਲ ਗਗਨ ਮਾਨ ਤੇ ਹੋਰ ਵੀ ਐੱਮ.ਐੱਲ.ਏਜ਼ ਨੂੰ ਮਿਲ ਚੁੱਕੇ ਹਾਂ, ਪਰ ਕਿਸੇ ਪ੍ਰਕਾਰ ਦੀ ਕੋਈ ਕਾਰਵਾਈ ਨਹੀਂ ਹੋਈ। ਬੀਤੇ ਦਿਨੀਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਿਹਾਇਸ਼ ਚੰਡੀਗੜ੍ਹ ਵਿਖੇ ਓ.ਐੱਸ.ਡੀ. ਸ. ਸੁਖਵੀਰ ਸਿੰਘ ਨਾਲ ਪੰਜਾਬ ਪੁਲਸ ਵਾਲੰਟੀਅਰ ਦੇ ਸਬੰਧ ਵਿੱਚ ਮੀਟਿੰਗ ਕੀਤੀ ਗਈ। ਓ.ਐੱਸ.ਡੀ. ਨੇ ਵਿਸ਼ਵਾਸ ਦਿਵਾਇਆ ਕਿ ਜਲਦ ਤੁਹਾਡੀ ਮੁੱਖ ਮੰਤਰੀ ਸਾਹਿਬ ਨਾਲ ਗੱਲ ਕਰਕੇ ਜ਼ਰੂਰ ਤੁਹਾਡੇ ਬਾਰੇ ਵਿਚਾਰਿਆ ਜਾਵੇਗਾ।

ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਨੇ ਸੱਤਾ 'ਚ ਆਉਣ ਤੋਂ ਪਹਿਲਾਂ ਸਾਨੂੰ ਪੱਕੇ ਕਰਨ ਲਈ ਵਾਅਦਾ ਵੀ ਕੀਤਾ ਸੀ। ਸਾਡੀ ਮੰਗ ਹੈ ਕਿ ਪੰਜਾਬ ਪੁਲਸ ਵਿੱਚ ਨਹੀਂ ਤਾਂ ਸਾਨੂੰ ਹੋਮਗਾਰਡ ਵਿੱਚ ਸਿੱਧਾ ਰੱਖਿਆ ਜਾਵੇ। ਇਸ ਮੌਕੇ ਜਗਮੀਤ ਸਿੰਘ ਮੁਕਤਸਰ ਸਾਹਿਬ ਐਡਮਿਨ, ਸੰਦੀਪ ਸਿੰਘ ਬਠਿੰਡਾ ਐਡਮਿਨ, ਹਰਵਿੰਦਰ ਸਿੰਘ ਫਿਰੋਜਪੁਰ, ਮਨਪ੍ਰੀਤ ਸਿੰਘ ਫ.ਗ.ਸ. ਐਡਮਿਨ ਤੇ ਸਮੂਹ ਪੰਜਾਬ ਪੁਲਸ ਵਾਲੰਟੀਅਰ ਹਾਜ਼ਰ ਸਨ।

ਕਾਤਰਾਂ

ਵਿਆਹ ਦਾ ਝਾਂਸਾ ਦੇ ਕੇ ਨਾਬਾਲਿਗਾ ਨੂੰ ਲਿਜਾਣ ਦੇ ਦੋਸ਼ 'ਚ ਇਕ ਨਾਮਜ਼ਦ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਵੈਰੋਕੇ ਦੀ ਪੁਲਸ ਨੇ ਇੱਕ ਨਾਬਾਲਿਗ ਲੜਕੀ ਨੂੰ ਵਿਆਹ ਦਾ ਝਾਂਸਾ ਦੇ ਕੇ ਵਰਗਲਾ ਕੇ ਲਿਜਾਣ ਦੇ ਦੋਸ਼ 'ਚ ਇੱਕ ਵਿਅਕਤੀ ਖਿਲਾਫ ਪਰਚਾ ਦਰਜ ਕੀਤਾ ਹੈ। ਪ੍ਰਾਪਤ ਜਾਣਕਾਰੀ ਦੇ ਅਨੁਸਾਰ ਪੀੜਤ ਨਾਬਾਲਿਗ ਲੜਕੀ ਸ਼ਿਮਲਾ ਰਾਣੀ (ਕਲਪਨਿਕ ਨਾਮ) ਉਮਰ ਕਰੀਬ 14 ਸਾਲ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ ਅਮ੍ਰਿਤਪਾਲ ਸਿੰਘ ਪੁੱਤਰ ਗੁਰਮੁੱਖ ਸਿੰਘ ਵਾਸੀ ਚੱਕ ਸੁਹੇਲੇਵਾਲਾ 16 ਨਵੰਬਰ 2022 ਨੂੰ ਸਵੇਰੇ ਕਰੀਬ 1 ਵਜੇ ਉਸ ਨੂੰ ਵਿਆਹ ਦਾ ਝਾਂਸਾ ਦੇ ਕੇ ਮੋਟਰਸਾਈਕਲ 'ਤੇ ਬਿਠਾ ਕੇ ਬਠਿੰਡਾ ਲੈ ਗਿਆ ਤੇ ਇਸ ਦੇ ਬਾਅਦ ਉਸ ਨੂੰ ਅਮ੍ਰਿਤਸਰ ਤੇ ਜਲੰਧਰ ਲੈ ਕੇ ਗਿਆ ਅਤੇ ਅਮ੍ਰਿਤਪਾਲ ਸਿੰਘ ਨੇ ਕਿਸੇ ਘਰ ਵਿੱਚ ਕਮਰਾ ਕਿਰਾਏ 'ਤੇ ਲੈ ਕੇ 10 ਦਿਨ ਰੱਖਿਆ ਤੇ ਉਸ ਨਾਲ ਸਰੀਰਕ ਸਬੰਧ ਬਣਾਏ, ਜਿਸ ਦੇ ਬਾਅਦ 26 ਨਵੰਬਰ 2022 ਨੂੰ ਜਲਾਲਾਬਾਦ ਬੁੱਤ ਵਾਲਾ ਚੌਕ ਵਿੱਚ ਛੱਡ ਗਿਆ। ਉਸ ਦੇ ਬਾਅਦ ਮਾਪਿਆਂ ਨੇ ਪੀੜਤ ਲੜਕੀ ਨੂੰ ਸਰਕਾਰੀ ਹਸਪਤਾਲ ਜਲਾਲਾਬਾਦ ਵਿਖੇ ਦਾਖਲ ਕਰਵਾਇਆ। ਪੁਲਸ ਨੇ ਪੀੜਤ ਲੜਕੀ ਦੇ ਬਿਆਨਾਂ ਦੇ ਅਧਾਰ 'ਤੇ ਅਮ੍ਰਿਤਪਾਲ ਸਿੰਘ ਖਿਲਾਫ ਧਾਰਾ 363,366 ਏ ਆਈਪੀਸੀ ਅਤੇ 4 ਪੋਸਕੋ ਐਕਟ ਤਹਿਤ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

ਸਟੇਟ ਬੈਂਕ ਆਫ ਇੰਡੀਆ ਵੱਲੋਂ ਬਡਰੁੱਖਾਂ 'ਚ ਮੁਦਰਾ ਲੋਨ ਕੈਂਪ

ਸੰਗਰੂਰ (ਪ੍ਰਵੀਨ ਸਿੰਘ)-ਪਿੰਡ ਬਡਰੁੱਖਾਂ ਸੰਗਰੂਰ ਵਿਖੇ ਮੁਦਰਾ ਲੋਨ ਕੈਂਪ ਆਨੰਦ ਕੁਮਾਰ ਗੁਪਤਾ ਰੀਜਨਲ ਮੈਨੇਜਰ ਸੰਗਰੂਰ ਦੀ ਪ੍ਰਧਾਨਗੀ ਹੇਠ ਲਗਾਇਆ ਗਿਆ। ਉਹਨਾਂ ਨੇ ਇਸ ਮੌਕੇ ਮੁਦਰਾ ਲੋਨ ਸਕੀਮਾਂ ਬਾਰੇ ਜਾਗਰੂਕ ਕੀਤਾ, ਲੋਨ ਲੈ ਕੇ ਆਪਣੇ ਕਿੱਤੇ ਨੂੰ ਸ਼ੁਰੂ ਕਰ ਕੇ ਆਤਮ-ਨਿਰਭਰ ਅਤੇ ਆਰਥਿਕ ਪੱਖੋਂ ਮਜ਼ਬੂਤ ਬਣਨ ਲਈ ਪ੍ਰੇਰਿਤ ਕੀਤਾ। ਸੰਜੀਵ ਗਰਗ ਨੇ ਮੁਦਰਾ ਲੋਨ ਸਕੀਮਾਂ ਬਾਰੇ ਦੱਸਦੇ ਹੋਏ, ਲੋਨ ਲੈ ਕੇ ਨਿਰਧਾਰਤ ਸਮੇਂ ਸਿਰ ਵਾਪਸ ਕਰਨ ਲਈ ਕਿਹਾ ਅਤੇ ਜਿਸ ਕੰਮ ਲਈ ਲੋਨ ਲਿਆ ਹੈ ਉਸੇ ਕੰਮ ਨੂੰ ਸ਼ੁਰੂ ਕਰਨ ਜਾਂ ਵਧਾਉਣ ਲਈ ਕਿਹਾ। ਸੰਜੀਵ ਅਗਰਵਾਲ, ਜਗਦੀਸ਼ ਕਾਲੜਾ ਨੇ ਭਾਰਤ ਸਰਕਾਰ ਵੱਲੋਂ ਸੋਸ਼ਲ ਸਕਿਓਰਿਟੀ ਸਕੀਮਾਂ ਅਤੇ ਅਟੱਲ ਪੈਨਸ਼ਨ ਯੋਜਨਾ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਦਿਲੀਪ ਕੁਮਾਰ ਡਾਇਰੈਕਟਰ ਨੇ ਬਡਰੁੱਖਾਂ ਵਿਖੇ ਕਈ ਤਰ੍ਹਾਂ ਦੀਆਂ ਕਿੱਤਾਮੁਖੀ ਟ੍ਰੇਨਿੰਗਾਂ ਜੋ ਕਿ ਬਿਲਕੁਲ ਮੁਫਤ ਕਰਵਾਈਆਂ ਜਾਂਦੀਆਂ ਹਨ ਉਹਨਾਂ ਦਾ ਲਾਭ ਲੈਣ ਅਤੇ ਉਸ ਤੋਂ ਬਾਅਦ ਉਹਨਾਂ ਨੂੰ ਮੁਦਰਾ ਲੋਨ ਆਦਿ ਲੈਣ ਵਿੱਚ ਮਦਦ ਕਰਦੇ ਹੋਏ ਉਹਨਾਂ ਨੂੰ ਆਤਮ ਨਿਰਭਰ ਬਣਾਉਣ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਮੁਦਰਾ ਲੋਨ ਕੈਂਪ ਵਿੱਚ ਸਿਖਲਾਈ ਲੈ ਚੁੱਕੇ ਸਿਖਿਆਰਥੀਆਂ ਅਤੇ ਨਵੇਂ ਉਮੀਦਵਾਰਾਂ ਦੀਆਂ ਮੁਦਰਾ ਲੋਨ ਐਪਲੀਕੇਸ਼ਨਾਂ ਭਰਵਾਈਆਂ ਗਈਆਂ ਤਾਂ ਕਿ ਉਹ ਆਪਣਾ ਕੰਮ ਸ਼ੁਰੂ ਕਰਕੇ ਆਪ ਨੂੰ ਅਤੇ ਆਪਣੇ ਪਰਵਾਰ ਨੂੰ ਆਰਥਿਕ ਪੱਖੋਂ ਮਜ਼ਬੂਤ ਬਣਾਉਣ। ਇਸ ਮੌਕੇ ਅਸੀਸ ਕੁਮਾਰ, ਬਾਲ ਕ੍ਰਿਸ਼ਨ, ਅਮਨਦੀਪ ਠਾਕੁਰ, ਮਨਜਿੰਦਰ ਸਿੰਘ, ਮਦਨਜੀਤ ਸ਼ਰਮਾ, ਹਰਦੀਪ ਸਿੰਘ ਵੀ ਮੌਜੂਦ ਸਨ।

ਕੁੱਟਮਾਰ ਦੇ ਦੋਸ਼ 'ਚ 7 ਨਾਮਜ਼ਦ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਿਟੀ ਪੁਲਸ ਨੇ ਸਥਾਨਕ ਸ਼ਹੀਦ ਉਧਮ ਸਿੰਘ ਪਾਰਕ ਵਿਖੇ ਹੋਈ ਲੜਾਈ ਦੇ ਸਬੰਧ 'ਚ 7 ਵਿਅਕਤੀਆਂ ਖਿਲਾਫ ਪਰਚਾ ਦਰਜ ਕੀਤਾ ਹੈ। ਪ੍ਰਾਪਤ ਜਾਣਕਾਰੀ ਦੇ ਅਨੁਸਾਰ ਮੁਦੱਈ ਗੁਰਮੁੱਖ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਖੇਰੇਕੇ ਉਤਾੜ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਗਏ ਹਨ ਕਿ 23 ਨਵੰਬਰ 2022 ਨੂੰ ਦੁਪਹਿਰੇ ਕਰੀਬ 3 ਵਜੇ ਸੇਵਕ ਢਿੱਲੋਂ ਵਗੈਰਾ ਨੇ ਸ਼ਹੀਦ ਉਧਮ ਸਿੰਘ ਪਾਰਕ ਵਿੱਚ ਉਸ ਦੇ ਨਾਲ ਕੁੱਟਮਾਰ ਕੀਤੀ ਤੇ ਪਿਸਤੌਲ ਦੀ ਵਰਤੋਂ ਕਰਦੇ ਹੋਏ ਫਾਇਰ ਵੀ ਕੀਤੀ, ਜਿਸ 'ਤੇ ਉਸ ਨੂੰ ਇਲਾਜ ਲਈ ਦਾਖਲ ਕਰਵਾਇਆ ਗਿਆ। ਪੁਲਸ ਨੇ ਗੁਰਮੁੱਖ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਸੇਵਕ ਢਿੱਲੋਂ ਪੁੱਤਰ ਸੁਰਜੀਤ ਸਿੰਘ ਵਾਸੀ ਜੰਡਵਾਲਾ (ਵੈਰੋਕੇ ਥਾਣਾ), ਅਰਵਿੰਦਰ ਸੋਢੀ ਪੁੱਤਰ ਗੁਰਵਿੰਦਰ ਸਿੰਘ ਵਾਸੀ ਟਿੱਲੂ ਅਰਾਈ (ਥਾਣਾ ਗੁਰੂ ਹਰਸਹਾਏ), ਅਰੁਣ ਕੰਬੋਜ ਪੁੱਤਰ ਭਗਵਾਨ ਦਾਸ ਵਾਸੀ ਖੈਰੇਕੇ (ਥਾਣਾ ਗੁਰੂ ਹਰਸਹਾਏ), ਹਰਮਨ ਸਿੰਘ ਵਾਸੀ ਜਲਾਲਾਬਾਦ, ਕਮਲ ਵਾਸੀ ਮਿੱਡਾ, ਬਿੱਟੂ ਵੈਨ ਵਾਲਾ ਤੇ ਇਕ ਅਣਪਛਾਤੇ ਵਿਅਕਤੀ ਖਿਲਾਫ ਮੁਕੱਦਮਾ ਦਰਜ ਕੀਤਾ ਹੈ।

ਸੀਟੂ ਵਰਕਰਾਂ ਵੱਲੋਂ ਬੱਸ ਸਟੈਂਡ ਵਿਖੇ ਰੋਸ ਪ੍ਰਦਰਸ਼ਨ

ਕੇਂਦਰ ਦੇਸ਼ ਨੂੰ ਕਾਰਪੋਰੇਟ ਘਰਾਣਿਆਂ ਕੋਲ ਗਿਰਵੀ ਰੱਖ ਰਿਹੈ : ਰੇਸ਼ਮ ਸਿੰਘ

ਨਾਇਬ ਤਹਿਸੀਲਦਾਰ ਪਾਤੜਾਂ ਨੂੰ ਮੰਗ ਪੱਤਰ ਸੌਂਪਦੇ ਹੋਏ ਸੀਟੂ ਆਗੂ।

ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਮਜ਼ਦੂਰਾਂ ਦੀਆਂ ਹੱਕੀ ਮੰਗਾਂ ਦੇ ਹੱਲ ਲਈ ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨ (ਸੀਟੂ) ਵੱਲੋਂ ਚੱਲ ਰਹੇ ਦੇਸ਼ ਵਿਆਪੀ ਸੰਘਰਸ਼ ਦੇ ਸੱਦੇ 'ਤੇ ਕੀਤੇ ਜਾ ਰਹੇ ਰੋਸ ਪ੍ਰਦਰਸ਼ਨਾਂ ਦੀ ਲੜੀ ਤਹਿਤ ਬਲਾਕ ਪਾਤੜਾਂ ਵਿਖੇ ਸੀਟੂ ਦੀ ਸੂਬਾਈ ਵਰਕਿੰਗ ਕਮੇਟੀ ਮੈਂਬਰ ਅੰਮ੍ਰਿਤਪਾਲ ਕੌਰ ਦੀ ਅਗਵਾਈ ਹੇਠ ਬੱਸ ਸਟੈਂਡ ਪਾਤੜਾਂ ਵਿਖੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੇ ਵਰਕਰਾਂ ਨੇ ਕੇਂਦਰ ਤੇ ਪੰਜਾਬ ਸਰਕਾਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਦੌਰਾਨ ਸੀਟੂ ਵਰਕਰਾਂ ਵੱਲੋਂ ਕੇਂਦਰ ਸਰਕਾਰ ਦੇ ਨਾਮ ਨਾਇਬ ਤਹਿਸੀਲਦਾਰ ਪਾਤੜਾਂ ਭੀਮ ਸੈਨ ਨੂੰ ਸੌਂਪਿਆ ਗਿਆ।

ਰੋਸ ਪ੍ਰਦਰਸ਼ਨ ਦੌਰਾਨ ਜੁੜੇ ਇਕੱਠ ਨੂੰ ਸੰਬੋਧਨ ਕਰਦਿਆਂ ਸੀ ਪੀ ਐੱਮ ਦੇ ਸੀਨੀਅਰ ਆਗੂ ਰੇਸ਼ਮ ਸਿੰਘ ਨੇ ਕਿਹਾ ਕਿ ਕੇਂਦਰ ਦੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਵੱਲੋਂ ਦੇਸ਼ ਨੂੰ ਕਾਰਪੋਰੇਟ ਘਰਾਣਿਆਂ ਕੋਲ ਗਿਰਵੀ ਰੱਖਣ ਦੀਆਂ ਸਾਜ਼

2-DEC-PAGE- 8.qxd 12/1/2022 10:38 PM Page 1

ਜਨ ਸੁਣਵਾਈ ਕੈਂਪ ਲਗਾ ਕੇ ਪ੍ਰਸ਼ਾਸਨ ਵੱਲੋਂ ਆਮ ਲੋਕਾਂ ਦੀਆਂ ਮੁਸ਼ਕਲਾਂ ਹੱਲ ਕਰਨ ਦਾ ਉਪਰਾਲਾ : ਰਾਣਾ

ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)-ਦੂਰ ਦੁਰਾਡੇ ਪੇਂਡੂ ਖੇਤਰਾਂ ਵਿਚ ਰਹਿ ਰਹੇ ਲੋਕਾਂ ਨੂੰ ਆਪਣੀਆਂ ਮੁਸ਼ਕਿਲਾ ਤੇ ਸਮੱਸਿਆਵਾ ਹੱਲ ਕਰਵਾਉਣ ਲਈ ਜ਼ਿਲ੍ਹਾ ਦਫਤਰਾਂ ਵਿੱਚ ਆਉਣ ਜਾਣ ਦੀ ਬੇਲੋੜੀ ਖੱਜਲ ਖੁਆਰੀ ਨੂੰ ਦੂਰ ਕਰਨ ਲਈ ਪ੍ਰਸਾਸਨ ਨੇ ਪਿੰਡਾਂ ਵਿੱਚ ਜਨ ਸੁਣਵਾਈ ਕੈਂਪ ਲਗਾਉਣ ਦੀ ਸ਼ੁਰੂਆਤ ਕੀਤੀ ਹੈ। ਕੈਂਪ ਵਿੱਚ ਆਉਣ ਵਾਲੇ ਲੋਕਾਂ ਦੀਆਂ ਮੁਸ਼ਕਿਲਾਂ ਦਾ ਨਿਯਮਾ ਅਨੁਸਾਰ ਮੌਕੇ ਤੇ ਹੀ ਨਿਪਟਾਰਾ ਕਰਨ ਨੂੰ ਤਰਜੀਹ ਦਿੱਤੀ ਹੈ ਅਤੇ ਬਕਾਇਆ ਮਾਮਲੇ ਸਮਾਬੱਧ ਹੱਲ ਕਰਕੇ ਲੋਕਾਂ ਨੂੰ ਰਾਹਤ ਦਿੱਤੀ ਜਾ ਰਹੀ ਹੈ। ਇਹ ਪ੍ਰਗਟਾਵਾ ਮਨੀਸ਼ਾ ਰਾਣਾ ਆਈ.ਏ.ਐਸ ਉਪ ਮੰਡਲ ਮੈਜਿਸਟ੍ਰੇਟ ਸ੍ਰੀ ਅਨੰਦਪੁਰ ਸਾਹਿਬ ਨੇ ਸਬ ਤਹਿਸੀਲ ਨੂਰਪੁਰ ਬੇਦੀ ਦੇ ਪਿੰਡਾਂ ਬਜਰੂੜ, ਅਬਿਆਣਾ, ਸਰਥਲੀ ਦੇ ਲੋਕਾਂ ਦੀਆਂ ਮੁਸ਼ਕਿਲਾ ਸੁਣਨ ਮੌਕੇ ਕੀਤਾ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਚਲਾਈਆ ਜਾ ਰਹੀਆਂ ਲੋਕ ਭਲਾਈ ਸਕੀਮਾਂ ਦਾ ਲਾਭ ਲੈਣ ਤੋਂ ਲੋੜਵੰਦ ਲੋਕ ਆਮ ਤੌਰ 'ਤੇ ਜਾਣਕਾਰੀ ਦੀ ਅਣਹੋਂਦ ਕਾਰਨ ਵਾਝੇ ਰਹਿ ਜਾਂਦੇ ਹਨ। ਸਾਡਾ ਇਹ ਉਪਰਾਲਾ ਹੈ ਕਿ ਲੋਕਾਂ ਤੱਕ ਸਰਕਾਰੀ ਯੋਜਨਾਵਾ ਦਾ ਲਾਭ ਸਮੇਂ ਸਿਰ ਪਹੁੰਚਾਇਆ ਜਾਵੇ, ਦੂਰ

ਦੁਰਾਂਡੇ ਦੇ ਪਿੰਡਾਂ ਦੇ ਲੋਕਾਂ ਦੀਆਂ ਮੁਸਕਿਲਾਂ ਦਾ ਨਿਪਟਾਰਾ ਕਰਨ ਵਿੱਚ ਦੇਰੀ ਨਾ ਹੋਵੇ, ਇਸ ਲਈ ਪ੍ਰਸ਼ਾਸ਼ਨ ਵੱਲੋ ਡਿਪਟੀ ਕਮਿਸ਼ਨਰ ਰੂਪਨਗਰ ਡਾ.ਪ੍ਰੀਤੀ ਯਾਦਵ ਦੇ ਦਿਸ਼ਾ ਨਿਰਦੇਸ਼ਾ ਤਹਿਤ ਜਿਲ੍ਹੇ ਦੇ ਵੱਖ ਵੱਖ ਉਪ ਮੰਡਲਾਂ ਵਿੱਚ ਇਹ ਕੈਂਪ ਆਯੋਜਿਤ ਕੀਤੇ ਗਏ ਹਨ। ਉਨ੍ਹਾਂ ਨੇ ਕਿਹਾ ਕਿ ਜਿਹੜੇ ਮਾਮਲੇ ਸਾਡੇ ਕੋਲ ਲੈ ਕੇ ਆ ਰਹੇ ਹਨ, ਉਨ੍ਹਾਂ ਦਾ ਨਿਪਟਾਰਾ ਮਾਮਲੇ ਦੀ ਜਾਂਚ ਕਰਕੇ ਸਮਾਬੱਧ ਹੋਵੇਗਾ। ਉਨ੍ਹਾਂ ਨੇ ਕਿਹਾ ਕਿ ਲੋਕਾਂ ਵੱਲੋਂ ਅੱਜ ਇਸ ਕੈਂਪ ਵਿੱਚ ਦਿੱਤੀਆਂ ਦਰਖਾਸਤਾਂ, ਸ਼ਿਕਾਇਤਾਂ, ਮੁਸ਼ਕਿਲਾਂ ਤੇ ਸਮੱਸਿਆਵਾਂ ਬਾਰੇ ਸਬੰਧਿਤ ਵਿਭਾਗਾਂ ਦੇ ਅਧਿਕਾਰੀ ਸ਼ਾਮ ਤੱਕ ਆਪਣੀ ਰਿਪੋਰਟ ਦੇਣਗੇ ਅਤੇ ਕੀਤੀ ਗਈ ਕਾਰਵਾਈ ਬਾਰੇ ਸਬੰਧਿਤ ਦਰਖਾਸਤ ਕਰਤਾ ਨੂੰ ਕੀਤੀ ਗਈ ਕਾਰਵਾਈ ਬਾਰੇ ਸੂਚਿਤ ਕੀਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਆਮ ਲੋਕ ਹਰ ਕੰਮਕਾਜ ਵਾਲੇ ਦਿਨ 11 ਤੋ 1 ਵਜੇ ਤੱਕ ਉਪ ਮੰਡਲ ਦਫਤਰ ਵਿੱਚ ਆ ਕੇ ਆਪਣੀ ਸਮੱਸਿਆ ਦੱਸ ਕੇ ਉਸ ਦਾ ਢੁਕਵਾ ਹੱਲ ਕਰਵਾ ਸਕਦੇ ਹਨ। ਪ੍ਰਸ਼ਾਸ਼ਨ ਦੀ ਆਮ ਲੋਕਾਂ ਪ੍ਰਤੀ ਜਿੰਮੇਵਾਰੀ ਹੈ ਅਤੇ ਉਨ੍ਹਾਂ ਦੀ ਹਰ ਸੰਭਵ ਸਹਾਇਤਾ ਕਰਨਾ ਸਾਡਾ ਫਰਜ਼ ਹੈ। ਸਹਾਇਕ ਕਮਿਸ਼ਨਰ ਸ਼ਿਕਾਇਤਾਂ ਅਨਮਜੋਤ ਕੌਰ ਨੇ ਕਿਹਾ ਕਿ ਲੋਕ ਆਪਣੀਆਂ ਮੁਸ਼ਕਿਲਾਂ ਸਰਲ ਤੇ ਸੰਖੇਪ ਢੰਗ ਨਾਲ ਪ੍ਰਸਾਸ਼ਨ ਦੇ ਧਿਆਨ ਵਿਚ ਲਿਆਉਣ, ਸਰਕਾਰ ਵੱਲੋ ਲੋਕਾਂ ਦੀ ਸੁਵਿਧਾ ਲਈ ਪੇਂਡੂ ਖੇਤਰਾਂ ਵਿੱਚ ਇਹ ਕੈਂਪ ਲਗਾਉਣ ਦਾ ਉਪਰਾਲਾ ਕੀਤਾ ਗਿਆ ਹੈ, ਜਿਸ ਦਾ ਹਰ ਵਿਅਕਤੀ ਨੂੰ ਲਾਭ ਲੈਣਾ ਚਾਹੀਦਾ ਹੈ। ਕੈਂਪ ਵਿੱਚ ਇਨ੍ਹਾਂ ਪਿੰਡਾਂ ਦੇ ਲੋਕਾਂ ਨੇ ਹੱਡਾਰੋੜੀ, ਗੰਦੇ ਪਾਣੀ ਦੀ ਨਿਕਾਸੀ, ਸੜਕਾਂ ਦੀ ਮੁਰੰਮਤ, ਪੈਨਸ਼ਨਾਂ ਤੇ ਮਾਲ ਵਿਭਾਗ ਵਿੱਚ ਬਕਾਇਆ ਮਾਮਲੇ ਆਦਿ ਬਾਰੇ ਆਪਣੀਆਂ ਮੁਸ਼ਕਿਲਾਂ/ਸਮੱਸਿਆਵਾਂ ਦੱਸੀਆਂ, ਜਿਨ੍ਹਾਂ ਦਾ ਅਧਿਕਾਰੀਆਂ ਨੇ ਨਿਯਮਾ ਅਨੁਸਾਰ ਹੱਲ ਕਰਨ ਅਤੇ ਸਮੱਸਿਆਵਾਂ ਦੇ ਨਿਪਟਾਰੇ ਉਪਰੰਤ ਸਬੰਧਿਤ ਧਿਰਾਂ ਨੂੰ ਸੂਚਿਤ ਕਰਨ ਲਈ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ। ਇਸ ਮੌਕੇ ਨਾਇਬ ਤਹਿਸੀਲਦਾਰ ਰਿਤੂ ਕਪੂਰ, ਬਲਾਕ ਵਿਕਾਸ ਤੇ ਪੰਚਾਇਤ ਅਫਸਰ ਈਸ਼ਾਨ ਚੌਧਰੀ ਅਤੇ ਹੋਰ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਸੀ ਡੀ ਪੀ ਓ ਦਫਤਰ ਦੇ ਮੁਲਾਜ਼ਮਾਂ ਵੱਲੋਂ ਕਲਮਛੋੜ ਹੜਤਾਲ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ) ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਮੁਲਾਜਮ ਐਸੋਸੀਏਸ਼ਨ ਪੰਜਾਬ ਦੇ ਸੱਦੇ ਤੇ ਸ੍ਰੀ ਅਨੰਦਪੁਰ ਸਾਹਿਬ ਦੇ ਸੀ.ਡੀ.ਪੀ.ਓ. ਦਫਤਰ ਦੇ ਸਮੂਹ ਸਟਾਫ ਵੱਲੋਂ ਬੀਤੇ 4 ਮਹੀਨਿਆਂ ਤੋਂ ਤਨਖਾਹ ਨਾ ਮਿਲਣ ਅਤੇ ਦਫਤਰੀ ਖਰਚੇ ਲਈ ਸਰਕਾਰੀ ਬਜਟ ਜਾਰੀ ਨਾ ਕੀਤੇ ਜਾਣ ਕਾਰਨ ਰੋਸ ਵਜੋਂ ਸੂਬਾ ਸਰਕਾਰ ਖਿਲਾਫ ਰੋਸ ਪ੍ਰਗਟ ਕੀਤਾ ਗਿਆ। ਇਸ ਦੌਰਾਨ ਸਮੂਹ ਮੁਲਾਜਮਾਂ ਨੇ ਦਫਤਰ ਦਾ ਕੰਮ ਬੰਦ ਕਰਦੇ ਹੋਏ ਅਣਮਿੱਥੇ ਸਮੇਂ ਲਈ

ਕਲਮਛੋੜ ਹੜਤਾਲ ਆਰੰਭ ਕਰ ਦਿੱਤੀ ਹੈ। ਇਸ ਸੰਬੰਧੀ ਵਧੇਰੇ ਜਾਣਕਾਰੀ ਦਿੰਦੇ ਹੋਏ ਕਲਰਕ ਗੁਰਦੇਵ ਸਿੰਘ ਮਜਾਰੀ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਮੁਲਾਜਮਾਂ ਦੀ ਤਨਖਾਹ ਪਿਛਲੇ ਚਾਰ ਮਹੀਨਿਆਂ ਤੋਂ ਨਹੀਂ ਦਿੱਤੀ ਗਈ, ਜਿਸ ਕਾਰਨ ਮੁਲਾਜਮਾਂ ਨੂੰ ਆਪਣਾ ਗੁਜਾਰਾ ਕਰਨਾ ਬਹੁਤ ਮੁਸ਼ਕਿਲ ਹੋਇਆ ਪਿਆ ਹੈ। ਇਥੋਂ ਤੱਕ ਕਿ ਸਰਕਾਰ ਵੱਲੋਂ ਦਫਤਰੀ ਖਰਚੇ, ਬਿਜਲੀ, ਟੈਲੀਫੋਨ ਅਤੇ ਬਿਲਡਿੰਗ ਸਬੰਧੀ ਕੋਈ ਵੀ ਬਜਟ ਨਹੀਂ ਜਾਰੀ ਕੀਤਾ ਗਿਆ। ਜਿਸ ਕਾਰਨ ਦਫਤਰੀ ਕੰਮਕਾਜ ਚਲਾਉਣਾ ਵੀ ਔਖਾ ਹੋਇਆ ਪਿਆ ਹੈ। ਇਸ ਦੌਰਾਨ ਉਕਤ ਮੁਲਾਜਮਾਂ ਨੇ ਜਿੱਥੇ ਆਪਣਿਆਂ ਮੁਸਕਿਲਾਂ ਸੰਬੰਧੀ ਇੱਕ ਮੰਗ ਪੱਤਰ ਸੀ ਡੀ ਪੀ ਓ ਸ੍ਰੀ ਅਨੰਦਪੁਰ ਸਾਹਿਬ ਮੈਡਮ ਜਗਮੋਹਨ ਕੌਰ ਨੂੰ ਦਿੱਤਾ ਉਥੇ ਹੀ ਚਿਤਾਵਨੀ ਦਿੰਦੇ ਹੋਏ ਕਿਹਾ ਕਿ ਜਦੋਂ ਤੱਕ ਸਰਕਾਰ ਉਨ੍ਹਾਂ ਦੀ ਪਿਛਲੇ 4 ਮਹੀਨਿਆਂ ਦੀ ਤਨਖਾਹ ਅਤੇ ਦਫਤਰੀ ਖਰਚਿਆਂ ਲਈ ਬਜਟ ਜਾਰੀ ਨਹੀਂ ਕਰੇਗੀ ਸਾਡੀ ਇਹ ਕਲਮ ਛੋੜ ਹੜਤਾਲ ਜਾਰੀ ਰਹੇਗੀ। ਨਾਲ ਹੀ ਉਨ੍ਹਾਂ ਕਿਹਾ ਕਿ ਜੇਕਰ ਨੇੜ ਭਵਿੱਖ ਵਿੱਚ ਲੋੜ ਪਈ ਤਾਂ ਅਸੀਂ ਆਪਣੇ ਸੰਘਰਸ਼ ਨੂੰ ਹੋਰ ਤੇਜ ਕਰਾਂਗੇ ਜਿਸਦੀ ਸਾਰੀ ਜਿੰਮੇਵਾਰੀ ਮੌਜੂਦਾ ਸਰਕਾਰ ਦੀ ਹੋਵੇਗੀ। ਇਸ ਮੌਕੇ ਸੁਪਰਵਾਈਜਰ ਅਨੁਰਾਧਾ,ਸੁਰਿੰਦਰ ਦੇਵੀ, ਮਸਕੀਨੋ,ਹਰਮਿੰਦਰ ਕੌਰ,ਸੁਰਿੰਦਰ ਕੌਰ ਦਰਸਨ ਕੌਰ ਅਤੇ ਸੁਸ਼ਮਾ ਦੇਵੀ ਆਦਿ ਵੀ ਮੌਜੂਦ ਸਨ।

ਸਪੀਕਰ ਵੱਲੋਂ ਆਰਗੈਨਿਕ ਖੇਤੀ ਪਤੀ ਕਿਸਾਨਾਂ ਨੂੰ ਲੋਕ ਲਹਿਰ ਉਸਾਰਨ ਦਾ ਸੱਦਾ

ਚੰਡੀਗੜ੍ਹ, (ਗੁਰਜੀਤ ਬਿੱਲਾ)-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਖਾਦਾਂ ਅਤੇ ਰਸਾਇਣਾਂ ਆਧਾਰਿਤ ਖੇਤੀ ਦੇ ਰੁਝਾਨ ਮੋੜਾ ਦੇਣ ਅਤੇ ਇਸ ਦੀ ਥਾਂ ਆਰਗੈਨਿਕ ਖੇਤੀ ਵੱਲ ਨੂੰ ਕਦਮ ਪੁੱਟਣ ਵਾਸਤੇ ਕਿਸਾਨਾਂ ਨੂੰ ਲੋਕ ਲਹਿਰ ਉਸਾਰਨ ਦਾ ਸੱਦ ਦਿੱਤਾ ਹੈ। ਪੰਜਾਬ ਵਿਧਾਨ ਸਭਾ ਵਿੱਚ ਖੇਤੀ ਵਿਰਾਸਤ ਮਿਸ਼ਨ ਦੇ ਸਹਿਯੋਗ ਨਾਲ ਆਰਗੈਨਿਕ ਖੇਤੀ ਦੇ ਖੇਤਰ ਵਿੱਚ ਨਵੀਆਂ ਪੈੜਾਂ ਪਾਉਣ ਅਤੇ ਪਰਾਲੀ ਨੂੰ ਨਾ ਸਾੜਨ ਵਾਲੇ ਕਿਸਾਨਾਂ ਦੇ ਸਨਮਾਨ ਲਈ ਕਰਾਏ ਗਏ ਸਮਰੋਹ ਦੌਰਾਨ ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਸੰਧਵਾਂ ਨੇ ਕਿਹਾ ਕਿ ਅੰਮ੍ਰਿਤ ਵਾਰਗੇ ਪਾਣੀ, ਸ਼ੁੱਧ ਹਵਾ ਅਤੇ ਸਿਹਤਮੰਦ ਉਪਜਾਊ ਭੂਮੀ ਵਾਲੇ ਪੰਜਾਬ ਨੂੰ ਗਲਤ ਨੀਤੀਆਂ ਦੇ ਕਾਰਨ ਦੂਸ਼ਤ ਪਾਣੀ, ਜ਼ਹਿਰੀਲੀ ਹਵਾ ਅਤੇ ਗੈਰ-ਉਪਜਾਊ ਭੂਮੀ ਵਿੱਚ ਬਦਲ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਖੇਤੀ ਵਿੱਚ ਖਾਦਾਂ, ਰਸਾਇਣਾਂ, ਨਦੀਨ ਨਾਸ਼ਕਾਂ ਅਤੇ ਕੀਟ ਨਾਸ਼ਕਾਂ ਦੀ ਹੱਦੋਂ ਵੱਧ ਵਰਤੋਂ ਕਾਰਨ ਲੋਕ ਬਿਮਾਰੀਆਂ ਵਿੱਚ ਘਿਰ ਗਏ ਹਨ ਅਤੇ ਕੈਂਸਰ ਨਾਲ ਰੋਜ਼ਾਨਾਂ ਮੌਤਾਂ ਹੋ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਪਹਿਲਾਂ ਵਾਲੀ ਸਥਿਤੀ ਵਿੱਚ ਲਿਆਉਣ ਲਈ ਆਰਗੈਨਿਕ ਖੇਤੀ ਵੱਲ ਵਧਣ ਦੀ ਲੋੜ ਹੈ। ਸੰਧਵਾਂ ਨੇ ਕਿਹਾ ਕਿ ਖੇਤੀ ਇੱਕ ਜੀਵਨ ਜਾਂਚ ਹੈ ਅਤੇ ਵਪਾਰਕ ਤੇ ਬਜ਼ਾਰਵਾਦੀ ਰੁਝਾਨ ਨੇ ਇਸ ਨੂੰ ਖੇਤੀ ਵਪਾਰ ਵਿੱਚ ਬਦਲ ਦਿੱਤਾ ਹੈ। ਉਨ੍ਹਾਂ ਕਿਹਾ ਕਿ ਖੇਤੀ ਸਿਰਫ ਖੇਤੀ ਹੀ ਰਹਿਣੀ ਚਾਹੀਦੀ ਹੈ ਅਤੇ ਇਸ ਨੂੰ ਕੇਵਲ ਤੇ ਕੇਵਲ ਵਪਾਰ ਨਹੀਂ ਬਨਾਉਣਾ ਚਾਹੀਦਾ। ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਪੰਜਾਬ ਸਰਕਾਰ ਵੱਲੋਂ ਲਿਆਂਦੀ ਜਾ ਰਹੀ ਖੇਤੀ ਨੀਤੀ ਵਿੱਚ ਵੱਖਰੀ ਆਰਗੈਨਿਕ ਖੇਤੀ ਨੀਤੀ ਵੀ ਲਿਆਂਦੀ ਜਾਵੇਗੀ। ਉਨ੍ਹਾਂ ਕਿਹਾ ਕਿ ਆਰਗੈਨਿਕ ਖੇਤੀ ਨੂੰ ਅਪਨਾਉਣ ਵਾਲੇ ਕਿਸਾਨਾਂ ਨੇ ਜਿੱਥੇ ਜ਼ੋਖਮ ਲਿਆ ਹੈ, ਉਥੇ ਗੁਰੂ ਨਾਨਕ ਦੇਵ ਜੀ ਦੀ ਬਾਣੀ 'ਤੇ ਪਹਿਰਾ ਦੇ ਕੇ ਪਾਣੀ, ਭੋਂ ਅਤੇ ਹਵਾ ਨੂੰ ਬਚਾਉਣ ਵੱਲ ਕਦਮ ਵੀ ਪੁੱਟੇ ਹਨ। ਇਸ ਤੋਂ ਪਹਿਲਾਂ ਕਿਸਾਨਾਂ ਨੂੰ ਸੰਬੋਧਨ ਕਰਦੇ ਹੋਏ ਖੇਤੀਬਾੜੀ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਸਮੁੱਚੀ ਵਿਵਸਥਾ ਵਿੱਚ ਤਬਦੀਲੀ ਲਿਆਉਣ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਇਸ ਪਰਿਵਰਤਨ ਦੇ ਹਿੱਸੇ ਵਜੋਂ ਪੰਜਾਬ ਸਰਕਾਰ ਇਸ ਸਾਲ ਮਾਰਚ ਤੱਕ ਆਪਣੀ ਖੇਤੀ ਨੀਤੀ ਲਿਆਵੇਗੀ ਅਤੇ ਇਸ ਵਿੱਚ ਆਰਗੈਨਿਕ ਖੇਤੀ ਕਰਨ ਵਾਲੇ ਕਿਸਾਨਾਂ ਵਾਸਤੇ ਵੱਖਰੀ ਰੂਪ ਰੇਖਾ ਉਲੀਕੀ ਜਾਵੇਗੀ। ਇਸ ਦਾ ਮਕਸਦ ਕੁਦਰਤੀ ਖੇਤੀ ਨੂੰ ਉਭਾਰਨਾ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਨੀਤੀ ਬਣਨ ਤੋਂ ਬਾਅਦ ਬਜਟ ਵਿੱਚ ਫੰਡਾਂ ਦੀ ਵਿਵਸਥਾ ਕੀਤੀ ਜਾਵੇਗੀ। ਨਰੇਗਾ ਵਰਕਰਾਂ ਦੀਆਂ ਆਰਗੈਨਿਕ ਖੇਤੀ ਕਰਨ ਵਾਲੇ ਕਿਸਾਨਾਂ ਵੱਲੋਂ ਸੇਵਾਵਾਂ ਲੈਣ ਮੁੱਦੇ ਦੇ ਸਬੰਧ ਵਿੱਚ ਧਾਲੀਵਾਲ ਨੇ ਕਿਹਾ ਕਿ ਪੰਜ ਏਕੜ ਤੋਂ ਘੱਟ ਜ਼ਮੀਨ ਵਾਲੇ ਕਿਸਾਨਾਂ ਨੂੰ ਆਪਣੇ ਖੇਤਾਂ ਵਿੱਚ ਕੰਮ ਕਰਨ ਲਈ ਮਿਹਨਤਾਨਾ ਦਿੱਤਾ ਜਾਂਦਾ ਜਿਸ ਕਰਕੇ ਪੰਜ ਏਕੜ ਤੋਂ ਘੱਟ ਜ਼ਮੀਨ ਵਾਲੇ ਕਿਸਾਨਾਂ ਨੂੰ ਜੌਬ ਕਾਰਡ ਬਨਾਉਣੇ ਚਾਹੀਦੇ ਹਨ। ਇਸੇ ਦੌਰਾਨ ਹੀ ਉਨ੍ਹਾਂ ਦੱਸਿਆ ਕਿ ਇਸ ਵਾਰ ਝੋਨੇ ਦੇ ਸੀਜ਼ਨ ਦੌਰਾਨ ਪਿਛਲੇ ਸਾਲ ਦੇ ਮੁਕਾਬਲੇ 30 ਫ਼ੀਸਦੀ ਘੱਟ ਪਰਾਲੀ ਸਾੜੀ ਗਈ ਹੈ। ਉਨ੍ਹਾਂ ਨੇ ਭਰੋਸਾ ਪ੍ਰਗਟ ਕੀਤਾ ਕਿ ਅਗਲੇ ਦੋ ਸਾਲਾਂ ਵਿੱਚ ਪਰਾਲੀ ਸਾੜਨ ਦੀ ਸਮੱਸਿਆ ਪੂਰੀ ਤਰ੍ਹਾਂ ਖਤਮ ਹੋ ਜਾਵੇਗੀ। ਇਸ ਦੌਰਾਨ ਖੇਤੀ ਵਿਰਾਸਤ ਮਿਸ਼ਨ ਦੇ ਉਮੇਂਦਰ ਦੱਤ ਸ਼ਰਮਾਂ ਨੇ ਸਟੇਜ ਸੰਚਾਲਨ ਕੀਤਾ। ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਕੱਤਰ ਸੁਰਿੰਦਰ ਪਾਲ ਸਿੰਘ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਚੇਅਰਮੈਨ ਪ੍ਰੋਫੈਸਰ ਅਦਰਸ਼ ਪਾਲ ਵਿੱਗ ਤੋਂ ਇਲਾਵਾ ਅਗਾਂਹਵਧੂ ਕਿਸਾਨ ਹਾਜ਼ਰ ਸਨ।

ਬਾਬੇ ਜੌੜੇ ਰਸੂਲਪੁਰ ਕੈਂਪ 'ਚ 14ਵੇਂ ਦਿਨ 800 ਤੋਂ ਵੱਧ ਮਰੀਜ਼ਾਂ ਦੇ ਕੀਤੇ ਸਫਲ ਅਪ੍ਰੇਸ਼ਨ

ਹੁਸ਼ਿਆਰਪੁਰ (ਉ.ਪੀ.ਰਾਣਾ) ਸੰਤ ਬਾਬਾ ਪ੍ਰੀਤਮ ਦਾਸ ਮੈਮੋਰੀਅਲ ਚੈਰੀਟੇਬਲ ਹਸਪਤਾਲ ਰਾਏਪੁਰ ਰਸੂਲਪੁਰ (ਜਲੰਧਰ) ਵਿਖੇ ਅੱਖਾਂ ਦੇ ਫ੍ਰੀ ਕੈਂਪ ਵਿੱਚ 14ਵੇਂ ਦਿਨ 800 ਤੋਂ ਵੱਧ ਮਰੀਜਾਂ ਦੇ ਸਫਲ ਅਪ੍ਰੇਸ਼ਨ ਕੀਤੇ ਗਏ ਅਤੇ ਚੰਗੀ ਕੁਆਲਟੀ ਦੇ ਮੁਫਤ ਲੈਂਜ ਪਾਏ ਗਏ ਹਨ।

ਸੰਤ ਸਰਵਣ ਦਾਸ ਜੀ ਚੇਅਰਮੈਨ ਗੁਰੂ ਰਵਿਦਾਸ ਸਾਧੂ ਸੰਪ੍ਰਦਾਇਕ ਸੁਸਾਇਟੀ (ਰਜਿ.) ਪੰਜਾਬ ਅਤੇ ਸੰਤ ਨਿਰਮਲ ਦਾਸ ਚੇਅਰਮੈਨ ਸੰਤ ਪ੍ਰੀਤਮ ਦਾਸ ਮੈਮੋਰੀਅਲ ਹਸਪਤਾਲ ਅਤੇ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪ੍ਰਦਾਇ ਸੁਸਾਇਟੀ (ਰਜਿ.) ਪੰਜਾਬ ਦੀ ਸਰਪ੍ਰਸਤੀ ਹੇਠ ਚੱਲ ਰਹੇ ਇਸ ਮਹਾਨ ਕੈਂਪ ਵਿੱਚ ਪੰਜਾਬ ਦੇ ਕੋਨੇ ਕੋਨੇ ਤੋਂ ਸੰਗਤਾਂ ਪਹੁੰਚਕੇ ਲਾਭ ਪ੍ਰਾਪਤ ਕਰ ਰਹੀਆਂ ਹਨ। ਸੰਤ ਨਿਰਮਲ ਦਾਸ ਨੇ ਵਿਸ਼ੇਸ਼ ਜਾਣਕਾਰੀ ਦਿੰਦਿਆਂ ਦੱਸਿਆ ਕਿ 2500 ਮਰੀਜਾਂ ਦੇ ਬਿਨਾਂ ਚੀਰਫਾੜ ਲੈਂਜਰ ਮਸ਼ੀਨਾਂ ਰਾਹੀਂ ਵਧੀਆ ਕੁਆਲਟੀ ਦੇ ਲੈਂਜ ਪਾਏ ਜਾਣਗੇ ਅਤੇ ਹੁਣ ਤੱਕ 800 ਤੋਂ ਵੱਧ ਮਰੀਜਾਂ ਦੇ ਸਫਲ ਅਪ੍ਰੇਸ਼ਨ ਤੋਂ ਬਾਅਦ ਪ੍ਰਮਾਣ ਪੱਤਰ ਦੇ ਕੇ ਉਨਾਂ ਨੂੰ ਘਰ ਭੇਜਿਆ ਗਿਆ ਹੈ। ਉਨਾਂ

ਕਿਹਾ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੀ ਅਪਾਰ ਕ੍ਰਿਪਾ ਨਾਲ ਇਹ ਅੱਖਾਂ ਦਾ ਮੁਫਤ ਜਾਂਚ ਅਤੇ ਅਪ੍ਰੇਸ਼ਨ ਤੇ ਲੈਂਜ ਪਾਉਣ ਦਾ ਮਹਾਂਕੁੰਭ ਨਿਰੰਤਰ ਜਾਰੀ ਰਹੇਗਾ, ਕਿਸੇ ਵੀ ਲੋੜਵੰਦ ਨੂੰ ਨਿਰਾਸ਼ ਨਹੀਂ ਹੋਣ ਦਿੱਤਾ ਜਾਵੇਗਾ। ਉਨਾਂ ਕਿਹਾ ਕਿ ਮੁਫਤ ਅਪ੍ਰੇਸ਼ਨ ਅਤੇ ਲੈਂਜ ਪਾਉਣ ਦੇ ਇਸ ਵੱਡੇ ਕੈਂਪ ਦੀ ਸੇਵਾ ਯੂ.ਕੇ.ਵਾਸੀ ਪਰਵਾਰ ਸੁੱਚਾ ਸਿੰਘ ਬੇਗਲ,ਬੀਬੀ ਅਮਰ ਕੌਰ ਬੇਗਲ,ਡਾ.ਜਸਵੰਤ ਸਿੰਘ ਸੋਹਲ,ਰਜਿੰਦਰ ਸਿੰਘ,ਗੁਰਮੀਤ ਸਿੰਘ,ਮਨਜੀਤ ਸਿੰਘ,ਰਵਿੰਦਰ ਸਿੰਘ ਵਲੋਂ ਨਿਭਾਈ ਜਾ ਰਹੀ ਹੈ। ਸ਼ੰਤੋਸ਼ ਕੁਮਾਰੀ ਪ੍ਰਧਾਨ ਨਾਰੀ ਸ਼ਕਤੀ ਫਾਉਂਡੇਸ਼ਨ ਨੇ ਦੱਸਿਆ ਕਿ ਅੱਖਾਂ ਦਾ ਮੁਫਤ ਜਾਂਚ, ਅਪ੍ਰੇਸ਼ਨ ਅਤੇ ਲੈਂਜ ਪਾਉਣ ਦਾ ਇਹ ਮਹਾਨ ਕੈਂਪ ਪੰਜਾਬ ਦੀ ਧਰਤੀ ਤੇ ਸੰਗਤਾਂ ਲਈ ਨਵੀਂ ਰੋਸ਼ਨੀ,ਨਵੀਂ ਦੁਨੀਆਂ ਦੇਖਣ ਵਾਸਤੇ ਵਰਦਾਨ ਸਾਬਿਤ ਹੋ ਰਿਹਾ ਹੈ,ਜਿਸ ਵਿੱਚ ਅੱਖਾਂ ਦੇ ਮਾਹਿਰ ਡਾਕਟਰਾਂ ਦੀ ਟੀਮ ਵਲੋਂ ਬੜੀ ਲਗਨ ਅਤੇ ਸੇਵਾ ਭਾਵਨਾ ਨਾਲ ਸੇਵਾ ਨਿਭਾਈ ਜਾ ਰਹੀ ਹੈ। ਉਨਾਂ ਦੱਸਿਆ ਕਿ ਕੈਂਪ ਵਿੱਚ ਧਾਰਮਿਕ,ਸਮਾਜਿਕ ਅਤੇ ਰਾਜਨੀਤਕ ਸ਼ਖਸ਼ੀਅਤਾਂ ਜਿਨਾਂ ਵਿੱਚ ਚੌਧਰ

2-DEC-PAGE- 9.qxd 12/1/2022 10:39 PM Page 1

ਐਂਟੀ ਕੁਰੱਪਸ਼ਨ ਐਂਟੀ ਕ੍ਰਾਈਮ ਫਾਊਂਡੇਸ਼ਨ ਨੂੰ ਕ੍ਰਾਂਤੀਕਾਰੀ ਸਾਥੀਆਂ ਦੀ ਲੋੜ : ਸੈਣੀ

ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)- ਐਂਟੀ ਕਰੱਪਸ਼ਨ ਐਂਟੀ ਕ੍ਰਾਈਮ ਫਾਊਂਡੇਸ਼ਨ ਦੀ ਮੀਟਿੰਗ ਗੁਰਦੇਵ ਸਿੰਘ ਜ਼ਿਲ੍ਹਾ ਪ੍ਰਧਾਨ ਰੋਪੜ ਦੀ ਅਗਵਾਈ ਹੇਠ ਹੋਈ ਜਿਸ ਵਿਚ ਸੰਸਥਾ ਦੇ ਮੈਂਬਰਾਂ ਤੇ ਅਹੁਦੇਦਾਰਾਂ ਨੂੰ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਅਤੇ ਸੰਸਥਾ ਦੇ ਕੰਮਾਂ ਬਾਰੇ ਜਾਣਕਾਰੀ ਸਾਂਝੀ ਕੀਤੀ ਗਈ, ਜਿਸ ਵਿੱਚ ਸੂਬਾ ਪ੍ਰਧਾਨ ਹੁਸਨ ਚੰਦ ਸੈਣੀ ਅਤੇ ਸੂਬਾ ਸੈਕਟਰੀ ਪ੍ਰਤਾਪ ਸੈਣੀ ਵਿਸ਼ੇਸ਼ ਤੌਰ 'ਤੇ ਪਹੁੰਚੇ ! ਉਨ੍ਹਾਂ ਨੇ ਸੰਸਥਾ ਦੇ ਅਹੁਦੇਦਾਰਾਂ ਤੇ ਮੈਂਬਰਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਡੀ ਸੰਸਥਾ ਵਿੱਚ ਤਕਰੀਬਨ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਤੋਂ ਮੈਂਬਰ ਜੁੜ ਚੁੱਕੇ ਹਨ, ਜੋ ਸੰਸਥਾ ਅਤੇ ਸਮਾਜ ਲਈ ਕੰਮ ਕਰ ਰਹੇ ਹਨ ! ਅੱਗੇ ਉਨ੍ਹਾਂ ਨੇ ਕਿਹਾ ਕਿ ਅੱਜ ਪੰਜਾਬ ਦੇ ਹਾਲਾਤਾਂ ਨੂੰ ਦੇਖਦੇ ਹੋਏ ਸਾਨੂੰ ਸਾਰਿਆਂ ਨੂੰ ਚਾਹੀਦਾ ਹੈ ਕਿ ਆਪਣੇ ਏਰੀਏ ਵਿੱਚ ਜਾਕੇ ਜਨਤਾ ਨੂੰ ਭ੍ਰਿਸ਼ਟਾਚਾਰ ਅਤੇ ਅਤਿਆਚਾਰ ਵਿਰੁੱਧ ਜਾਗਰੂਕ ਕਰੇ, ਅਤੇ ਸਾਥ ਦੇਣ ਲਈ ਅਪੀਲ ਕਰੇ ਕਿ ਸਾਡੀ ਸੰਸਥਾ ਨੂੰ ਹਰੇਕ ਜ਼ਿਲ੍ਹੇ, ਤਹਿਸੀਲ ਅਤੇ ਬਲਾਕ ਪੱਧਰ 'ਤੇ ਰਾਜਨੀਤਕ ਪਾਰਟੀਆਂ ਤੋਂ ਉੱਪਰ ਉੱਠ ਕੇ ਆਪਣੇ ਪਰਵਾਰ, ਆਪਣੇ ਸਮਾਜ ਅਤੇ ਆਪਣੇ ਦੇਸ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਵਾਲੇ ਕ੍ਰਾਂਤੀਕਾਰੀ ਸਾਥੀਆਂ ਦੀ ਲੋੜ ਹੈ, ਜੋ ਸੰਸਥਾ ਅਤੇ ਪ੍ਰਸ਼ਾਸਨ ਨਾਲ ਮਿਲ ਕੇ ਇਸ ਲੜਾਈ ਵਿਚ ਅਪਣਾ ਯੋਗਦਾਨ ਪਾ ਸਕੇ ! ਸੰਸਥਾ ਅਤੇ ਸਮਾਜ ਵਿਚ ਆਪਣੀ ਅਲੱਗ ਪਹਿਚਾਣ ਬਣਾ ਸਕੇ ! ਇਸ ਮੌਕੇ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਨੇ ਕਿਹਾ ਕਿ ਜਿਹੜੇ ਮੈਂਬਰ ਅਤੇ ਅਹੁਦੇਦਾਰ ਸੰਸਥਾ ਪ੍ਰਤੀ ਵਫ਼ਾਦਾਰ ਨਹੀਂ ਹਨ ਜਾਂ ਆਪਣੀਆਂ ਡਿਊਟੀਆਂ ਚੰਗੀ ਤਰ੍ਹਾਂ ਨਹੀਂ ਨਿਭਾ ਰਹੇ, ਅਤੇ ਜੋ ਮੈਂਬਰ ਤੇ ਅਹੁਦੇਦਾਰ ਮੀਟਿੰਗਾਂ ਅਤੇ ਸਮਾਜ ਸੇਵੀ ਕੰਮਾਂ ਵਿੱਚ ਸ਼ਾਮਿਲ ਨਹੀਂ ਹੁੰਦੇ, ਉਨ੍ਹਾਂ ਨੂੰ ਬਰਖਾਸਤ ਕੀਤਾ ਜਾਵੇਗਾ ! ਸਾਡੀ ਸੰਸਥਾ ਪਹਿਲਾਂ ਵੀ ਇਸ ਤਰ੍ਹਾਂ ਦੇ ਅੱਠ ਮੈਂਬਰਾਂ ਨੂੰ ਬਰਖਾਸਤ ਕਰ ਚੁੱਕੀ ਹੈ, ਸੰਸਥਾ ਨੂੰ ਮਿਹਨਤੀ ਤੇ ਈਮਾਨਦਾਰ ਵਰਕਰਾਂ ਦੀ ਲੋੜ ਹੈ ਤਾਂ ਜੋ ਅਸੀਂ ਭ੍ਰਿਸ਼ਟਾਚਾਰ ਅਤੇ ਅਤਿਆਚਾਰ ਵਿਰੁੱਧ ਆਵਾਜ਼ ਬੁਲੰਦ ਕਰ ਸਕੀਏ। ਇਸ ਮੌਕੇ ਜ਼ਿਲ੍ਹਾ ਪ੍ਰਧਾਨ , ਗੁਰਦੇਵ ਸਿੰਘ ਬਲਾਕ ਪ੍ਰਧਾਨ ਅਤੇ ਜ਼ਿਲ੍ਹਾ ਮੀਡੀਆ ਇੰਚਾਰਜ ਦਲਜੀਤ ਸਿੰਘ ਚਨੌਲੀ, ਰਾਮ ਪ੍ਰਤਾਪ ਸਰਥਲੀ, ਡਾਕਟਰ ਤਰਲੋਚਨ ਸਿੰਘ ਹਾਜਰ ਸਨ।

ਬੇਲਾ ਕਾਲਜ ਵਿਖੇ ਮਨਾਇਆ ਭਾਰਤੀ ਸੰਵਿਧਾਨ ਦਿਵਸ

ਸ੍ਰੀ ਚਮਕੌਰ ਸਾਹਿਬ (ਕੁਲਵਿੰਦਰ ਕਾਲਾ)-ਅਮਰ ਸ਼ਹੀਦ ਬਾਬਾ ਅਜੀਤ ਸਿੰਘ ਜੁਝਾਰ ਸਿੰਘ ਮੈਮੋਰੀਅਲ ਕਾਲਜ, ਬੇਲਾ ਵਿਖੇ ਭਾਰਤੀ ਸੰਵਿਧਾਨ ਦਿਵਸ ਹਿਊਮੈਨਟੀਜ਼ ਵਿਭਾਗ ਵੱਲੋਂ ਮਨਾਇਆ ਗਿਆ। ਇਸ ਦੀ ਜਾਣਕਾਰੀ ਦਿੰਦਿਆ ਕਾਲਜ ਪ੍ਰਿੰਸੀਪਲ ਡਾ. ਸਤਵੰਤ ਕੌਰ ਸ਼ਾਹੀ ਨੇ ਦੱਸਿਆ ਕਿ ਭਾਰਤੀ ਸੰਵਿਧਾਨ ਜਿੱਥੇ ਆਜਾਦ ਭਾਰਤ ਨੂੰ ਡਾ. ਬੀ.ਆਰ. ਅੰਬੇਦਕਰ ਦੀ ਦੂਰ ਦ੍ਰਿਸ਼ਟੀ ਨੂੰ ਸਿਜਦਾ ਹੈ, ਉੱਥੇ ਹੀ ਇਹ ਦਿਨ ਆਜਾਦ ਭਾਰਤ ਦੀ ਕਾਨੂੰਨਨ ਹੋਂਦ ਦੀ ਗਵਾਹੀ ਵੀ ਭਰਦਾ ਹੈ। ਵਿਦਿਆਰਥੀਆਂ ਨੂੰ ਭਾਰਤੀ ਸੰਵਿਧਾਨ ਦੀ ਪ੍ਰਸਤਾਵਨਾ ਦੀ ਸਹੁੰ ਚੁਕਾਈ ਗਈ ਅਤੇ ਉਹਨਾਂ ਨੂੰ ਇਸ ਦੀ ਮਹੱਤਤਾ ਅਤੇ ਡਾ. ਅੰਬੇਦਕਰ ਦੇ ਵਿਚਾਰਾਂ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਡਾ. ਮਮਤਾ ਅਰੋੜਾ, ਡਾ. ਕੁਲਦੀਪ ਕੌਰ, ਡਾ. ਹਰਪ੍ਰੀਤ ਕੌਰ, ਡਾ. ਸਦੀਪ ਕੌਰ ਅਤੇ ਸਮੂਹ ਕਾਲਜ ਸਟਾਫ਼ ਹਾਜਰ ਸੀ।

ਆਊਟਸਟੈਂਡਿੰਗ ਯੂਥ ਕਲੱਬ ਪੁਰਸਕਾਰ ਲਈ ਅਰਜ਼ੀਆਂ ਦੀ ਕੀਤੀ ਮੰਗ

ਐਸ.ਏ.ਐਸ.ਨਗਰ, (ਗੁਰਜੀਤ ਬਿੱਲਾ)-ਯੁਵਾ ਮਾਮਲੇ ਅਤੇ ਖੇਡ ਮੰਤਰਾਲਾ, ਭਾਰਤ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਨਹਿਰੂ ਯੁਵਾ ਕੇਂਦਰ ਐਸ.ਏ.ਐਸ ਨਗਰ ਵੱਲੋਂ ਸਾਲ 2022-23 ਲਈ ਸਮਾਜ ਸੇਵਾ ਅਤੇ ਰਾਸ਼ਟਰ ਨਿਰਮਾਣ 'ਚ ਵਧੀਆ ਕੰਮ ਕਰਨ ਵਾਲੇ ਯੂਥ ਕਲੱਬਾਂ ਤੋਂ ਆਊਟਸਟੈਂਡਿੰਗ ਯੂਥ ਕਲੱਬ ਪੁਰਸਕਾਰ ਲਈ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ। ਵਧੇਰੇ ਜਾਣਕਾਰੀ ਦਿੰਦੇ ਹੋਏ ਪਰਮਜੀਤ ਸਿੰਘ ਡਿਪਟੀ ਡਾਇਰੈਕਟਰ ਨੇ ਦੱਸਿਆ ਕਿ ਨਹਿਰੂ ਯੁਵਾ ਕੇਂਦਰ ਵੱਲੋਂ ਹਰ ਸਾਲ ਸਮਾਜ ਸੇਵਾ ਚ ਵੱਧ ਚੜ੍ਹ ਕੇ ਹਿੱਸਾ ਪਾਉਣ ਵਾਲੇ ਯੂਥ ਕਲੱਬ ਨੂੰ ਇਨਾਮ ਦਿੱਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਯੂਥ ਕਲੱਬ ਰਾਸ਼ਟਰ ਨਿਰਮਾਣ ਅਤੇ ਹੋਰ ਸਮਾਜਿਕ ਭਲਾਈ ਅਤੇ ਵਿਕਾਸ ਗਤੀਵਿਧੀਆਂ ਜਿਵੇਂ ਕਿ ਡਿਜੀਟਲ\ਵਿੱਤੀ ਸਾਖਰਤਾ, ਹੁਨਰ ਵਿਕਾਸ ਸਿਖਲਾਈ, ਸਿਹਤ ਜਾਗਰੂਕਤਾ, ਵਾਤਾਵਰਣ ਦੀ ਸੰਭਾਲ, ਰਾਸ਼ਟਰੀ ਏਕਤਾ, ਸਮਾਜਿਕ ਸਦਭਾਵਨਾ, ਖੇਡਾਂ ਆਦਿ ਦੀ ਸਿਰਜਣਾ ਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ ਵੱਧ ਤੋਂ ਵੱਧ ਯੂਥ ਕਲੱਬਾਂ ਨੂੰ ਸਮਾਜ ਭਲਾਈ ਤੇ ਰਾਸ਼ਟਰ ਨਿਰਮਾਣ ਦੀਆਂ ਗਤੀਵਿਧੀਆਂ ਲਈ ਅੱਗੇ ਆਉਣ ਲਈ ਵੀ ਉਤਸ਼ਾਹਿਤ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਨਾਮ ਲਈ ਯੂਥ ਕਲੱਬ ਵੱਲੋਂ ਇਕ ਪ੍ਰੋਫਾਰਮਾ ਜ਼ਿਲਾ ਦਫਤਰ ਤੋਂ ਲੈ ਕੇ ਭਰਕੇ ਉਸਦੇ ਨਾਲ ਕਲੱਬ ਵਲੋਂ ਪਹਿਲੀ ਅਪ੍ਰੈਲ 2021 ਤੋਂ 31 ਮਾਰਚ 2022 ਤੱਕ ਕੀਤੀਆਂ ਗਤੀਵਿਧੀਆਂ ਦਾ ਵੇਰਵਾ ਫੋਟੋਆਂ ਸਮੇਤ ਫਾਇਲ ਜਮ੍ਹਾ ਕਰਵਾਉਣੀ ਪਵੇਗੀ। ਫਾਇਲ ਜਮ੍ਹਾ ਕਰਵਾਉਣ ਦੀ ਆਖਰੀ ਮਿਤੀ 10 ਦਸੰਬਰ 2022 ਹੋਵੇਗੀ। ਉਨ੍ਹਾਂ ਕਿਹਾ ਕਿ ਪੁਰਸਕਾਰ ਲਈ ਅਪਲਾਈ ਕਰਨ ਲਈ ਕਲੱਬ ਨਹਿਰੂ ਯੁਵਾ ਕੇਂਦਰ ਐਸ.ਏ.ਐਸ ਨਗਰ ਨਾਲ ਸਬੰਧਤ ਅਤੇ ਸੋਸਾਇਟੀ ਰਜਿਸਟ੍ਰੇਸ਼ਨ ਐਕਟ 1860 ਨਾਲ ਰਜਿਸਟਰਡ ਹੋਣਾ ਜ਼ਰੂਰੀ ਹੈ। ਕਲੱਬ ਦੀ ਆਡਿਟ ਰਿਪੋਰਟ ਹੋਣੀ ਲਾਜਮੀ ਹੈ। ਪਿਛਲੇ 2 ਸਾਲ ਦੌਰਾਨ ਇਨਾਮ ਜਿੱਤਣ ਵਾਲੇ ਕਲੱਬ ਇਸ 'ਚ ਭਾਗ ਨਹੀਂ ਲੈ ਸਕਦੇ। ਇਸ ਸਕੀਮ ਤਹਿਤ ਤਿੰਨ ਪੱਧਰ ਤੇ ਪੁਰਸਕਾਰ ਦਿੱਤੇ ਜਾਂਦੇ ਹਨ।

ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਪੱਧਰ ਤੇ ਪਹਿਲਾ ਇਨਾਮ ਜਿੱਤਣ ਵਾਲੇ ਯੂਥ ਕਲੱਬ ਨੂੰ 25000\- ਰੁਪਏ ਨਕਦ ਇਨਾਮ ਦਿੱਤਾ ਜਾਂਦਾ ਹੈ। ਜ਼ਿਲ੍ਹਾ ਪੱਧਰ ਤੇ ਪਹਿਲਾ ਇਨਾਮ ਜਿੱਤਣ ਵਾਲੇ ਯੂਥ ਦੀ ਫਾਇਲ ਕਲੱਬ ਰਾਜ ਪੱਧਰ ਲਈ ਭੇਜੀ ਜਾਵੇਗੀ।ਰਾਜ ਪੱਧਰ ਤੇ ਪਹਿਲਾ,ਦੂਜਾ ਤੇ ਤੀਸਰਾ ਪੁਰਸਕਾਰ ਜਿੱਤਣ ਵਾਲੇ ਯੂਥ ਕਲੱਬ ਨੂੰ ਕ੍ਰਮਵਾਰ 75000, 50000, 25000 ਰੁਪਏ ਦਾ ਨਕਦ ਇਨਾਮ ਦਿੱਤਾ ਜਾਵੇਗਾ। ਰਾਜ ਪੱਧਰ ਤੇ ਪਹਿਲਾ ਇਨਾਮ ਜਿੱਤਣ ਵਾਲੇ ਯੂਥ ਕਲੱਬ ਦੀ ਫਾਇਲ ਰਾਸ਼ਟਰੀ ਪੱਧਰ ਲਈ ਭੇਜੀ ਜਾਵੇਗੀ।ਰਾਸ਼ਟਰੀ ਪੱਧਰ ਤੇ ਪਹਿਲਾ, ਦੂਜਾ ਤੇ ਤੀਸਰਾ ਪੁਰਸਕਾਰ ਜਿੱਤਣ ਵਾਲੇ ਯੂਥ ਕਲੱਬ ਨੂੰ ਕ੍ਰਮਵਾਰ ਤਿੰਨ ਲੱਖ, ਇੱਕ ਲੱਖ, 50000 ਰੁਪਏ ਦਾ ਨਗਦ ਇਨਾਮ ਅਤੇ ਸਰਟੀਫਿਕੇਟ ਦਿੱਤਾ ਜਾਵੇਗਾ।ਵਧੇਰੇ ਜਾਣਕਾਰੀ ਲਈ ਦਫਤਰੀ ਸਮੇਂ ਦੌਰਾਨ ਨਹਿਰੂ ਯੁਵਾ ਕੇਂਦਰ ਐਸ.ਏ.ਐਸ ਨਗਰ ਦਫਤਰ ਪੈਕ ਕੈਂਪਸ, ਗੇਟ ਨੰਬਰ 1, ਸੈਕਟਰ-12, ਚੰਡੀਗੜ੍ਹ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।

ਦਿਹਾਨਾ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਮਤਿ ਸਮਾਗਮ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਪਿੰਡ ਦਿਹਾਨਾ ਵਿਖੇ ਗੁਰਦੁਆਰਾ ਪੰਜਵੀਂ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਜਗਤ ਗੁਰੂ, ਨਿੰਰਕਾਰੀ ਜੋਤ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਪ੍ਰਧਾਨ ਉਂਕਾਰ ਸਿੰਘ ਦਿਹਾਨਾ, ਪ੍ਰਮੋਦ ਸਿੰਘ ਲਾਡੀ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਭਾਈ ਅਵਤਾਰ ਸਿੰਘ ਹੈੱਡ ਗ੍ਰੰਥੀ ਦਿਹਾਨਾ, ਭਾਈ ਕੁਲਵੀਰ ਸਿੰਘ ਦਿੱਲੀ ਵਾਲੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਪ੍ਰਬੰਧਕਾਂ ਵੱਲੋਂ ਸਹਿਯੋਗੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਓਂਕਾਰ ਸਿੰਘ , ਖਜਾਨਚੀ ਪ੍ਰਮੋਧ ਸਿੰਘ , ਸੈਕਟਰੀ ਮਾਸਟਰ ਗੁਰਦੇਵ ਸਿੰਘ , ਗੁਰਪ੍ਰੀਤ ਸਿੰਘ ਜੰਜੂਆ, ਹੈਡ ਗ੍ਰੰਥੀ ਜਸਪ੍ਰੀਤ ਸਿੰਘ, ਬੀਬੀ ਪ੍ਰਧਾਨ ਹਰਦੀਪ ਕੌਰ , ਗੁਰਸਿਮਰਨਜੀਤ ਸਿੰਘ , ਜਸਕਰਨ ਸਿੰਘ , ਸਰਬਜੋਤ ਸਿੰਘ , ਅਮਨਜੋਤ ਸਿੰਘ , ਨਰਿੰਦਰ ਸਿੰਘ , ਹਰਪਾਲ ਸਿੰਘ , ਗੁਰਨਾਮ ਸਿੰਘ ਗਾਮਾ , ਕੁਲਦੀਪ ਸਿੰਘ ,ਭਾਈ ਮਨਜੀਤ ਸਿੰਘ , ਜਸਵੀਰ ਕੌਰ , ਸੁਰਿੰਦਰ ਕੌਰ , ਕਿਸਨ ਕੌਰ , ਜੋਗਿੰਦਰ ਕੌਰ , ਹਰਦੀਪ ਕੌਰ ਆਦਿ ਹਾਜਰ ਸਨ।

ਇਸ ਮੌਕੇ ਸਮਾਗਮ ਦੌਰਾਨ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

ਲਖਵਿੰਦਰ ਅੱਤਰੀ ਦਾ ਸੇਵਾ ਮੁਕਤੀ 'ਤੇ ਸਨਮਾਨ

ਚੰਡੀਗੜ੍ਹ, ਗੁਰਜੀਤ ਬਿੱਲਾ)-ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ ਵੱਲੋਂ ਟੈਲੀਪ੍ਰਿੰਟਰ ਉਪਰੇਟਰ ਲਖਵਿੰਦਰ ਅੱਤਰੀ ਨੂੰ ਉਹਨਾਂ ਦੀ ਸੇਵਾ ਮੁਕਤੀ ਮੌਕੇ ਨਿੱਘੀ ਵਿਦਾਇਗੀ ਦਿੰਦਿਆਂ ਸਨਮਾਨ ਕੀਤਾ ਗਿਆ। ਉਹਨਾਂ ਨੇ ਵਿਭਾਗ ਵਿੱਚ ਤਕਰੀਬਨ 36 ਸਾਲ ਸੇਵਾਵਾਂ ਨਿਭਾਈਆਂ। ਪੰਜਾਬ ਸਿਵਲ ਸਕੱਤਰੇਤ ਵਿਖੇ ਕਰਵਾਏ ਗਏ ਸਮਾਗਮ ਦੌਰਾਨ ਵਿਭਾਗ ਦੇ ਐਡੀਸ਼ਨਲ ਡਾਇਰੈਕਟਰ ਓਪਿੰਦਰ ਸਿੰਘ ਲਾਂਬਾ, ਜਾਇੰਟ ਡਾਇਰੈਕਟਰ ਰਣਦੀਪ ਸਿੰਘ ਆਹਲੂਵਾਲੀਆ, ਪੀ.ਆਰ.ਓ ਨਵਦੀਪ ਸਿੰਘ ਗਿੱਲ ਨੇ ਸੰਬੋਧਨ ਕਰਦਿਆਂ ਲਖਵਿੰਦਰ ਅੱਤਰੀ ਵੱਲੋਂ ਨਿਭਾਈਆਂ ਸਾਨਦਾਰ ਸੇਵਾਵਾਂ ਦੀ ਸਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅੱਤਰੀ ਵੱਲੋਂ ਮਿਸਾਲੀ ਸਖ਼ਤ ਮਿਹਨਤ, ਸਮਰਪਣ ਅਤੇ ਲਗਨ ਹਮੇਸ਼ਾਂ ਉਹਨਾਂ ਦੇ ਸਾਥੀਆਂ ਨੂੰ ਪੂਰੇ ਜੋਸ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਪ੍ਰੇਰਿਤ ਕਰੇਗੀ ਅਤੇ ਉਨ੍ਹਾਂ ਵੱਲੋਂ ਨਿਭਾਈਆਂ ਮਿਸਾਲੀ ਸੇਵਾਵਾਂ ਨੂੰ ਵਿਭਾਗ ਸਦਾ ਯਾਦ ਰੱਖੇਗਾ। ਬੁਲਾਰਿਆਂ ਨੇ ਇਹ ਵੀ ਕਿਹਾ ਕਿ ਸੇਵਾਮੁਕਤ ਹੋਣ ਤੋਂ ਬਾਅਦ, ਉਹ ਆਪਣੀ ਸਮਾਜਿਕ ਜ਼ਿੰਮੇਵਾਰੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣ ਤੋਂ ਇਲਾਵਾ ਆਪਣੇ ਪਰਵਾਰ ਨਾਲ ਵਧੇਰੇ ਸਮਾਂ ਬਿਤਾ ਸਕਣਗੇ। ਅੱਤਰੀ ਨੂੰ ਵਿਭਾਗ ਦੇ ਅਧਿਕਾਰੀਆਂ ਵੱਲੋਂ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਲਖਵਿੰਦਰ ਅੱਤਰੀ ਦੇ ਪਰਵਾਰਕ ਮੈਂਬਰਾਂ ਤੋਂ ਇਲਾਵਾ ਜਾਇੰਟ ਡਾਇਰੈਕਟਰ ਹਰਜੀਤ ਸਿੰਘ ਗਰੇਵਾਲ, ਡਿਪਟੀ ਡਾਇਰੈਕਟਰ ਇਸ਼ਵਿੰਦਰ ਸਿੰਘ ਗਰੇਵਾਲ, ਡਿਪਟੀ ਡਾਇਰੈਕਟਰ ਸ੍ਰੀਮਤੀ ਸ਼ਿਖਾ ਨਹਿਰਾ, ਆਈ.ਪੀ.ਆਰ.ਓਜ਼, ਏ.ਪੀ.ਆਰ.ਓਜ਼ ਅਤੇ ਵਿਭਾਗ ਦੇ ਹੋਰ ਅਧਿਕਾਰੀ ਮੌਜੂਦ ਸਨ।

ਸੇਂਟ ਸੋਲਜਰ 'ਚ 'ਸਭ ਰੰਗ ਇੱਕ ਸੰਗ' ਸਾਲਾਨਾ ਸੱਭਿਆਚਾਰਕ ਸਮਾਗਮ

ਜਲੰਧਰ, (ਨਵਾਂ ਜ਼ਮਾਨਾ ਸਰਵਿਸ)- ਵਿਦਿਆਰਥੀਆਂ ਨੂੰ ਸੱਭਿਆਚਾਰਕ ਗਤੀਵਿਧੀਆਂ ਲਈ ਉਤਸ਼ਾਹਿਤ ਕਰਨ ਲਈ ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ, ਨਿਊ ਡਿਫੈਂਸ ਕਲੋਨੀ, ਜਲੰਧਰ ਕੈਂਟ ਬ੍ਰਾਂਚ ਵਿਖੇ "ਸਭ ਰੰਗ ਇੱਕ ਸੰਗ" ਸਾਲਾਨਾ ਸੱਭਿਆਚਾਰਕ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਸੇਂਟ ਸੋਲਜਰ ਗਰੁੱਪ ਦੇ ਚੇਅਰਮੈਨ ਅਨਿਲ ਚੋਪੜਾ, ਵਾਇਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਿਨ੍ਹਾਂ ਦਾ ਪ੍ਰਿੰਸੀਪਲ ਦਵਿਤਾ ਸ਼ਰਮਾ, ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਸਵਾਗਤ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸ਼ਮ੍ਹਾਂ ਰੌਸ਼ਨ ਕਰਕੇ ਕੀਤੀ ਗਈ। ਇਸ ਮੌਕੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਭਾਰਤ ਦੇ ਵੱਖ-ਵੱਖ ਸੂਬਿਆਂ ਜਿਵੇਂ ਪੰਜਾਬ, ਹਰਿਆਣਾ, ਰਾਜਸਥਾਨ, ਹਿਮਾਚਲ, ਕਸ਼ਮੀਰ, ਗੁਜਰਾਤ, ਬੰਗਾਲ, ਮਹਾਰਾਸ਼ਟਰ ਆਦਿ ਦੇ ਸੱਭਿਆਚਾਰ, ਡਾਂਸ, ਖਾਣ-ਪੀਣ ਆਦਿ ਨੂੰ ਸ਼ਾਨਦਾਰ ਢੰਗ ਨਾਲ ਪੇਸ਼ ਕੀਤਾ। ਇਸ ਦੇ ਨਾਲ ਹੀ ਵਿਦਿਆਰਥੀਆਂ ਨੇ ਦੇਸ਼ ਦੀਆਂ ਮਹਾਨ ਪ੍ਰਾਪਤੀਆਂ, ਤਰੱਕੀ ਅਤੇ ਸੱਭਿਅਤਾ ਦਾ ਪ੍ਰਦਰਸ਼ਨ ਕਰਕੇ ਸਭ ਦਾ ਮਨ ਮੋਹ ਲਿਆ। ਇਸ ਸਮਾਗਮ ਵਿੱਚ 500 ਤੋਂ ਵੱਧ ਮਾਪਿਆਂ ਨੇ ਭਾਗ ਲਿਆ ਅਤੇ ਆਨੰਦ ਮਾਣਿਆ। ਪ੍ਰਿੰਸੀਪਲ ਸ਼੍ਰੀਮਤੀ ਦਵਿਤਾ ਸ਼ਰਮਾ ਨੇ ਸਾਰੇ ਮਾਪਿਆਂ ਨੂੰ ਸਕੂਲ ਦੀ ਸਾਲਾਨਾ ਰਿਪੋਰਟ ਪੜ੍ਹ ਕੇ ਸੁਣਾਈ ਅਤੇ ਧੰਨਵਾਦ ਕੀਤਾ। ਵਿਦਿਆਰਥੀਆਂ ਦੀ ਪ੍ਰਤਿਭਾ ਦੀ ਸ਼ਲਾਘਾ ਕਰਦਿਆਂ ਚੇਅਰਮੈਨ ਚੋਪੜਾ ਨੇ ਉਨ੍ਹਾਂ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ। ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਵਿਦਿਆਰਥੀਆਂ ਨੂੰ ਜੀਵਨ ਵਿੱਚ ਟੀਚੇ ਮਿੱਥਣ ਅਤੇ ਉਸ ਲਈ ਸਖ਼ਤ ਮਿਹਨਤ ਕਰਨ ਦੀ ਪ੍ਰੇਰਨਾ ਦਿੰਦਿਆਂ ਕਿਹਾ ਕਿ ਸਫਲਤਾ ਦਾ ਕੋਈ ਸ਼ਾਰਟਕੱਟ ਨਹੀਂ ਹੈ।

ਖੇਤ ਮਜ਼ਦੂ

2-DEC-PAGE-1.qxd 12/1/2022 10:15 PM Page 2

ਮੁਫ਼ਤ ਮੈਡੀਕਲ ਚੈੱਕਅਪ ਕੈਂਪ 'ਚ 70 ਮਰੀਜ਼ਾਂ ਦੀ ਜਾਂਚ

ਜਲਾਲਾਬਾਦ (ਦਰੂਜਾ)-ਪਰਸਵਾਰਥ ਸਭਾ ਵਲੋਂ ਗਾਂਧੀ ਨਗਰ ਵਿੱਚ ਚੱਲ ਰਹੀ ਡਿਸਪੈਂਸਰੀ 'ਚ ਅੱਜ ਮੈਡੀਕਲ ਚੈੱਕਅਪ ਕੈਂਪ ਦਾ ਆਯੋਜਨ ਕੀਤਾ। ਇਸ ਮੌਕੇ ਡਾ. ਰਾਜੀਵ ਮਿੱਢਾ ਨੇ ਮਰੀਜ਼ਾਂ ਦਾ ਮੁਫ਼ਤ ਚੈੱਕਅਪ ਕੀਤਾ ਤੇ ਸਭਾ ਵਲੋਂ ਫਰੀ ਦਵਾਈਆਂ ਵੀ ਦਿੱਤੀਆਂ ਗਈਆਂ। ਸਭਾ ਦੇ ਅਹੁਦੇਦਾਰ ਸੁਰੇਸ਼ ਚੌਹਾਨ ਨੇ ਦੱਸਿਆ ਕਿ ਅੱਜ 70 ਦਾ ਚੈੱਕਅਪ ਕਰਕੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ ਤੇ ਇੱਕ ਮੁਫ਼ਤ ਮੈਡੀਕਲ ਕੈਂਪ ਹਰ ਬੁੱਧ ਅਤੇ ਐਤਵਾਰ ਲਗਾਇਆ ਜਾਂਦਾ ਹੈ ਤੇ ਇਹ ਸੰਸਥਾ ਪਿਛਲੇ 25 ਸਾਲਾਂ ਤੋਂ ਨਿਸਵਾਰਥ ਸੇਵਾ ਕਰਦੀ ਆ ਰਹੀ ਹੈ, ਜਿਸ ਦਾ ਹਜ਼ਾਰਾਂ ਦੀ ਗਿਣਤੀ 'ਚ ਹੁਣ ਤੱਕ ਮਰੀਜ਼ ਫਾਇਦਾ ਲੈ ਚੁੱਕੇ ਹਨ। ਇਸ ਮੌਕੇ ਪਰਸਵਾਰਥ ਸਭਾ ਦੇ ਆਹੁਦੇਦਾਰ ਸੁਰੇਸ਼ ਚੌਹਾਨ, ਮੈਡਮ ਕੀਰਤੀ ਵਾਟਸ, ਵਿਜੇ ਬਾਘਲਾ, ਗੁਰਚਰਨ ਕਮੀਰਿਆ, ਰਮੇਸ਼ ਕੁਮਾਰ ਵਧਵਾ ਆਦਿ ਹਾਜ਼ਰ ਸਨ।

ਅਧਿਆਪਕਾਂ ਬਿਨਾਂ ਪ੍ਰਾਇਮਰੀ ਸਿੱਖਿਆ ਨਿਘਾਰ ਵੱਲ

ਸੰਗਰੂਰ (ਪ੍ਰਵੀਨ ਸਿੰਘ)-ਪੰਜਾਬ ਸਰਕਾਰ ਦੁਆਰਾ ਸਿੱਖਿਆ ਨੀਤੀ ਨੂੰ ਮਜ਼ਬੂਤ ਬਣਾਉਣ ਲਈ ਵੱਡੇ ਵੱਡੇ ਵਾਅਦੇ ਕੀਤੇ ਜਾ ਰਹੇ ਹਨ ਪਰੰਤੂ ਜੇ ਅਸਲੀਅਤ ਦੇਖੀ ਜਾਵੇ ਤਾਂ ਪੰਜਾਬ ਦੇ ਅਨੇਕਾਂ ਪ੍ਰਾਇਮਰੀ ਸਕੂਲ ਅਧਿਆਪਕਾਂ ਤੋਂ ਬਿਨਾਂ ਡੰਗ ਟਪਾ ਰਹੇ ਹਨ। ਕਾਫੀ ਦਿਨਾਂ ਤੋਂ ਸਰਕਾਰ ਦੁਆਰਾ ਪ੍ਰਾਇਮਰੀ ਅਧਿਆਪਕਾਂ ਦੀਆਂ ਪੋਸਟਾਂ ਭਰਨ ਸੰਬੰਧੀ 5994 ਪੋਸਟਾਂ ਲਈ ਇਸ਼ਤਿਹਾਰ ਦਿੱਤਾ ਗਿਆ ਸੀ ਪਰੰਤੂ ਇਹ ਕੰਮ ਅੱਧ ਵਿਚਕਾਰ ਹੀ ਲਟਕਿਆ ਪਿਆ ਹੈ। ਬੇਰੁਜ਼ਗਾਰ ਅਧਿਆਪਕਾਂ ਅਤੇ ਮਾਪਿਆਂ ਦੀ ਇਕ ਅਹਿਮ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਅਵਤਾਰ ਸਿੰਘ ਤਾਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਆਪ ਸਰਕਾਰ ਤੋਂ ਲੋਕਾਂ ਨੂੰ ਬਹੁਤ ਉਮੀਦਾਂ ਹਨ। ਉਨ੍ਹਾਂ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ 5994 ਪ੍ਰਾਇਮਰੀ ਅਧਿਆਪਕਾਂ ਦੀ ਭਰਤੀ ਨੂੰ ਤੁਰੰਤ ਪੂਰਾ ਕੀਤਾ ਜਾਵੇ ਤਾਂ ਕਿ ਬੇਰੁਜ਼ਗਾਰ ਅਧਿਆਪਕ ਬੱਚਿਆਂ ਨੂੰ ਚੰਗੀ ਸਿੱਖਿਆ ਦੇ ਕੇ ਇੱਕ ਨਰੋਏ ਸਮਾਜ ਦੀ ਸਿਰਜਣਾ ਕਰ ਸਕਣ।

ਕੋਹਿਨੂਰ ਨੂੰ ਖੇਡਾਂ 'ਚ ਸਥਾਨ ਪ੍ਰਾਪਤ ਕਰਨ 'ਤੇ ਕੀਤਾ ਸਨਮਾਨਤ

ਸਮਾਣਾ (ਇਕਬਾਲ ਸਿੰਘ ਬੱਲ)-ਬੀਤੇ ਦਿਨੀ ਸਮਾਣਾ ਦੇ ਉਭਰਦੇ ਨੌਜਵਾਨ ਕੋਹਿਨੂਰ ਨੇ ਅੰਡਰ 19 ਸਾਲ ਨੇ ਕਪੂਰਥਲਾ ਵਿਖੇ ਹੋਏ ਸਰਕਾਰੀ ਸੀਨੀਅਰ ਸਕੈਂਡਰੀ ਸਕੂਲਜ ਲੜਕੇ ਖੇਡ ਮੇਲੇ ਵਿੱਚ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਮਲਟੀਪਰਪਜ਼ ਪਟਿਆਲਾ ਵੱਲੋਂ ਬਾਸਕਟ ਬਾਲ ਖੇਡ ਵਿੱਚ ਭਾਗ ਲਿਆ ਅਤੇ ਵਧੀਆ ਪ੍ਰਦਰਸ਼ਨ ਕੀਤਾ ਅਤੇ ਆਪਣੇ ਸਕੂਲ ਨੂੰ ਸ਼ੈਕਿਡ ਪੁਜੀਸ਼ਨ ਦਿਵਾ ਕੇ ਟਰਾਫੀ ਜਿੱਤਣ ਦਾ ਮਾਣ ਹਾਸਲ ਕੀਤਾ ਹੈ। ਜਿਕਰਯੋਗ ਹੈ ਕਿ ਇਹਨਾ ਖੇਡਾਂ ਵਿੱਚ 30 ਟੀਮਾਂ ਨੇ ਭਾਗ ਲਿਆ ਸੈਮੀ ਫਾਈਨਲ ਮੁਕਾਬਲੇ ਵਿੱਚ ਸ ਸ ਮਲਟੀਪਰਪਜ਼ ਸਕੂਲ ਨੇ ਕੋਹਿਨੂਰ ਦੀ ਬਦੌਲਤ ਦੂਸਰਾ ਸਥਾਨ ਪ੍ਰਾਪਤ ਕੀਤਾ। ਕੋਹਿਨੂਰ ਨੇ ਦੱਸਿਆ ਕਿ ਉਹਨਾਂ ਇਹਨਾਂ ਖੇਡਾਂ ਵਿੱਚ ਦੂਸਰਾ ਸਥਾਨ ਕੋਚ ਅਮਰਜੋਤ ਸਿੰਘ ਵੱਲੋਂ ਕਰਵਾਈ ਸਖਤ ਮਿਹਨਤ ਸਦਕਾ ਪ੍ਰਾਪਤ ਕੀਤਾ ਹੈ ਕੋਹਿਨੂਰ ਨੇ ਇਹਨਾਂ ਖੇਡਾਂ ਵਿੱਚ ਵਧੀਆ ਪ੍ਰਦਰਸ਼ਨ ਕਰਕੇ ਆਪਣੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਂਅ ਰੌਸ਼ਨ ਕੀਤਾ ਹੈ ਕੋਹਿਨੂਰ ਨੂੰ ਵਧੀਆ ਪ੍ਰਦਰਸ਼ਨ ਕਰਕੇ ਸੰਤ ਨਿਰੰਕਾਰੀ ਮੰਡਲ ਬ੍ਰਾਚ ਸਮਾਣਾ ਨੇ ਸਨਮਾਨਿਤ ਵੀ ਕੀਤਾ। ਉਸਨੂੰ ਵਧਾਈਆਂ ਦੇਣ ਵਾਲਿਆਂ ਦਾ ਤਾਂਤਾ ਲੱਗਿਆ ਹੋਇਆ ਹੈ। ਕੋਹਿਨੂਰ ਨੇ ਦੱਸਿਆ ਕਿ ਜਿੱਤ ਸਿਹਰਾ ਸਕੂਲ ਦੇ ਪ੍ਰਿੰਸੀਪਲ, ਕੋਚ ਅਮਰਜੋਤ ਸਿੰਘ ਅਤੇ ਉਸਦੇ ਮਾਪਿਆਂ ਨੂੰ ਜਾਦਾਂ ਹੈ ਜਿਹਨਾਂ ਦੀ ਪ੍ਰੇਰਨਾ ਅਤੇ ਅਸ਼ੀਰਵਾਦ ਸਦਕਾ ਉਹ ਇਸ ਮੁਕਾਮ 'ਤੇ ਪਹੁੰਚਿਆ ਹੈ।

ਸਾਹਿਤ ਸਭਾ ਮਾਛੀਵਾੜਾ ਦੀ ਮਾਸਿਕ ਮੀਟਿੰਗ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਸਾਹਿਤ ਸਭਾ ਮਾਛੀਵਾੜਾ ਦੀ ਮਾਸਿਕ ਮੀਟਿੰਗ ਸਥਾਨਕ ਸ੍ਰੀ ਸ਼ੰਕਰ ਦਾਸ ਸਰਕਾਰੀ ਸੀਨੀਅਰ ਸੈਕਡਰੀ ਸਕੂਲ ਵਿਖੇ ਪ੍ਰਧਾਨ ਟੀ. ਲੋਚਨ ਦੀ ਪ੍ਰਧਾਨਗੀ ਵਿਚ ਹੋਈ। ਮੀਟਿੰਗ 'ਚ ਪਹਿਲਾਂ ਇੱਕ ਸ਼ੋਕ ਮਤੇ ਰਾਹੀਂ ਲੇਖਕ ਮੰਚ ਸਮਰਾਲਾ ਦੇ ਸਾਬਕਾ ਪ੍ਰਧਾਨ ਪ੍ਰੋ. ਬਲਦੀਪ ਸਿੰਘ ਦੇ ਕੈਨੇਡਾ ਵਸਦੇ ਪੁੱਤਰ ਦੀਪਇੰਦਰ ਸਿੰਘ ਦੀ ਮੌਤ 'ਤੇ ਡੂੰਘੇ ਦੁੱਖ ਦਾ ਇਜ਼ਹਾਰ ਕਰਦਿਆ ਦੋ ਮਿੰਟ ਦਾ ਮੌਨ ਰੱਖਿਆ। ਰਚਨਾਵਾਂ ਦੇ ਦੌਰ ਵਿਚ ਉੱਘੇ ਸਾਹਿਤਕਾਰ ਰਘਬੀਰ ਸਿੰਘ ਭਰਤ ਨੇ ਦੋ ਲੇਖ 'ਕਲਾ ਤੇ ਸਿਆਸਤ', 'ਮਿਹਨਤੀ ਹੱਥਾਂ ਦਾ ਕ੍ਰਿਸ਼ਮਾ ਘੰਟਾ ਘਰ ਲੁਧਿਆਣਾ', ਕਸ਼ਮੀਰ ਸਿੰਘ ਨੇ ਬਾਬਾ ਸ਼੍ਰੀ ਚੰਦ ਜੀ ਨਾਲ ਸੰਬੰਧਤ ਗੀਤ ਸੁਣਾਇਆ, ਡਾ. ਅਮਰਜੀਤ ਸਹਿਗਲ ਨੇ ਕਵਿਤਾ 'ਖੁਸ਼ੀਆਂ ਤੇ ਗਮ', ਮਲਕੀਤ ਸਿੰਘ ਨੇ ਗ਼ਜ਼ਲ 'ਸੰਝ ਸਵੇਰ ਦੁਪਹਿਰ ਰਾਤ ਕੀ ਜਦ ਪਰਛਾਵੇਂ ਢਲਦੇ ਨੇ', ਅਵਤਾਰ ਸਿੰਘ ਉਟਾਲਾਂ ਨੇ ਵਿਦੇਸ਼ ਵਸਦੀ ਪ੍ਰੇਮਿਕਾ ਨੂੰ ਸੰਬੋਧਿਤ ਗੀਤ, ਸ਼ਾਇਰ ਟੀ. ਲੋਚਨ ਨੇ ਗ਼ਜ਼ਲ 'ਦੇਵ ਦਰਦ ਤੇ ਤਲਵਿੰਦਰ ਜੀ ਸ਼ਾਇਰ ਅਤੇ ਕਹਾਣੀਕਾਰ, ਹਰ ਮਹਿਫਲ ਵਿਚ ਨਮਨ ਕਰੇਗਾ ਸਾਡਾ ਇਹ ਸਾਹਿਤਕ ਸੰਸਾਰ ਅਤੇ ਨਰਿੰਦਰ ਮਣਕੂ ਨੇ ਗ਼ਜ਼ਲ 'ਪਵੇ ਭਟਕਣ ਤਾਂ ਬਾਂਹ ਫੜਦੇ ਉਨ੍ਹਾਂ ਦਾ ਸਾਥ ਚਾਹੁੰਦੇ ਹਾਂ, ਉਹ ਕਿਲ ਬਣਕੇ ਸਦਾ ਅੜਦੇ ਉਨਾਂ ਦਾ ਸਾਥ ਚਾਹੁੰਦੇ ਹਾਂ' ਸੁਣਾਈ। ਇਸ ਉਪਰੰਤ ਸ਼ਾਇਰ ਨਿਰੰਜਨ ਸੂਖਮ ਨੇ ਆਪਣੀ ਗ਼ਜ਼ਲ 'ਇਰਾਦੇ ਦੇ ਵਹਾਅ ਅੱਗੇ ਬਲਾ ਹਰ ਢਹਿ ਹੀ ਜਾਂਦੀ ਹੈ, ਚੜ੍ਹੀ ਹੋਵੇ ਗਹਿਰ ਜਿੰਨੀ ਵੀ ਆਖ਼ਿਰ ਲਹਿ ਹੀ ਜਾਂਦੀ ਹੈ' ਸੁਣਾਈ। ਪੜ੍ਹੀਆਂ ਗਈਆਂ ਸਾਰੀਆਂ ਰਚਨਾਵਾਂ 'ਤੇ ਹਾਜ਼ਰ ਸਾਹਿਤਕਾਰਾਂ ਨੇ ਉਸਾਰੂ ਚਰਚਾ ਕੀਤੀ। ਇਸ ਇਕੱਤਰਤਾ ਦਾ ਸੰਚਾਲਨ ਸਭਾ ਦੇ ਜਨਰਲ ਸਕੱਤਰ ਨਿਰੰਜਨ ਸੂਖਮ ਨੇ ਕੀਤਾ। ਅੰਤ 'ਚ ਪ੍ਰਧਾਨ ਟੀ. ਲੋਚਨ ਨੇ ਆਏ ਸਾਰੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ।

ਭਾਕਿਯੂ (ਏਕਤਾ) ਸਿੱਧੂਪੁਰ ਵੱਲੋਂ ਬਰਨਾਲਾ 'ਚ ਇਕਾਈ ਗਠਨ

ਮਾਨਸਾ (ਆਤਮਾ ਸਿੰਘ ਪਮਾਰ)-ਮਾਨਸਾ ਦੇ ਨੇੜਲੇ ਪਿੰਡ ਬਰਨਾਲਾ ਵਿਖੇ ਭਾਰਤੀ ਕਿਸਾਨ ਯੂਨੀਅਨ (ਏਕਤਾ) ਸਿੱਧੂਪੁਰ ਵੱਲੋਂ ਨਵੀਂ ਕਮੇਟੀ ਦਾ ਗਠਨ ਕੀਤਾ ਗਿਆ। ਜਿਸਦੇ ਪ੍ਰਧਾਨ ਯਾਦਵਿੰਦਰ ਸਿੰਘ, ਜਨਰਲ ਸਕੱਤਰ ਨਿਰਮਲ ਸਿੰਘ, ਖਜ਼ਾਨਚੀ ਧਰਮਿੰਦਰ ਸਿੰਘ, ਸੀਨੀਅਰ ਮੀਤ ਪ੍ਰਧਾਨ ਹਰਜੀਤ ਕਾਕਾ, ਪ੍ਰੈਸ ਸਕੱਤਰ ਵੀਜਾ ਸਿੰਘ, ਮੀਤ ਪ੍ਰਧਾਨ ਮੱਖਣ ਸਿੰਘ ਅਤੇ ਕਮੇਟੀ ਮੈਂਬਰ ਗੋਲਾ ਸਿੰਘ, ਅਜੈਬ ਸਿੰਘ, ਬਲਵੀਰ ਮਾਨਸਾਹੀਆ, ਬਿੱਲੂ ਸਿੰਘ ਆਦਿ ਚੁਣੇ ਗਏ। ਇਹ ਚੋਣ ਬਲਾਕ ਕਮੇਟੀ ਮੈਂਬਰ ਦੀਦਾਰ ਸਿੰਘ ਖਾਰਾ ਦੀ ਦੇਖ ਰੇਖ ਹੇਠ ਹੋਈ। ਇਸ ਸਮੇਂ ਇਕੱਠੇ ਹੋਏ ਲੋਕਾਂ ਨੂੰ ਜਿਲ੍ਹਾ ਜਨਰਲ ਸਕੱਤਰ ਮੱਖਣ ਸਿੰਘ ਭੈਣੀ ਬਾਘਾ ਨੇ ਵਿਸਵਾਸ ਦਵਾਇਆ ਕਿ ਹਰ ਇੱਕ ਨੂੰ ਬਣਦਾ ਮਾਨ ਸਤਿਕਾਰ ਦਿੱਤਾ ਜਾਵੇਗਾ ਅਤੇ ਕਿਸਾਨਾਂ-ਮਜਦੂਰਾਂ ਦੀ ਲੜਾਈ ਸ਼ਿੱਦਤ ਨਾਲ ਲੜੀ ਜਾਵੇਗੀ। ਉਨ੍ਹਾਂ ਅੱਗੇ ਬੋਲਦਿਆਂ ਕਿਹਾ ਕਿ ਆਉਣ ਵਾਲੀ 11 ਦਸੰਬਰ ਨੂੰ ਦਿੱਲੀ ਘੋਲ ਦੇ ਸਹੀਦਾਂ ਦੀ ਯਾਦ ਵਿੱਚ ਸਿੰਘੂ ਬਾਰਡਰ ਉੱਤੇ ਇਕੱਠ ਕੀਤਾ ਜਾ ਰਿਹਾ ਹੈ, ਸਹੀਦਾਂ ਨੂੰ ਸਿੱਜਦਾ ਕਰਨ ਲਈ ਵੱਧ ਤੋਂ ਵੱਧ ਵਰਕਰਾ ਪਹੁੰਚਣ ਦੀ ਅਪੀਲ ਵੀ ਕੀਤੀ ਗਈ। ਇਸ ਸਮੇਂ ਜਗਦੇਵ ਸਿੰਘ ਅਤੇ ਬਲਜੀਤ ਸਿੰਘ ਭੈਣੀ ਬਾਘਾ ਵੀ ਮੌਜੂਦ ਰਹੇ।

ਵਿਦਿਆਰਥੀਆਂ ਵੱਲੋਂ ਸਾਇੰਸ ਸਿਟੀ ਤੇ ਧਾਰਮਿਕ ਸਥਾਨਾਂ ਦਾ ਟੂਰ

ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ)-ਇਲਾਕੇ ਅੰਦਰ ਵਿੱਦਿਆ ਦੇ ਖੇਤਰ ਵਿਚ ਅਹਿਮ ਭੂਮਿਕਾ ਨਿਭਾਉਣ ਵਾਲੀ ਵਿਦਿਅਕ ਸੰਸਥਾ ਸਾਹਿਬਜਾਦਾ ਅਜੀਤ ਸਿੰਘ ਪਬਲਿਕ ਸਕੂਲ ਜੈਖਰ ਵਲੋਂ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਦੋ ਦਿਨਾਂ ਵਿਦਿਅਕ ਟੂਰ ਦਾ ਕੀਤਾ ਗਿਆ। ਜਾਣਕਾਰੀ ਦਿੰਦੇ ਹੋਏ ਪ੍ਰਿੰਸੀਪਲ ਨਿਧਾਨ ਸਿੰਘ ਨੇ ਦੱਸਿਆ ਕਿ ਵਿਦਿਅਕ ਟੂਰ ਵਿੱਚ ਪਹਿਲੇ ਦਿਨ ਸਾਇੰਸ ਸਿਟੀ ਕਪੂਰਥਲਾ ਵਿਖੇ ਬੱਚਿਆਂ ਨੇ ਵਿਗਿਆਨ ਅਤੇ ਮਨੁੱਖੀ ਵਿਕਾਸ ਬਾਰੇ ਬਹੁਤ ਹੀ ਵਿਸਥਾਰਤ ਜਾਣਕਾਰੀ ਹਾਸਿਲ ਕੀਤੀ। ਇਸ ਤੋਂ ਇਲਾਵਾ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਜੀ ਦੀ ਪਵਿੱਤਰ ਧਰਤੀ ਸੁਲਤਾਨਪੁਰ ਲੋਧੀ ਵਿਖੇ ਇਤਿਹਾਸਕ ਗੁਰਦੁਆਰਾ ਬੇਰ ਸਾਹਿਬ ਅਤੇ ਸੰਤਸਰ ਸਾਹਿਬ ਦੇ ਦਰਸ਼ਨ ਕੀਤੇ। ਇਸ ਦੌਰਾਨ ਵਿਦਿਆਰਥੀਆਂ ਨੇ ਇਤਿਹਾਸਕ ਕਾਲੀ ਵੇਂਈ ਨਦੀ ਦੇ ਕਿਨਾਰੇ ਤੇ ਕੁਦਰਤੀ ਵਾਤਾਵਰਨ ਵਿੱਚ ਲੱਗਭੱਗ ਦੋ ਕਿਲੋਮੀਟਰ ਪੈਦਲ ਯਾਤਰਾ ਕਰਕੇ ਵੇਂਈ ਪ੍ਰਸਿੱਧ ਵਾਤਾਵਰਨ ਪ੍ਰੇਮੀ ਅਤੇ ਰਾਜ ਸਭਾ ਮੈਂਬਰ ਬਲਬੀਰ ਸਿੰਘ ਸੀਚੇਵਾਲ ਨੂੰ ਮਿਲੇ। ਸੀਚੇਵਾਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਸਾਨੂੰ ਹਵਾ, ਪਾਣੀ ਅਤੇ ਮਿੱਟੀ ਦੀ ਸੰਭਾਲ ਕਰਨੀ ਚਾਹੀਦੀ ਹੈ। ਉਹਨਾਂ ਦੇ ਸੰਦੇਸ਼ ਤੋਂ ਵਿਦਿਆਰਥੀ ਨੇ ਪ੍ਰਭਾਵਿਤ ਹੁੰਦਿਆਂ ਵਾਤਾਵਰਣ ਦੀ ਸੰਭਾਲ ਦਾ ਪ੍ਰਣ ਕੀਤਾ। ਵਿਦਿਅਕ ਟੂਰ ਜੰਗ ਏ ਅਜਾਦੀ ਕਰਤਾਰਪੁਰ ਵੀ ਗਿਆ। ਜਿੱਥੇ ਵਿਦਿਆਰਥੀਆਂ ਨੇ ਕਿ ਅਜ਼ਾਦੀ ਦੀ ਜੰਗ ਵਿੱਚ ਪੰਜਾਬੀਆਂ ਦੇ ਯੋਗਦਾਨ ਨੂੰ ਫਿਲਮਾਂ ਅਤੇ ਟੱਚ ਸਕਰੀਨਾਂ ਰਾਹੀਂ ਵੇਖਿਆ। ਵਿਦਿਆਰਥੀ ਆਪਣੇ ਇਤਿਹਾਸ ਨੂੰ ਆਪਣੀਆਂ ਅੱਖਾਂ ਸਾਹਮਣੇ ਵੇਖ ਕੇ ਬਹੁਤ ਹੀ ਪ੍ਰਭਾਵਿਤ ਹੋਏ। ਵਾਪਸੀ ਤੇ ਬੱਚਿਆਂ ਨੇ ਚਮਕੌਰ ਸਾਹਿਬ ਅਤੇ ਫਤਿਹਗੜ੍ਹ ਸਾਹਿਬ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜਾਦਿਆਂ ਦੇ ਸਹੀਦੀ ਸਥਾਨਾਂ ਦੇ ਦਰਸ਼ਨ ਕੀਤੇ।

2.55 ਲੱਖ ਰੁਪਏ ਦੀ ਜਾਲ੍ਹੀ ਕਰੰਸੀ, ਸਕੈਨਰ ਤੇ ਕਟਰ ਸਮੇਤ 3 ਕਾਬੂ

ਮਾਨਸਾ (ਆਤਮਾ ਸਿੰਘ ਪਮਾਰ)-ਮਾਨਸਾ ਦੇ ਸੀਨੀਅਰ ਪੁਲਸ ਕਪਤਾਨ ਡਾ. ਨਾਨਕ ਸਿੰਘ ਨੇ ਇਕ ਕਾਨਫਰੰਸ ਦੌਰਾਨ ਜਾਣਕਾਰੀ ਦਿੱਤੀ ਕਿ ਥਾਣਾ ਸਿਟੀ-2 ਦੇ ਸਹਾਇਕ ਸਬ-ਇੰਸਪੈਕਟਰ ਜਸਵੀਰ ਸਿੰਘ ਸਮੇਤ ਪੁਲਸ ਪਾਰਟੀ ਤਿਕੋਣੀ ਮਾਨਸਾ ਵਿਖੇ ਮੌਜੂਦ ਸਨ। ਗੁਪਤ ਸੂਚਨਾ ਅਨੁਸਾਰ ਉਨ੍ਹਾ ਨੂੰ ਪਤਾ ਲੱਗਾ ਕਿ ਪਰਮਿੰਦਰ ਸਿੰਘ ਪੁੱਤਰ ਮੇਲਾ ਸਿੰਘ ਵਾਸੀ ਘਰਾਗਣਾ ਹਾਲ ਅਬਾਦ ਮਾਨਸਾ ਧਨੰਤਰ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਮੰਢਾਲੀ ਰਣਜੀਤ ਸਿੰਘ ਪੁੱਤਰ ਅਵਤਾਰ ਸਿੰਘ ਵਾਸੀ ਹਰੀਗੜ੍ਹ ਜ਼ਿਲ੍ਹਾ ਸੰਗਰੂਰ ਜਾਲ੍ਹੀ ਕਰੰਸੀ ਦਾ ਕੰਮ ਕਰਦੇ ਹਨ। ਪੁਲਸ ਵੱਲੋਂ ਛਾਪੇਮਾਰੀ ਉਪਰੰਤ ਉਕਤ ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾਂ ਖਿਲਾਫ ਮੁਕੱਦਮਾ ਨੰਬਰ 250 ਮਿਤੀ 29.11.22 ਅ/ਧ489,489,489ਏ,489ਬੀ,489ਸੀ ਹਿੰ.ਦੰ. ਥਾਣਾ ਸਿਟੀ-2 ਮਾਨਸਾ ਵਿਖੇ ਦਰਜ ਕਰ ਲਿਆ ਗਿਆ ਹੈ। ਸੰਜੀਵ ਗੋਇਲ ਡੀ ਐੱਸ ਪੀ ਮਾਨਸਾ ਤੇ ਥਾਣਾ ਸਿਟੀ 2 ਮਾਨਸਾ ਦੀ ਪੁਲਸ ਪਾਰਟੀ ਵੱਲੋਂ ਧਨੰਤਰ ਸਿੰਘ ਕੋਲੋਂ 8400 ਜਾਲ੍ਹੀ ਕਰੰਸੀ ਨੋਟ ਬਰਾਮਦ ਹੋਏ ਰਣਜੀਤ ਸਿੰਘ ਕੋਲੋ 25100, ਰਪਏ ਜਾਲ੍ਹੀ ਕਰੰਸੀ ਨੋਟ ਪਰਮਿੰਦਰ ਸਿੰਘ ਪਾਸੋਂ, 18100 ਰੁਪਏ ਜਾਲ੍ਹੀ ਕਰੰਸੀ ਬਰਾਮਦ ਹੋਈ ਤੇ 1 ਦਸੰਬਰ ਨੂੰ ਰਣਜੀਤ ਸਿੰਘ ਦੀ ਨਿਸ਼ਾਨਦੇਹੀ 'ਤੇ ਉਸ ਦੇ ਕਿਰਾਏ 'ਤੇ ਲਏ ਘਰ ਵਿੱਚੋਂ 2,04,200 ਬਰਾਮਦ ਹੋਏ ਜੋ ਕਿ ਹੁਣ ਤੱਕ 2,55800/ ਰੁਪਏ ਬਣਦੇ ਹਨ। ਇਸ ਜਾਲ੍ਹੀ ਕਰੰਸੀ ਤੋਂ ਇਲਾਵਾ ਇੱਕ ਸਕੈਨਰ ਕਮ ਰੰਗੀਨ ਪ੍ਰਿੰਟਰ ਵੀ ਬਰਾਮਦ ਹੋਇਆ ਹੈ। ਐਸ ਐਸ ਪੀ ਮਾਨਸਾ ਨੇ ਦੱਸਿਆ ਕਿ ਗ੍ਰਿਫਤਾਰ ਮੁਲਜ਼ਮਾਂ ਨੂੰ ਮਾਨਯੋਗ ਕੋਰਟ ਵਿੱਚ ਪੇਸ਼ ਕਰਕੇ ਰੀਮਾਂਡ ਲਿਆ ਜਾ ਰਿਹਾ ਹੈ ਤੇ ਬਰੀਕੀ ਨਾਲ ਪੁੱਛ ਪੜਤਾਲ ਉਪਰੰਤ ਕਈ ਅਹਿਮ ਸੁਰਾਗ ਲੱਗਣ ਦੀ ਸੰਭਾਵਨਾ ਹੈ।

ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਹੀ ਥਾਣਾ ਸਦਰ ਬੁਢਲਾਢਾ ਦੀ ਪੁਲਸ ਵੱਲੋਂ ਸੁਖਦੇਵ ਸਿੰਘ ਪੁੱਤਰ ਜਪਾਲ ਸਿੰਘ ਭੀਖੀ ਤਰਸੇਮ ਸਿੰਘ ਪੁੱਤਰ ਬਲਵੀਰਸਿੰਘ ਵਾਸੀ ਭੀਖੀ ਮਨਜੋਤ ਸਿੰਘ ਪੁੱਤਰ ਜਸਪਾਲ ਸਿੰਘ ਵਾਸੀ ਭੀਖੀ ਨੂੰ ਕਾਬੂ ਕਰਕੇ 2000 ਨਸ਼ੀਲੀਆਂ ਗੋਲੀਆਂ ਸਮੇਤ ਹੀਰੋ ਮੋਟਰਸਾਇਕਲ ਬਰਾਮਦ ਕਰਕੇ ਥਾਣਾ ਸਦਰ ਬੁਢਲਾਡਾ ਵਿਖੇ ਮੁਕੱਦਮਾ ਨੰਬਰ 91ਮਿਤੀ30.11.22ਅ/ਧ22 ਸੀ/61/85 ਐਨ ਡੀ ਪੀ ਐੱਸ ਐਕਟ ਤਹਿਤ ਮੁਕੱਦਮਾ ਦਰਜ ਕਰ ਲਿਆ ਗਿਆ ਹੈ। ਇਸ ਤੋਂ ਇਲਾਵਾ ਥਾਣਾ ਸਦਰ ਮਾਨਸਾ ਵੱਲੋਂ ਪਰਮਜੀਤ ਕੌਰ ਪਤਨੀ ਖੁਸੀਂ ਸਿੰਘ ਵਾਸੀ ਨਰਿਦੇਰਪੁਰਾ ਨੂੰ ਕਾਬੂ ਕਰਕੇ ਮੁਕੱਦਮਾ ਨੰਬਰ 296 ਮਿਤੀ 30.11.22/ਅ/ਧ15/61/85 ਐਨਡੀਪੀ ਐੱਸ ਐਕਟ ਤਹਿਤ ਦਰਜ ਕਰ ਲਿਆ ਗਿਆ ਹੈ। ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਨੂੰ ਮਾਣਯੋਗ ਅਦਾਲਤ ਵਿੱਚ ਪੇਸ਼ ਕਰਕੇ ਸਖਤੀ ਨਾਲ ਪੁੱਛ ਪੜਤਾਲ ਕੀਤੀ ਜਾਵੇਗੀ। ਇੱਕ ਸਵਾਲ ਦੇ ਜਵਾਬ ਵਿੱਚ ਐੱਸ ਐੱਸ ਪੀ ਮਾਨਸਾ ਨੇ ਦੱਸਿਆ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਸੂਰਤ ਵਿੱਚ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਜ਼ਿਲ੍ਹੇ ਵ

2-DEC-PAGE-11-Majha-22.qxd 12/1/2022 10:43 PM Page 1

ਹਜ਼ਾਰਾਂ ਬੀਬੀਆਂ ਨੇ ਕੇਂਦਰ ਤੇ ਪੰਜਾਬ ਸਰਕਾਰ ਵਿਰੁੱਧ ਕੀਤੀ ਨਾਅਰੇਬਾਜ਼ੀ

ਤਰਨ ਤਾਰਨ (ਪ੍ਰਿਤਪਾਲ ਸਿੰਘ) ਕਿਸਾਨਾਂ ਮਜ਼ਦੂਰਾਂ ਸੰਘਰਸ਼ ਕਮੇਟੀ ਪੰਜਾਬ ਦੀ ਅਗਵਾਈ ਵਿੱਚ ਡੀ ਸੀ ਦਫਤਰ ਤਰਨ ਤਾਰਨ ਅੱਗੇ ਚੱਲ ਰਿਹਾ ਪੱਕਾ ਮੋਰਚਾ ਅੱਜ ਛੇਵੇਂ ਦਿਨ ਵਿੱਚ ਦਾਖਲ ਹੋ ਗਿਆ। ਅੱਜ ਮੋਰਚੇ ਨੂੰ ਵੱਡਾ ਬੱਲ ਦੇਂਦਿਆਂ ਹਜ਼ਾਰਾਂ ਬੀਬੀਆਂ ਨੇ ਸ਼ਮੂਲੀਅਤ ਕੀਤੀ ਅਤੇ ਲੁਟੇਰੇ ਹਾਕਮਾਂ ਵਿਰੁੱਧ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਸਟੇਜ ਤੋਂ ਲੈ ਕੇ ਲੰਗਰ ਪ੍ਰਸ਼ਾਦੇ ਸਮੇਤ ਸਾਰਾ ਪ੍ਰਬੰਧ ਅੱਜ ਬੀਬੀਆਂ ਨੇ ਸੰਭਾਲਿਆ । ਹਜ਼ਾਰਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ ਬੀਬੀ ਰਣਜੀਤ ਕੌਰ ਕੱਲਾ, ਕੁਲਵੰਤ ਕੌਰ ਸਕਰੀ, ਰਣਜੀਤ ਕੌਰ ਕੋਟਬੁੱਢਾ, ਦਵਿੰਦਰ ਕੌਰ ਕੱਲਾ, ਗੁਰਮੀਤ ਕੌਰ ਨਾਗੋਕੇ, ਦਵਿੰਦਰ ਕੌਰ ਅਤੇ ਸੁਖਵੰਤ ਕੌਰ ਪਿੰਦੀ ਨੇ ਸੰਗਰੂਰ ਵਿਖੇ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸ਼ਾਂਤਮਈ ਸੰਘਰਸ਼ ਕਰ ਰਹੇ ਮਜ਼ਦੂਰਾਂ 'ਤੇ ਲਾਠੀਚਾਰਜ ਦੀ ਨਿੰਦਾ ਕਰਦਿਆਂ ਮੰਗ ਕੀਤੀ ਕਿ ਉਹਨਾਂ ਦੀਆਂ ਮੰਗਾਂ ਤੁਰੰਤ ਮੰਨੀਆਂ ਜਾਣ।

ਭਗਵੰਤ ਮਾਨ ਸਰਕਾਰ ਦੇ ਮੰਤਰੀ ਇੰਦਰਬੀਰ ਸਿੰਘ ਨਿੱਜਰ ਵੱਲੋਂ ਕਿਸਾਨਾਂ ਨੂੰ ਬੇਵਕੂਫ ਕਹਿਣਾ ਬਹੁਤ ਮੰਦਭਾਗਾ ਹੈ। ਬੀਬੀਆਂ ਨੇ ਕਿਹਾ ਕਿ ਦੇਸ਼ ਦੇ ਅੰਨ ਭੰਡਾਰ ਭਰਨ ਵਾਲਿਆਂ ਖਿਲਾਫ ਇਹੋ ਜਿਹੀ ਸ਼ਬਦਾਵਲੀ ਵਰਤਣ ਨਾਲ ਸਰਕਾਰ ਦਾ ਹੰਕਾਰ ਜੱਗ ਜ਼ਾਹਰ ਹੋ ਚੁੱਕਾ ਹੈ , 2022ਬਿਜਲੀ ਨੋਟੀਫਿਕੇਸ਼ਨ ਰੱਦ ਕੀਤਾ ਜਾਵੇ, ਬੰਦੀ ਸਿੰਘਾਂ ਨੂੰ ਰਿਹਾਅ ਕੀਤਾ ਜਾਵੇ, ਨਕਲੀ ਦੁੱਧ ਅਤੇ ਦੁੱਧ ਪਦਾਰਥ ਬਣਾਉਣ ਵਾਲੇ ਮਾਫੀਆ ਨੂੰ ਨਕੇਲ ਪਾਈ ਜਾਏ, ਬੇਰੋਜ਼ਗਾਰਾਂ ਨੂੰ ਰੋਜ਼ਗਾਰ ਦਿੱਤਾ ਜਾਵੇ, ਸਰਕਾਰੀ ਦਫਤਰਾਂ ਵਿੱਚ ਫੈਲਿਆ ਭ੍ਰਿਸ਼ਟਾਚਾਰ ਖਤਮ ਕੀਤਾ ਜਾਵੇ, ਨਸ਼ਾ ਖਤਮ ਕੀਤਾ ਜਾਵੇ, ਚੋਣ ਵਾਅਦੇ ਅਨੁਸਾਰ ਬੀਬੀਆਂ ਨੂੰ ਪੈਨਸ਼ਨਾਂ ,ਆਟਾ ਦਾਲ , ਸ਼ਗਨ ਸਕੀਮ ਬਿਨਾਂ ਕਿਸੇ ਵਿਤਕਰੇ ਸਾਰੇ ਲੋੜਵੰਦਾ ਨੂੰ ਦਿੱਤੇ ਜਾਣ। ਇਸ ਮੌਕੇ ਬੀਬੀ ਕੁਲਵਿੰਦਰ ਕੌਰ ਵਲੀਪੁਰ, ਮਨਜੀਤ ਕੌਰ ਮੋਣਪੁਰਾ, ਰਜਵੰਤ ਕੌਰ ਗੋਲਵੜ, ਸਰਬਜੀਤ ਕੌਰ ਅੱਲੋਵਾਲ, ਜਸਵਿੰਦਰ ਕੌਰ ਮਾਣੋਚਾਲ, ਕਸ਼ਮੀਰ ਕੌਰ ਸੁਰਸਿੰਘ, ਜਗੀਰ ਕੌਰ ਬਾਕੀਪੁਰ, ਕਸ਼ਮੀਰ ਕੌਰ ਛੀਨਾ, ਹਰਪਾਲ ਕੌਰ ਕਸੈਲ , ਉਮਰਜੀਤ ਕੌਰ ਪੱਟੀ, ਆਦਿ ਬੀਬੀਆਂ ਨੇ ਸੰਬੋਧਨ ਕੀਤਾ।

ਡੀ ਸੀ ਦਫ਼ਤਰਾਂ 'ਤੇ ਲੱਗੇ ਲੰਮੇ ਮੋਰਚਿਆਂ ਦੇ ਛੇਵੇਂ ਦਿਨ ਬੀਬੀਆਂ ਦਾ ਆਇਆ ਹੜ੍ਹ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ) ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਡੀ ਸੀ ਦਫ਼ਤਰਾਂ ਅੱਗੇ 26 ਨਵੰਬਰ ਤੋਂ ਸੂਬਾ ਪ੍ਰਧਾਨ ਸਤਨਾਮ ਸਿੰਘ ਪੰਨੂ ਅਤੇ ਜਨਰਲ ਸਕੱਤਰ ਸਰਵਣ ਸਿੰਘ ਪੰਧੇਰ ਦੀ ਅਗਵਾਈ ਵਿੱਚ ਪੰਜਾਬ ਭਰ ਵਿੱਚ ਸ਼ੁਰੂ ਕੀਤੇ ਗਏ ਮੋਰਚਿਆਂ ਵਿੱਚ ਅੱਜ ਬੀਬੀਆਂ ਦੇ ਵੱਡੇ ਇਕੱਠ ਕੀਤੇ ਗਏ। ਕਿਸਾਨ ਆਗੂਆਂ ਨੇ ਕਿਹਾ ਕਿ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ, ਮਾਨ ਸਰਕਾਰ ਦੀ ਪੁਲਸ ਵੱਲੋਂ ਸੰਗਰੂਰ ਮੁੱਖ ਮੰਤਰੀ ਦੀ ਰਿਹਾਇਸ਼ ਦੇ ਬਾਹਰ ਧਰਨਾਕਾਰੀ ਮਜ਼ਦੂਰਾਂ 'ਤੇ ਕੀਤੇ ਬਰਬਰਤਾਪੂਰਨ ਲਾਠੀਚਾਰਜ ਦੀ ਸਖ਼ਤ ਲਫ਼ਜ਼ਾਂ ਵਿਚ ਨਿਖੇਧੀ ਕਰਦੀ ਹੈ। ਅਜਿਹੇ ਕੰਮ ਕਰਕੇ ਮਾਨ ਸਰਕਾਰ ਆਪਣੇ ਪੈਰਾਂ 'ਤੇ ਕੁਹਾੜੀ ਮਾਰ ਰਹੀ ਹੈ ਤੇ ਆਪਣੇ ਅਸਲੀ ਰੂਪ ਵਿੱਚ ਆ ਰਹੀ ਹੈ। ਇਸ ਮੌਕੇ ਅੰਮ੍ਰਿਤਸਰ ਦੇ ਮੋਰਚੇ ਤੋਂ ਬੋਲਦੇ ਸੂਬਾ ਆਗੂ ਗੁਰਬਚਨ ਸਿੰਘ ਚੱਬਾ ਨੇ ਬੀਬੀਆਂ ਦੇ ਇਕੱਠ ਨੂੰ ਕਿਹਾ ਕਿ ਬੀਬੀਆਂ ਮਾਤਾਵਾਂ ਸਾਡੇ ਸਮਾਜ ਦੀ ਅੱਧੀ ਆਬਾਦੀ ਹਨ ਅਤੇ ਕਿਸੇ ਵੀ ਸਮਾਜ ਦੇ ਵਿਕਾਸ ਵਿੱਚ ਇਨ੍ਹਾਂ ਦਾ ਵੱਡਾ ਯੋਗਦਾਨ ਹੁੰਦਾ ਹੈ ਅਤੇ ਅੱਜ ਦੇ ਸਮੇਂ ਦੀ ਮੰਗ ਹੈ ਕਿ ਉਹ ਦੇਸ਼ ਅਤੇ ਪੰਜਾਬ ਦੀ ਨਿੱਘਰ ਰਹੀ ਹਾਲਤ ਨੂੰ ਦੇਖਦੇ ਸੰਘਰਸ਼ਾਂ ਦੇ ਮੈਦਾਨ ਵਿੱਚ ਆਵੇ। ਆਗੂਆਂ ਨੇ ਕੇਂਦਰ ਸਰਕਾਰ ਵੱਲੋਂ ਪੰਜਾਬ ਦਾ ਰੂਰਲ ਡਿਵੈਲਪਮੈਂਟ ਫੰਡ ਰੋਕਣ 'ਤੇ ਸਖ਼ਤ ਇਤਰਾਜ਼ ਜਤਾਇਆ ਅਤੇ ਕਿਹਾ ਕੇਂਦਰ ਵੱਲੋਂ ਫੰਡਾਂ 'ਤੇ ਰੋਕ ਦਾ ਰਾਜਨੀਤੀ ਤੋਂ ਇਲਾਵਾ ਇੱਕ ਕਾਰਨ ਇਹ ਵੀ ਕਿ ਮਾਨ ਸਰਕਾਰ ਮੋਦੀ ਸਰਕਾਰ ਵੱਲੋਂ ਪੰਜਾਬ ਦੇ ਹਿੱਤਾਂ ਤੇ ਹੁਣ ਤੱਕ ਮਾਰੇ ਡਾਕੇ 'ਤੇ ਬਿਲਕੁਲ ਚੁੱਪ ਰਹੀ ਹੈ। ਉਹਨਾ ਕਿਹਾ ਕਿ ਮੋਰਚੇ ਚੜ੍ਹਦੀ ਕਲਾ ਵਿਚ ਜਾਰੀ ਹਨ ਅਤੇ ਹਰ ਦਿਨ ਲੋਕਾਂ ਵਿਚ ਉਤਸ਼ਾਹ ਵਧ ਰਿਹਾ ਹੈ ਅਤੇ ਅੱਜ ਦਾ ਇਕੱਠ ਸਾਬਤ ਕਰਦਾ ਹੈ ਕਿ ਲੋਕਾਂ ਵਿਚ ਮਾਨ ਤੇ ਮੋਦੀ ਸਰਕਾਰ ਦੇ ਕੀਤੇ ਵਾਅਦਿਆਂ ਤੋਂ ਭਗੌੜੇ ਹੋਣ ਤੇ ਕਿਸ ਪੱਧਰ ਦਾ ਰੋਸ ਹੈ। ਉਹਨਾ ਕਿਹਾ ਕਿ ਜਿਸ ਤਰ੍ਹਾਂ ਮੋਦੀ ਸਰਕਾਰ ਨੂੰ ਕਾਲੇ ਕਾਨੂੰਨ ਵਾਪਸ ਲੈਣੇ ਪਏ ਸਨ, ਇਸੇ ਤਰ੍ਹਾਂ ਪੰਜਾਬ ਦੀ ਮਾਨ ਸਰਕਾਰ ਵੱਲੋਂ ਵਿਲੇਜ ਕਾਮਨ ਲੈਂਡ ਐਕਟ ਵਿੱਚ ਸੋਧ ਕਰਕੇ ਜੁਮਲਾ ਮੁਸ਼ਤਰਕਾ ਜ਼ਮੀਨਾਂ ਖੋਹਣ ਵਾਲਾ ਨੋਟੀਫਿਕੇਸ਼ਨ ਵੀ ਅਸੈਂਬਲੀ ਵਿਚ ਵਾਪਸ ਲੈਣਾ ਪਵੇਗਾ। ਉਹਨਾ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਵਿਚ ਨਵੇਂ ਮੀਟਰ ਲਾਉਣ ਦਾ ਫੈਸਲਾ ਵਾਪਸ ਕਰੇ, ਕਿਸਾਨਾਂ ਤੇ ਮਜ਼ਦੂਰਾਂ ਦੇ ਕਰਜ਼ੇ ਖਤਮ ਕੀਤੇ ਜਾਣ, ਸਕੂਲ, ਹਸਪਤਾਲਾਂ, ਸੜਕਾਂ, ਬੱਸਾਂ ਸਮੇਤ ਸਾਰੇ ਸਰਕਾਰੀ ਅਦਾਰਿਆਂ ਦੀ ਹਾਲਤ ਨੂੰ ਸੁਧਾਰਿਆ ਜਾਵੇ। ਮੋਰਚੇ ਦੀਆਂ ਹੋਰ ਮੁੱਖ ਮੰਗਾਂ ਬਾਰੇ ਬੋਲਦੇ ਆਗੂਆਂ ਨੇ ਕਿਹਾ ਕਿ ਵਿਧਾਨ ਸਭਾ ਵਿਚ ਬਾਬਾ ਬੰਦਾ ਸਿੰਘ ਬਹਾਦਰ ਕਾਨੂੰਨ ਬਣਾ ਕੇ ਉਸ ਤਹਿਤ ਅਬਾਦਕਾਰ ਕਿਸਾਨਾਂ ਮਜ਼ਦੂਰਾਂ ਨੂੰ ਜ਼ਮੀਨਾਂ ਦੇ ਪੱਕੇ ਮਾਲਕੀ ਹੱਕ ਦਿੱਤੇ ਜਾਣ, ਤਾਰ ਪਾਰਲੀਆਂ ਜ਼ਮੀਨਾਂ ਦਾ ਰਹਿੰਦਾ ਮੁਆਵਜ਼ਾ ਜਾਰੀ ਕੀਤਾ ਜਾਵੇ, ਕੰਡਿਆਲੀ ਤਾਰ ਜ਼ੀਰੋ ਲਾਈਨ 'ਤੇ ਕੀਤੀ ਜਾਵੇ ਅਤੇ ਤਾਰ ਪਾਰਲੇ ਖੇਤਾਂ ਵਿਚ ਕੰਮ ਕਰਨ ਦਾ ਸਮਾਂ ਵਧਾਇਆ ਜਾਵੇ, ਬਿਜਲੀ ਵੰਡ ਲਾਇਸੈਂਸ ਨਿਯਮ 2022 ਦਾ ਨੋਟੀਫਿਕੇਸ਼ਨ ਰੱਦ ਕੀਤਾ ਜਾਵੇ ਅਤੇ ਪੰਜਾਬ ਸਰਕਾਰ ਵੱਲੋਂ ਇਸ ਖਿਲਾਫ ਅਸੈਂਬਲੀ 'ਚ ਮਤਾ ਪਾਸ ਕੀਤਾ ਜਾਵੇ, ਐੱਸ ਵਾਈ ਐਲ ਦੇ ਮਸਲੇ ਦਾ ਹੱਲ ਰਾਇਪੇਰੀਅਨ ਕਾਨੂੰਨ ਦੇ ਹਿਸਾਬ ਨਾਲ ਕੀਤਾ ਜਾਵੇ,17.5 ਏਕੜ ਵਾਲਾ ਲੈਂਡ ਸੀਲਿੰਗ ਐਕਟ ਲਾਗੂ ਕਰਕੇ ਸਾਰੀਆਂ ਸਰਪਲੱਸ ਜ਼ਮੀਨਾਂ ਬੇਜ਼ਮੀਨੇ ਕਿਸਾਨਾਂ ਮਜ਼ਦੂਰਾਂ ਵਿਚ ਬਰਾਬਰ ਵੰਡੀਆਂ ਜਾਣ, ਮੋਰਚਿਆਂ ਵਿਚ ਸ਼ਹੀਦ ਹੋਏ ਕਿਸਾਨਾਂ ਮਜ਼ਦੂਰਾਂ ਦੇ ਪਰਵਾਰ ਨੂੰ ਨੌਕਰੀ ਤੇ ਮੁਆਵਜ਼ੇ ਜਾਰੀ ਕੀਤੇ ਜਾਣ, ਚੋਣ ਵਾਅਦੇ ਅਨੁਸਾਰ ਔਰਤਾਂ ਨੂੰ ਇਕ ਹਜ਼ਾਰ ਪੈਨਸ਼ਨ ਦਿੱਤੀ ਜਾਵੇ ਅਤੇ ਬੁਢਾਪਾ ਤੇ ਵਿਧਵਾ ਪੈਨਸ਼ਨ 2500 ਦਿੱਤੀ ਜਾਵੇ, ਪ੍ਰਾਈਵੇਟ ਹਸਪਤਾਲਾਂ ਨੂੰ ਕੰਟਰੋਲ ਕਰਨ ਲਈ ਚਿਰਾਂ ਤੋਂ ਲਟਕ ਰਿਹਾ ਕਲੀਨੀਕਲ ਐਸਟੱਬਲਿਸ਼ਮੈਂਟ ਐਕਟ ਲਾਗੂ ਕੀਤਾ ਜਾਵੇ, ਮਨਰੇਗਾ ਤਹਿਤ ਦਿਹਾੜੀ ਦੁੱਗਣੀ ਕੀਤੀ ਜਾਵੇ ਅਤੇ ਸਾਲ ਦੇ 365 ਦਿਨ ਰੁਜ਼ਗਾਰ ਮੁਹਈਆ ਹੋਵੇ, ਰੁਕੇ ਹੋਏ ਮਨਰੇਗਾ ਬਕਾਏ ਤੁਰੰਤ ਬਹਾਲ ਹੋਣ, ਬਹਿਬਲ ਕਲਾਂ ਅਤੇ ਕੋਟਕਪੂਰਾ ਕਤਲਕਾਂਡ ਦੇ ਦੋਸ਼ੀਆਂ ਨੂੰ ਫੜ ਕੇ ਸਜ਼ਾਵਾਂ ਦਿੱਤੀਆਂ ਜਾਣ, ਬੇਅਦਬੀ ਦੀਆਂ ਘਟਨਾਵਾਂ ਦੇ ਦੋਸ਼ੀਆਂ 'ਤੇ ਕਾਰਵਾਈ ਕੀਤੀ ਜਾਵੇ, ਅੰਦੋਲਨਾਂ ਵਿਚ ਸੈਂਟਰ ਤੇ ਪੰਜਾਬ ਸਰਕਾਰ ਵੱਲੋਂ ਪਾਏ ਪਰਚੇ ਰੱਦ ਕੀਤੇ ਜਾਣ ਆਦਿ। ਇਸ ਮੌਕੇ ਸੂਬਾ ਆਗੂ ਗੁਰਬਚਨ ਸਿੰਘ ਚੱਬਾ, ਬਾਜ਼ ਸਿੰਘ ਸਾਰੰਗੜਾ, ਕੰਵਰਦਲਜੀਪ ਸੈਦੋਲੇਹਲ, ਬੀਬੀ ਨਰਿੰਦਰ ਕੌਰ, ਸੁਖਵਿੰਦਰ ਕੌਰ, ਦਲਬੀਰ ਕੌਰ, ਜਸਬੀਰ ਕੌਰ ਕੱਕੜ, ਜਾਗੀਰ ਕੌਰ ਰਸੂਲਪੁਰ, ਗੁਰਮੀਤ ਕੌਰ ਚੁਗਾਵਾਂ, ਜੋਗਿੰਦਰ ਕੌਰ ਜਠੌਲ, ਕੁਲਵਿੰਦਰ ਕੌਰ ਕੱਕੜ, ਬਲਵਿੰਦਰ ਕੌਰ ਛਿਛਣ, ਕੁਲਵਿੰਦਰ ਕੌਰ ਬੂਲੇਨੰਗਲ ਨੇ ਇੱਕਠ ਨੂੰ ਸੰਬੋਧਨ ਕੀਤਾ, ਸਟੇਜ ਸੰਚਾਲਨ ਲਖਵਿੰਦਰ ਸਿੰਘ ਡਾਲਾ ਨੇ ਕੀਤਾ। ਇਸ ਮੌਕੇ ਵੱਖ ਵੱਖ ਜ਼ੋਨਾ ਤੋਂ ਹਜ਼ਾਰਾਂ ਦੀ ਗਿਣਤੀ ਵਿਚ ਔਰਤਾਂ, ਕਿਸਾਨਾਂ ਤੇ ਮਜ਼ਦੂਰਾਂ ਨੇ ਹਾਜ਼ਰੀ ਭਰੀ।

ਵੋਟਰ ਸੂਚੀਆਂ ਦੀ ਸੁਧਾਈ ਲਈ ਤਰਨ ਤਾਰਨ ਦੇ ਸਮੂਹ ਪੋਲਿੰਗ ਸਟੇਸ਼ਨਾਂ 'ਤੇ 3, 4 ਨੂੰ ਲਗਾਏ ਜਾਣਗੇ ਕੈਂਪ

ਤਰਨ ਤਾਰਨ, : ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਤਰਨ ਤਾਰਨ ਰਿਸ਼ੀਪਾਲ ਸਿੰਘ ਆਈ. ਏ. ਐੱਸ. ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਵੱਲੋਂ ਜਾਰੀ ਸ਼ਡਿਊਲ ਅਨੁਸਾਰ ਮਿਤੀ 1 ਜਨਵਰੀ 2023 ਦੇ ਅਧਾਰ 'ਤੇ ਫੋਟੋ ਵੋਟਰ ਸੂਚੀਆਂ ਦੀ ਸੁਧਾਈ ਦਾ ਕੰਮ 08 ਦਸੰਬਰ ਤੱਕ ਕੀਤਾ ਜਾਣਾ ਹੈ। ਇਸੇ ਲੜੀ ਤਹਿਤ ਜ਼ਿਲ੍ਹੇ ਦੇ 4 ਵਿਧਾਨ ਸਭਾ ਚੋਣ ਹਲਕਿਆਂ ਦੇ ਵੋਟਰਾਂ ਦੀ ਵੋਟਰ ਸੂਚੀਆਂ ਦੀ ਸੁਧਾਈ ਲਈ ਜ਼ਿਲ੍ਹੇ ਦੇ ਸਮੂਹ ਪੋਲਿੰਗ ਸਟੇਸ਼ਨਾਂ 'ਤੇ 3 ਦਸੰਬਰ ਦਿਨ ਸ਼ਨੀਵਾਰ ਅਤੇ 4 ਦਸੰਬਰ, ਦਿਨ ਐਤਵਾਰ ਨੂੰ ਸਪੈਸ਼ਲ ਕੈਂਪ ਲਗਾਏ ਜਾ ਰਹੇ ਹਨ।

ਜ਼ਿਲ੍ਹਾ ਚੋਣ ਅਫਸਰ ਰਿਸ਼ੀਪਾਲ ਸਿੰਘ ਨੇ ਦੱਸਿਆ ਕਿ ਜ਼ਿਲ੍ਹੇ ਦੇ ਸਮੂਹ ਵਿਧਾਨ ਸਭਾ ਚੋਣ ਹਲਕਿਆਂ ਵਿੱਚ ਨਿਯੁਕਤ ਕੀਤੇ ਗਏ ਬੂਥ ਲੈਵਲ ਅਫਸਰ 3 ਅਤੇ 4 ਦਸੰਬਰ ਨੂੰ ਆਪਣੇ-ਆਪਣੇ ਪੋਲਿੰਗ ਸਟੇਸ਼ਨਾਂ 'ਤੇ ਬੈਠਣਗੇ। ਉਨ੍ਹਾਂ ਕਿਹਾ ਕਿ ਕੋਈ ਵੀ ਯੋਗ ਵਿਅਕਤੀ ਜਿਸ ਦੀ ਉਮਰ 1 ਜਨਵਰੀ, 2023 ਨੂੰ 18 ਸਾਲ ਪੂਰੀ ਹੋ ਜਾਂਦੀ ਹੈ ਅਤੇ ਉਸ ਦਾ ਨਾਂਅ ਭਾਰਤ ਦੇਸ਼ ਦੇ ਕਿਸੇ ਵੀ ਚੋਣ ਹਲਕੇ ਦੀ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਹੈ ਤਾਂ ਉਹ ਆਪਣਾ ਨਾਂਅ ਵੋਟਰ ਸੂਚੀ ਵਿੱਚ ਸ਼ਾਮਲ ਕਰਵਾਉਣ ਲਈ ਫਾਰਮ ਨੰਬਰ 6 ਭਰ ਕੇ ਬਤੌਰ ਵੋਟਰ ਰਜਿਸਟਰ ਹੋ ਸਕਦਾ ਹੈ। ਉਨ੍ਹਾਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਇਸ ਸਾਲ 17 ਸਾਲ ਦੀ ਉਮਰ ਪੂਰੀ ਕਰਨ ਵਾਲੇ ਨੌਜਵਾਨ ਵਰਗ ਦੇ ਬੱਚਿਆਂ ਦੀ ਬਤੌਰ ਵੋਟਰ ਰਜਿਸਟ੍ਰੇਸ਼ਨ ਕਰਨ ਦੇ ਮੰਤਵ ਨੂੰ ਉਨ੍ਹਾਂ ਦੀ 18 ਸਾਲ ਉਮਰ ਪੂਰਾ ਕਰਨ ਦੀ ਯੋਗਤਾ ਮਿਤੀ ਦੇ ਆਧਾਰ 'ਤੇ ਅਡਵਾਂਸ ਫਾਰਮ ਨੰਬਰ 6 ਪ੍ਰਾਪਤ ਕਰਨ ਦਾ ਵਿਸ਼ੇਸ਼ ਉਪਰਾਲਾ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਭਾਰਤ ਚੋਣ ਕਮਿਸ਼ਨ ਦੀਆਂ ਨਵੀਆਂ ਹਦਾਇਤਾਂ ਅਨੁਸਾਰ ਹੁਣ ਸਾਲ 2023 ਵਿੱਚ ਪੈਂਦੀਆਂ ਕੁਲ ਚਾਰ ਤਿਮਾਹੀਆ ਯੋਗਤਾ ਮਿਤੀ 1 ਜਨਵਰੀ 2023, 1 ਅਪ੍ਰੈਲ 2023, 1 ਜੁਲਾਈ 2023, ਅਤੇ 1 ਅਕਤੂਬਰ 2023 ਅਨੁਸਾਰ ਕਿਸੇ ਵੀ ਯੋਗਤਾ ਮਿਤੀ ਨੂੰ ਬਿਨੈਕਾਰ ਦੀ ਉਮਰ 18 ਸਾਲ ਪੂਰੀ ਹੋ ਜਾਂਦੀ ਹੈ (ਭਾਵ ਜਿਸ ਦੀ ਉਮਰ ਮਿਤੀ 1 ਜਨਵਰੀ 2023 ਨੂੰ 18 ਸਾਲ ਦੀ ਪੂਰੀ ਨਹੀਂ ਹੁੰਦੀ, ਪਰੰਤੂ ਉਸ ਦੀ ਉਮਰ ਸਾਲ ਦੀ ਅਗਲੀ ਤਿੰਨ ਯੋਗਤਾ ਮਿਤੀ ਅਨੁਸਾਰ 18 ਸਾਲ ਪੂਰੀ ਹੋ ਜਾਂਦੀ ਹੈ) ਤਾਂ ਅਜਿਹੇ ਬਿਨੈਕਾਰ ਆਪਣੀ ਵੋਟ ਬਣਾਉਣ ਲਈ ਐਡਵਾਂਸ ਵਿੱਚ ਫ਼ਾਰਮ ਨੰਬਰ 6 ਭਰ ਕੇ ਦੇ ਸਕਣਗੇ।

ਜ਼ਿਲ੍ਹਾ ਚੋਣ ਅਫ਼ਸਰ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਚੋਣ ਕਮਿਸ਼ਨ ਵੱਲੋਂ ਸ਼ੁਰੂ ਕੀਤੀ ਗਈ ਇਸ ਮੁਹਿੰਮ ਦਾ ਫਾਇਦਾ ਉਠਾਉਣ ਅਤੇ ਵੋਟਰ ਸੂਚੀ ਵਿੱਚ ਆਪਣਾ ਨਾਂਅ ਸ਼ਾਮਲ ਕਰਵਾਉਣ, ਕਟਵਾਉਣ ਜਾਂ ਕਿਸੇ ਤਰ੍ਹਾਂ ਦੀ ਸੋਧ ਕਰਨ ਲਈ ਸੰਬੰਧਤ ਫਾਰਮ ਭਰ ਕੇ ਮਿਤੀ 3 ਅਤੇ 4 ਦਸੰਬਰ ਨੂੰ ਆਪਣੇ ਪੋਲਿੰਗ ਬੂਥ 'ਤੇ ਜਾ ਕੇ ਸੰਬੰਧਤ ਬੀ. ਐੱਲ. ਓ. ਕੋਲ ਜ਼ਰੂਰ ਜਮ੍ਹਾਂ ਕਰਵਾਉਣ, ਤਾਂ ਜੋ ਭਾਰਤ ਚੋਣ ਕਮਿਸ਼ਨ ਵੱਲੋਂ ਮਿੱਥੇ ਗਏ ਟੀਚੇ ਨੂੰ ਪੂਰਾ ਕੀਤਾ ਜਾ ਸਕੇ ਅਤੇ ਕੋਈ ਵੀ ਯੋਗ ਵਿਅਕਤੀ ਆਪਣੀ ਵੋਟ ਦੇ ਹੱਕ ਤੋਂ ਵਾਂਝਾ ਨਾ ਰਹੇ।

ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦੇ ਵਿਦਿਆਰਥੀਆਂ ਦਾ ਅਥਲੈਟਿਕਸ 'ਚ ਸ਼ਾਨਦਾਰ ਪ੍ਰਦਰਸ਼ਨ

ਤਰਨ ਤਾਰਨ (ਪ੍ਰਿਤਪਾਲ ਸਿੰਘ) ਹਾਵਰਡ ਲੇਨ ਸਕੂਲ, ਪਿੰਡ ਠੱਠਾ (ਤਰਨ ਤਾਰਨ) ਵਿਖੇ ਸ੍ਰੀ ਗੁਰੂ ਅਰਜਨ ਦੇਵ ਸਹੋਦਿਆ ਤਰਨ ਤਾਰਨ ਵੱਲੋਂ ਅਥਲੈਟਿਕ ਮੀਟ ਕਰਵਾਈ ਗਈ ਜਿਸ ਵਿੱਚ 17 ਸੀ ਬੀ ਐੱਸ ਈ ਸਕੂਲਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਅਥਲੈਟਿਕ ਮੀਟ ਵਿੱਚ ਫੀਲਡ ਈਵੈਂਟ ਅਤੇ ਟਰੈਕ ਈਵੈਂਟ ਕਰਵਾਏ ਗਏ। ਇਸ ਅਥਲੈਟਿਕ ਮੀਟ ਵਿੱਚ ਸਹੋਦਿਆ ਦੇ ਮੁਖੀ ਗੁਰਚਰਨ ਕੌਰ ਉਚੇਚੇ ਤੌਰ 'ਤੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਲਈ ਪਹੁੰਚੇ। ਜ਼ਿਕਰਯੋਗ ਹੈ ਕਿ ਮੁਕਾਬਲੇ ਬਹੁਤ ਕਠਿਨ ਹੋਣ ਦੇ ਬਾਵਜੂਦ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦੇ ਵਿਦਿਆਰਥੀਆਂ ਨੇ ਆਪਣੀ ਮਿਹਨਤ ਅਤੇ ਆਪਣੇ ਕੋਚ ਸੁਖਵਿੰਦਰ ਸਿੰਘ ਅਤੇ ਰਾਜਬੀਰ ਕੌਰ ਦੀ ਯੋਗ ਅਗਵਾਈ ਸਦਕਾ ਸ਼ਾਟਪੁੱਟ ਵਿੱਚੋਂ ਅੰਮ੍ਰਿਤਵੀਰ ਸਿੰਘ (ਅੰਡਰ-17) ਅਤੇ ਗੁਰਸਾਹਿਲ ਸਿੰਘ (ਅੰਡਰ-19) ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਸ਼ਾਟਪੁੱਟ ਵਿੱਚੋਂ ਹੀ ਅੰਡਰ-17 (ਲੜਕੇ) ਦੂਸਰਾ ਸਥਾਨ ਅਤੇ ਅੰਡਰ-17 (ਲੜਕੀਆਂ) ਤੀਸਰੇ ਸਥਾਨ 'ਤੇ ਰਹੀਆਂ। ਇਸੇ ਤਰ੍ਹਾਂ ਟਰੈਕ ਈਵੈਂਟ ਵਿੱਚ 100 ਮੀਟਰ ਦੌੜ ਵਿੱਚ ਅੰਡਰ-17 (ਲੜਕੀਆਂ), ਅੰਡਰ-17 (ਲੜਕੇ), ਅੰਡਰ-19 (ਲੜਕੀਆਂ

2-DEC PAGE 12.qxd 12/1/2022 10:34 PM Page 1

ਸ਼ਿਵਾਲਿਕ ਦੀ ਗੋਦ 'ਚ ਘੁਮੱਕੜਾਂ ਤੇ ਸੈਲਾਨੀਆਂ ਦਾ ਵੱਡਾ ਸਮਾਗਮ ਸਫਲਤਾਪੂਰਵਕ ਸੰਪੰਨ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਹਾਈਕ ਐਂਡ ਟਰੈਕ ਕਲੱਬ ਹੁਸ਼ਿਆਰਪੁਰ ਵੱਲੋਂ "ਘੁਮੱਕੜ ਨਾਮਾ" ਗਰੁੱਪ ਪੰਜਾਬ ਦੇ ਸਹਿਯੋਗ ਨਾਲ ਪੰਜਾਬ ਵਣ ਵਿਭਾਗ, ਹੁਸ਼ਿਆਰਪੁਰ ਦੇ ਵਿਸ਼ੇਸ਼ ਯਤਨਾਂ ਸਦਕਾ ਸ਼ਿਵਾਲਿਕ ਦੀ ਗੋਦ ਵਿਚ "ਘੁਮੱਕੜਾਂ ਅਤੇ ਸੈਲਾਨੀਅ" ਦਾ ਇੱਕ ਵੱਡਾ ਸੈਮੀਨਾਰ/ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਸਮਾਗਮ ਵਣ ਵਿਭਾਗ ਦੇ ਰੈਸਟ ਹਾਊਸ, ਨਾਰਾ (ਹੁਸ਼ਿਆਰਪੁਰ) ਵਿਖੇ ਰੱਖਿਆ ਗਿਆ ਸੀ। ਜਿਸ ਨੂੰ ਵਣ ਵਿਭਾਗ ਦੇ ਅਫਸਰ ਸੰਜੀਵ ਕੁਮਾਰ ਤਿਵਾੜੀ (ਸੀ.ਐਫ.ਓ.) ਦੀ ਦੇਖ ਰੇਖ ਵਿੱਚ ਸਫਲਤਾਪੂਰਵਕ ਨੇਪਰੇ ਚਾੜ੍ਹਿਆ ਗਿਆ ਹੈ। ਇਸ ਸੈਮੀਨਾਰ ਦਾ ਮੁੱਖ ਉਦੇਸ਼ ਪੰਜਾਬ ਵਿੱਚ ਸੈਰ ਸਪਾਟੇ ਨੂੰ ਉਤਸ਼ਾਹਿਤ ਕਰਨਾ ਅਤੇ ਪੰਜਾਬੀ ਭਾਈਚਾਰੇ ਵਿੱਚ ਆਪਸੀ ਪਿਆਰ, ਮਿਲਣ ਮਿਲਾਪ ਨੂੰ ਬੜਾਵਾ ਦੇਣਾ ਸੀ ਅਤੇ ਨੌਜਵਾਨ ਪੀੜ੍ਹੀ ਨੂੰ ਇਸ ਖੇਤਰ ਵਿੱਚ ਅੱਗੇ ਲੈ ਕੇ ਆਉਣਾ ਸੀ। ਘੁਮੱਕੜਾਂ ਅਤੇ ਸੈਲਾਨੀਆਂ ਦੇ ਇਸ ਸੈਮੀਨਾਰ ਦੀ ਪੂਰੀ ਰੂਪ ਰੇਖਾ ਇਸ ਪ੍ਰਕਾਰ ਸੀ। ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਅਤੇ ਦਿੱਲੀ, ਚੰਡੀਗੜ੍ਹ, ਰਾਜਸਥਾਨ, ਹਰਿਆਣਾ ਤੋਂ ਕੁਦਰਤ ਪ੍ਰੇਮੀ ਅਤੇ ਬੁੱਧੀਜੀਵੀ ਹੁਸ਼ਿਆਰਪੁਰ ਦੇ ਪਿੰਡ ਜਹਾਨ ਖੇਲਾਂ, ਊਨਾ ਰੋਡ ਤੇ ਇਕੱਠੇ ਹੋਏ ਅਤੇ ਫਿਰ ਸਾਰੇ ਮਿਲ ਕੇ ਨਾਰਾ ਰੈਸਟ ਹਾਊਸ ਲਈ ਰਵਾਨਾ ਹੋਏ। ਬ੍ਰਿਟਿਸ਼ ਕਾਲ ਵਿੱਚ ਬਣੀ ਇਹ ਇਮਾਰਤ ਇਸ ਸਮੇਂ ਵਣ-ਵਿਭਾਗ ਦਾ ਰੈਸਟ ਹਾਊਸ ਹੈ ਜੋ ਕਿ ਕੁਦਰਤ ਪ੍ਰੇਮੀਆਂ ਲਈ ਕੈਂਪਿੰਗ ਕਰਨ ਲਈ ਸੋਹਣੀ ਥਾਂ ਹੈ। ਕੁਝ ਸਮੇਂ ਵਿਚ ਹੀ ਵੱਖ ਵੱਖ ਥਾਵਾਂ ਤੋਂ 70-75 ਘੁਮੱਕੜ ਸਾਥੀ ਇੱਕ ਥਾਂ 'ਤੇ ਇਕੱਠੇ ਹੋ ਗਏ। ਹੁਣ ਜਾਣ ਪਹਿਚਾਣ ਦਾ ਦੌਰ ਸ਼ੁਰੂ ਹੋ ਗਿਆ ਨਵੇਂ ਪੁਰਾਣੇ ਚੇਹਰਿਆਂ ਦੇ ਦਰਸ਼ਨ ਜਿਨ੍ਹਾਂ ਕੁਦਰਤ ਦੀਆਂ ਕਈ ਇਹੋ ਜਿਹੀਆਂ ਥਾਵਾਂ 'ਤੇ ਪੈਰ ਪਾਏ ਸਨ ਜਿਹਨਾਂ ਬਾਰੇ ਆਮ ਇਨਸਾਨ ਨੇ ਕਦੇ ਸੋਚਿਆ ਵੀ ਨਹੀਂ ਹੋਣਾ। ਚੇਹਰਿਆਂ ਤੇ ਪਰਪੱਕਤਾ, ਕੁਦਰਤ ਪ੍ਰੇਮ ਨਾਲ ਲਬਰੇਜ ਸਾਰੇ ਸਾਥੀ ਆਪਣੇ ਆਪਣੇ ਤਜ਼ਰਬੇ ਸਾਂਝੇ ਕਰ ਰਹੇ ਸਨ। ਮਹਿਸੂਸ ਹੋ ਰਿਹਾ ਸੀ ਕਦੇ ਕੁਦਰਤ ਦੀ ਗੋਦ ਵਿਚ ਬੈਠ ਕੇ ਦੇਖੋ ਤੁਹਾਨੂੰ ਆਪਣੇ ਕੰਕਰੀਟ ਦੇ ਬਣਾਏ ਘਰ ਮਿੱਟੀ ਲੱਗਣਗੇ। ਸ਼ਹਿਰ ਦੀ ਭੀੜ ਭਾੜ ਤੋਂ ਦੂਰ ਕੱਚੇ ਜੰਗਲੀ ਰਸਤੇ, ਪੰਛੀਆਂ ਦੀਆਂ ਅਵਾਜ਼ਾਂ, ਵੱਖ ਵੱਖ ਤਰ੍ਹਾਂ ਦੇ ਬਨਸਪਤੀ, ਸ਼ਾਂਤ ਵਾਤਾਵਰਨ ਸਭ ਨੂੰ ਮੰਤਰ-ਮੁਗਧ ਕਰ ਰਹੇ ਸਨ। ਸਾਰੇ ਹਿਰਨਾਂ ਦੀ ਡਾਰ ਵਾਂਗ ਜੰਗਲ 'ਚ ਘੁੰਮ ਰਹੇ ਸਨ । ਰਾਤ ਨੂੰ ਸਭ ਨੇ ਆਪਣੇ-ਆਪਣੇ ਟੈਂਟਾਂ ਵਿੱਚ ਕੈਂਪਿੰਗ ਕੀਤੀ ਕੁਝ ਸਾਥੀ ਆਪਣੀਆਂ ਗੱਡੀਆਂ ਵਿੱਚ ਚੱਕ ਸਾਧੂ ਖੱਡ ਆਫਰੋਡਿੰਗ ਕਰਨ ਲਈ ਚਲੇ ਗਏ ਅਤੇ ਅਸੀਂ ਨਜ਼ਦੀਕ ਹੀ 4-5 ਕਿਮੀ ਦੀ ਨੇਚਰ ਵਾਕ ਕਰਨ ਨਿੱਕਲ ਪਏ ਵਾਪਸ ਆ ਕੇ ਬੋਨ ਫਾਇਰ ਦੇ ਨਾਲ ਸੰਗੀਤ ਸਮਾਰੋਹ ਚਲਾਇਆ ਗਿਆ ਜਿਸ ਵਿੱਚ ਅੰਤਰਰਾਸ਼ਟਰੀ ਪੱਧਰ 'ਤੇ ਪੰਜਾਬੀ ਗ਼ਜ਼ਲ ਗਾਇਕ ਫਨਕਾਰ ਗੁਰਦੀਪ ਸਿੰਘ ਨੇ ਆਪਣੀ ਕਲਾ ਨਾਲ ਸਭ ਦੇ ਮਨ ਜਿੱਤ ਲਏ ਉਨ੍ਹਾਂ ਨੇ ਜਦੋਂ ਆਪਣਾਂ ਪ੍ਰਸਿੱਧ ਗੀਤ "ਇਸ਼ਕ ਆਖਦਾ ਏ ਤੇਰਾ, ਕੁਝ ਰਹਿਣ ਵੀ ਨਹੀਓ ਦੇਣਾ" ਸੁਣਾਇਆ ਤਾਂ ਸਭ ਪਾਸੇ ਵਾਹ ਵਾਹ ਹੋਣ ਲੱਗ ਪਈ। ਰਹਿੰਦੀ ਖੂੰਹਦੀ ਕਸਰ ਵਿਕਾਸ ਨਾਰਦਾ ਜੀ ਨੇ ਆਪਣੀ ਬਾਂਸਰੀ ਦੀਆਂ ਧੁਨਾਂ ਛੇੜ ਕੇ ਕਰ ਦਿੱਤੀ, ਬਲਦੀ ਅੱਗ ਦੇ ਨਾਲ ਸੰਗੀਤ ਨੇ ਵੱਖਰਾ ਹੀ ਸੁਪਨਮਈ ਦ੍ਰਿਸ਼ ਪੈਦਾ ਕਰ ਦਿੱਤਾ। ਸਮਾਂ ਕਿਵੇਂ ਬੀਤ ਰਿਹਾ ਸੀ ਕੁਝ ਪਤਾ ਹੀ ਨਹੀਂ ਲੱਗਾ। ਰਾਤ 11-12 ਦੇ ਆਸ ਪਾਸ ਮਲਵਈ ਬੋਲੀਆਂ ਦਾ ਦੌਰ ਸ਼ੁਰੂ ਹੋ ਗਿਆ ਜਿਸ ਨੇ ਇੱਕ ਰਿਵਾਇਤੀ ਵਿਆਹ ਵਰਗਾ ਮਾਹੌਲ ਪੈਦਾ ਕਰ ਦਿੱਤਾ। ਅਸੀਂ ਸਵੇਰੇ 3 ਵਜੇ ਹੀ ਉੱਠ ਗਏ, ਜ਼ਰੂਰੀ ਕੁਦਰਤੀ ਕੰਮ ਨਿਪਟਾ ਕੇ ਫਿਰ ਅੱਗ ਦੇ ਕੋਲ ਆ ਬੈਠੇ ਤੇ ਫੂਕਾਂ ਮਾਰ ਮਾਰ ਕੇ ਸੁਲਗਦੀ ਹੋਈ ਧੂਣੀ ਵਿੱਚ ਫਿਰ ਤੋਂ ਜਾਨ ਪਾ ਦਿੱਤੀ, ਦੇਖਦੇ ਹੀ ਦੇਖਦੇ ਆਸ ਪਾਸ ਫਿਰ ਮਹਿਫ਼ਲ ਸੱਜ ਗਈ। ਹਰ ਕੋਈ ਆਪਣੇ ਆਪਣੇ ਤਜ਼ਰਬੇ ਸੁਨਾਉਣ ਲੱਗਾ। ਸੋਮਵਾਰ ਨੂੰ ਸਭ ਨੇ ਸਵੇਰ ਦੀ ਚਾਹ ਦੇ ਨਾਲ ਬਿਸਕੁਟ ਅਤੇ ਮੱਠੀਆਂ ਦਾ ਲੁਤਫ਼ ਲੈਂਦੇ ਹੋਏ ਆਪਣੇ ਬੈਗਾਂ ਵਿੱਚ ਪਾਣੀ, ਸੇਬ ਅਤੇ ਕੇਲੇ ਰੱਖ ਲਏ ਤਾਂ ਜੋ 6 ਤੋਂ 9 ਵਜੇ ਤੱਕ ਨਜ਼ਦੀਕ ਦੇ ਨਾਰਾ ਡੈਮ ਵੱਲ ਟਰੈਕਿੰਗ, ਹਾਇਕਿੰਗ, ਨੇਚਰ ਵਾਕ, ਜੰਗਲੀ ਜੀਵਨ ਦੀ ਫੋਟੋਗ੍ਰਾਫੀ ਵਰਗੀਆਂ ਸਾਹਸਿਕ ਗਤੀਵਿਧੀਆਂ ਵਿੱਚ ਭਾਗ ਲਿਆ ਜਾ ਸਕੇ। ਇਹ ਟਰੈਕਿੰਗ ਲੱਗਭਗ 9 ਕਿ.ਮੀ. ਲੰਮੀ ਸੀ, ਜਿਸ ਦਾ ਸਭ ਨੇ ਮਿਲ ਕੇ ਖੂਬ ਆਨੰਦ ਮਾਣਿਆ। ਰੈਸਟ ਹਾਊਸ ਵਾਪਿਸ ਆਉਂਦਿਆਂ ਹੀ ਗਰਮਾਂ ਗਰਮ ਛੋਲੇ ਭਟੂਰੇ ਸਾਡਾ ਇੰਤਜ਼ਾਰ ਕਰ ਰਹੇ ਸਨ। ਫਿਰ ਕੀ ਸੀ ਵਾਰੀ ਵਾਰੀ ਸਭ ਨੇ ਰੇਲ ਬਣਾ'ਤੀ। 11 ਵਜੇ ਇੱਕ ਬਹੁਤ ਹੀ ਮਹੱਤਵਪੂਰਨ ਵਿਚਾਰ ਗੋਸ਼ਟੀ ਅਤੇ ਮੀਟਿੰਗ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਫੋਟੋਗਰਾਫੀ ਵਰਕਸ਼ਾਪ ਲਗਾਈ ਗਈ ਅਤੇ ਪੰਜਾਬ ਵਿੱਚ ਸੈਰ ਸਪਾਟੇ ਦੇ ਭਵਿੱਖ ਦੀਆਂ ਸੰਭਾਵਨਾ ਉਪਰ ਚਰਚਾ ਕੀਤੀ ਗਈ। ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਾਹਸਿਕ ਗਤੀਵਿਧੀਆਂ ਨਾਲ ਜੋੜਨ ਦੇ ਪ੍ਰੋਗਰਾਮ ਉਲੀਕੇ ਗਏ। ਇਸ ਮੌਕੇ ਤੇ ਕਿਤਾਬਾਂ ਦੇ ਸਟਾਲ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ।

ਜਜ਼ਬੇ ਦੇ ਸਲਾਮ ਸੰਦੇਸ਼ ਨਾਲ ਇਨੋਸੈਂਟ ਹਾਰਟਸ ਦੇ ਖਿਡਾਰੀ ਸਨਮਾਨਤ

ਜਲੰਧਰ (ਸੈਲੀ ਐਲਬਰਟ)- ਬੱਰ�ੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੀ ਸਰਪ੍ਰਸਤੀ ਹੇਠ ਚਲਾਏ ਜਾ ਰਹੇ 'ਦਿਸ਼ਾ-ਏਕ ਪਹਿਲਕਦਮੀ' ਤਹਿਤ ਇੰਨੋਸੈਂਟ ਹਾਰਟਸ (ਗ੍ਰੀਨ ਮਾਡਲ ਟਾਊਨ, ਲੋਹਾਰਾਂ, ਕੈਂਟ ਜੰਡਿਆਲਾ ਰੋਡ, ਰਾਇਲਵਰਲਡ,ਕਪੂਰਥਲਾ ਰੋਡ)ਦੇ ਪੰਜਾਂ ਸਕੂਲਾਂ ਦੇ ਖੇਡਾਂ ਦੇ ਖੇਤਰ ਵਿੱਚ ਜੇਤੂ ਰਹੇ ਖਿਡਾਰੀਆਂ ਨੂੰ ਨੂੰ ਸਨਮਾਨਿਤ ਕਰਨ ਲਈ ਸਾਲਾਨਾ ਇਨਾਮ ਵੰਡ ਸਮਾਗਮ ਕਰਵਾਇਆ ਗਿਆ। । ਇਸ ਸਮਾਗਮ ਵਿੱਚ ਲਵਜੀਤ ਸਿੰਘ (ਜ਼ਿਲ੍ਹਾ ਖੇਡ ਅਫ਼ਸਰ, ਜਲੰਧਰ) ਨੇ ਮੁੱਖ ਮਹਿਮਾਨ ਦੀ ਭੂਮਿਕਾ ਨਿਭਾਈ।ਪ੍ਰੋਗਰਾਮ ਦੀ ਸ਼ੁਰੂਆਤ ਜੋਤੀ ਜਗਾ ਕੇ ਕੀਤੀ ਗਈ। ਇਸ ਮੌਕੇ ਰੰਗਾ ਰੰਗ ਸੱਭਿਆਚਾਰਕ ਪ੍ਰੋਗਰਾਮ ਜਿਵੇਂ ਡਾਂਸ, ਸੋਲੋ ਡਾਂਸਰੈਪ, ਗਾਇਨ ਆਦਿ ਪੇਸ਼ ਕੀਤੇ ਗਏ। ਪ੍ਰੋਗਰਾਮਦੀ ਸ਼ੁਰੂਆਤ ਵਿੱਚ ਵਿਦਿਆਰਥੀਆਂ ਵੱਲੋਂ ਸਰਸਵਤੀ ਵੰਦਨਾ ਪੇਸ਼ ਕੀਤੀ ਗਈ। ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵੱਲੋਂ ਰਾਸ਼ਟਰੀ, ਰਾਜ ਅਤੇ ਜ਼ਿਲਾ ਪੱਧਰ 'ਤੇ ਜੇਤੂ ਰਹਿਣ ਵਾਲੇ 300 ਦੇ ਕਰੀਬ ਖਿਡਾਰੀਆਂ ਨੂੰ ਸਨਮਾਨਿਤਕੀਤਾ ਗਿਆ । ਰਾਜੀਵ ਪਾਲੀਵਾਲ ਨੇ(ਡਿਪਟੀ ਡਾਇਰੈਕਟਰ ਸਪੋਰਟਸ)ਦਿਸ਼ਾ-ਏਕ ਪਹਿਲਕਦਮੀ ਟਰੱਸਟ ਵੱਲੋਂ ਖੇਡਾਂ ਦੇ ਖੇਤਰ ਲਈ ਕੀਤੇ ਜਾ ਰਹੇ ਨਿਰੰਤਰਯਤਨਾਂ ਬਾਰੇ ਸਾਰਿਆਂ ਨੂੰ ਜਾਣੂੰ ਕਰਵਾਇਆ । ਉਨਾਂ ਨੇ ਕਿਹਾ ਕਿ ਖੇਡਾਂ ਨੂੰ ਪ੍ਰਫੁੱਲਤ ਕਰਨਾਸਮੇਂ ਦੀ ਲੋੜ ਹੈ ਅਤੇ ਨੌਜਵਾਨ ਪੀੜ੍ਹੀ ਦੀ ਸਮਾਜਿਕ ਚੇਤਨਾ ਅਤੇ ਸਰਬਪੱਖੀ ਵਿਕਾਸ ਲਈ ਯੋਗ ਅਗਵਾਈ ਦੀ ਲੋੜ ਹੈ । ਇੰਨੋਸੈਂਟ ਹਾਰਟਸ ਦੇ ਸਾਰੇ ਸਕੂਲ ਫਿੱਟ ਇੰਡੀਆ ਨਾਲ ਪ੍ਰਮਾਣਿਤ ਹਨ । ਖੇਡਾਂ ਦੇ ਖੇਤਰ ਵਿੱਚ ਰਾਸ਼ਟਰੀ ਪੱਧਰ ਦੇ ਜੇਤੂ ਖਿਡਾਰੀਆਂ ਨੂੰ ਖੇਡ ਖੇਤਰ ਵਿੱਚ ਹੋਰ ਨਿਪੁੰਨ ਬਣਾਉਣ ਲਈ ਟਰੱਸਟ ਵੱਲੋਂ ਇੰਨੋਸੈਂਟ ਹਾਰਟਸ ਲੋਹਾਰਾਂ ਵਿਖੇ ਉਪਲੱਬਧ ਖੇਡਾਂ ਤੇ 100% ਮੁਫ਼ਤ ਕੋਚਿੰਗ ਦਾ ਪ੍ਰਬੰਧ ਕੀਤਾ ਗਿਆ ਹੈ। ਉਨ ਂ ਦੱਸਿਆ ਕਿ ਲੋਹਾਰਾਂ ਨੂੰ ਖੇਡ ਹੱਬ ਬਣਾਇਆ ਜਾ ਰਿਹਾ ਹੈ, ਜਿੱਥੇ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਹਾਲ ਹੀ ਵਿੱਚ ਅੰਤਰਰਾਸ਼ਟਰੀ ਮਿਆਰੀ ਸ਼ੂਟਿੰਗ ਰੇਂਜ, ਬਾਸਕਟ ਬਾਲ ਕੋਰਟ (ਐਂਟੀ-ਇੰਜਰੀਸਰਫੇਸਿੰਗ) ਅਤੇ ਕ੍ਰਿਕਟ ਗਰਾਊਂਡ ਦਾ ਉਦਘਾਟਨ ਕੀਤਾ ਗਿਆ। ਇਸ ਤੋਂ ਇਲਾਵਾ ਸੌਕਰ ਟੇਬਲ, ਏਅਰ ਹਾਕੀ ਟੇਬਲ, ਸੈਲਫ ਡਿਫੈਂਸ (ਜੂਡੋ, ਕਰਾਟੇ, ਬਾਕਸਿੰਗ) ਯੋਗਾ ਦੇ ਨਾਲ ਮੈਡੀਟੇਸ਼ਨ ਜ਼ੋਨ ਦਾ ਵੀ ਪ੍ਰਬੰਧ ਕੀਤਾ ਗਿਆ ਹੈ।। ਬੱਰੀ ਮੈਮੋਰੀਅਲ ਐਜੂਕੇਸ਼ਨਲ ਐਂਡ ਮੈਡੀਕਲ ਟਰੱਸਟ ਦੁਆਰਾ ਰਾਸ਼ਟਰੀ ਪੱਧਰ ਤੇ 100% ਟਿਊਸ਼ਨਫੀਸ ਮੁਆਫੀ, ਰਾਜ ਪੱਧਰ 'ਤੇ 50% ਟਿਊਸ਼ਨ ਫੀਸ ਮੁਆਫੀ ਅਤੇ ਜ਼ਿਲ੍ਹਾ ਪੱਧਰ 'ਤੇ 25% ਟਿਊਸ਼ਨ ਫੀਸ ਮੁਆਫੀ ਦਿੱਤੀ ਜਾਂਦੀ ਹੈ। ਸਟੇਜ ਦਾ ਸੰਚਾਲਨ ਵਿਦਿਆਰਥੀਆਂ ਨੇ ਬਾਖੂਬੀ ਨਿਭਾਇਆ । ਇਸ ਮੌਕੇ ਸ੍ਰੀਮਤੀ ਸ਼ੈਲੀ ਬੱਰੀ (ਕਾਰਜਕਾਰੀ ਡਾਇਰੈਕਟਰ ਸਕੂਲਜ਼), ਸ੍ਰੀਮਤੀ ਅਰਾਧਨਾ ਬੱਰੀ (ਕਾਰਜਕਾਰੀ ਡਾਇਰੈਕਟਰ ਕਾਲਜ), ਡਾ: ਪਲਕ ਗੁਪਤਾ ਬੱਰੀ (ਡਾਇਰੈਕਟਰਸੀ.ਐਸ.ਆਰ.) ਅਤੇ ਮੈਨੇਜਮੈਂਟ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਅੰਤ ਵਿੱਚ ਮੁੱਖ ਮਹਿਮਾਨ ਨੂੰ ਯਾਦਗਾਰੀ-ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ ।

ਜਨਮ ਦਿਨ ਮੁਬਾਰਕ

ਕਾਇਰਾ ਸ਼ਰਮਾ (ਸੰਗਰੂਰ)

ਰਿਜ਼ਾ ਖਾਨ (ਕਪੂਰਥਲਾ)

ਗੁਰਵੰਸ਼ ਸਿੰਘ ਸਿੱਧੂ (ਮਲੋਟ)

ਵਰ੍ਹੇਗੰਢ ਮੁਬਾਰਕ

ਜਸਵੀਰ ਸਿੰਘ ਲੱਕੀ ਤੇ ਕੁਲਦੀਪ ਕੌਰ ਸਿੰਮੀ ਪਿੰਡ ਕੰਧਾਲਾ ਜੱਟਾਂ ਨੇ ਵਿਆਹ ਦੀ ਚੌਥੀ ਵਰ੍ਹੇਗੰਢ ਮਨਾਈ

ਨਰੇਗਾ 'ਚ ਕੰਮ ਕਰਦੇ ਲੋਕਾਂ ਦੀ ਦਿਹਾੜੀ ਸੱਤ ਸੌ ਰੁਪਏ ਕੀਤੀ ਜਾਵੇ : ਰੰਧਾਵਾ

ਸੁਲਤਾਨਪੁਰ ਲੋਧੀ , (ਬਲਵਿੰਦਰ ਸਿੰਘ ਧਾਲੀਵਾਲ, ਰਾਜਵੀਰ ਸਿੰਘ)-ਦਿਹਾਤੀ ਮਜਦੂਰ ਸਭਾ ਦੀ ਇਕ ਅਹਿਮ ਮੀਟਿੰਗ ਪਿੰਡ ਰਾਮਪੁਰ ਜਾਗੀਰ ਵਿਖੇ ਜ਼ਿਲ੍ਹਾ ਆਗੂ ਸੰਗਤ ਸਿੰਘ ਰੰਧਾਵਾ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਬਹੁਤ ਸਾਰੀਆਂ ਔਰਤਾਂ ਅਤੇ ਹੋਰ ਮਜਦੂਰਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੰਗਤ ਸਿੰਘ ਨੇ ਇਸ ਦੌਰਾਨ ਕਿਹਾ ਕਿ ਦਿਹਾਤੀ ਮਜਦੂਰ ਸਾਰੇ ਪੰਜਾਬ ਅੰਦਰ ਮਜਦੂਰਾਂ ਨੇ ਮੰਗਾਂ ਲਾਗੂ ਕਰਵਾਉਣ ਵਾਸਤੇ ਪਿੰਡਾਂ ਤੇ ਸ਼ਹਿਰਾਂ ਕਸਬਿਆਂ ਵਿਚ ਆ ਰਹੇ ਹਨ। ਜਿਸ ਵਿੱਚ ਮੰਗ ਕੀਤੀ ਜਾ ਰਹੀ ਨਰੇਗਾ ਵਿੱਚ ਕੰਮ ਕਰਦੇ ਲੋਕਾਂ ਦੀ 700 ਰੁਪਏ ਦਿਹਾੜੀ, ਬਜ਼ੁਰਗਾਂ ਦੀ ਪੈਨਸ਼ਨ ਤੇ ਸਗਨ ਸਕੀਮ 51 ਹਜਾਰ ਕੀਤੀ ਜਾਵੇ। ਇਸ ਦੇ ਨਾਲ ਹੀ ਗਰੀਬਾਂ ਦਾ ਦਸ ਮਰਲੇ ਪਲਾਟ ਦਿੱਤੇ ਜਾਣ ਬਿਜਲੀ ਦੇ ਬਿਲ ਸਾਰੇ ਗਰੀਬਾਂ ਸਿਰ ਚੜ੍ਹਿਆ ਕਰਜਾ ਮਾਫ ਕੀਤਾ ਜਾਵੇ।

ਮੀਟਿੰਗ ਦੌਰਾਨ ਵੱਖ-ਵੱਖ ਆਗੂਆਂ ਨੇ ਆਪਣੇ ਵਿਚਾਰ ਪੇਸ਼ ਕੀਤੇ। ਇਸ ਮੌਕੇ 'ਤੇ ਰਣਜੀਤ ਸਿੰਘ ਰਾਣਾ, ਸੁਰਜੀਤ ਸਿੰਘ ਡੱਲਾ, ਸੋਮਨਾਥ ਡੱਲਾ,ਡਾ. ਮਦਨ ਲਾਲ ਪੰਨਾ,ਮਹਿੰਦਰ ਸਿੰਘ, ਨਰਿੰਦਰ ਸਿੰਘ, ਓਮ ਪ੍ਰਕਾਸ਼ ,ਸ਼ਿਗਾਰਾ ਸਿੰਘ,ਸਰਬਣ ਸਿੰਘ,ਰਾਜਾ ਮਹਿਜੀਦਪੁਰ , ਅਮਰਜੀਤ ਖਜਾਨਚੀ, ਪਵਨ ਬਾਦਸ਼ਾਹ, ਸੁੱਖਾ ਬਾਦਸ਼ਾਹਪੁਰ,ਤਾਰਾ, ਬਾਬੂ ਰਾਮ,ਗੁਰਦੇਵ ਲਾਲ ,ਹਰਮੇਲ ਸਿੰਘ ਆਦਿ ਹਾਜਰ ਸਨ।

ਮੈਡਮ ਤਲਵਿੰਦਰ ਕੌਰ ਦੀ ਸੇਵਾਮੁਕਤੀ 'ਤੇ ਵਿਦਾਇਗੀ ਪਾਰਟੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ) ਡਾਕਘਰ ਡੇਰਾ ਬਾਬਾ ਨਾਨਕ ਵਿਖੇ ਤਾਇਨਾਤ ਸਬ ਪੋਸਟ ਮਾਸਟਰ ਮੈਡਮ ਤਲਵਿੰਦਰ ਦੀ ਸੇਵਾਮੁਕਤੀ ਮੌਕੇ ਅੱਜ ਡਾਕਘਰ ਡੇਰਾ ਬਾਬਾ ਨਾਨਕ ਦੇ ਸਮੂਹ ਸਟਾਫ ਵੱਲੋਂ ਉਨ੍ਹਾਂ ਨੂੰ ਨਿੱਘੀ ਵਿਦਾਇਗੀ ਪਾਰਟੀ ਦਿੱਤੀ ਗਈ । ਇਸ ਮੌਕੇ ਕਸਬੇ ਦੇ ਡਾਕਘਰ ਵਿਖੇ ਮੈਡਮ ਮੀਨੂੰ ਬੇਦੀ ਦੀ ਅਗਵਾਈ ਹੇਠ ਇੱਕ ਸਾਦਾ ਪਰ ਪ੍ਰਭਾਵਸ਼ਾਲੀ ਸਮਾਗਮ ਕਰਵਾਇਆ ਗਿਆ । ਪੋਸਟਲ ਅਸਿਸਟੈਂਟ ਮੈਡਮ ਮੀਨੂੰ ਬੇਦੀ ਦੀ ਅਗਵਾਈ 'ਚ ਸਮੂਹ ਸਟਾਫ ਵੱਲੋਂ ਮੈਡਮ ਤਲਵਿੰਦਰ ਕੌਰ ਅਤੇ ਉਨ੍ਹਾ ਦੇ ਪਰਿਵਾਰ ਨੂੰ ਹਾਰ ਪਾ ਕੇ ਜੀ ਆਇਆਂ ਆਖਿਆ ਗਿਆ । ਸਟਾਫ ਵੱਲੋਂ ਮੈਡਮ ਤਲਵਿੰਦਰ ਕੌਰ ਨੂੰ ਗਿਫਟ ਅਤੇ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ । ਇਸ ਮੌਕੇ ਸਾਬਕਾ ਨਗਰ ਕੌਂਸਲ ਪ੍ਰਧਾਨ ਐਡਵੋਕੇਟ ਪ੍ਰਮੀਤ ਸਿੰਘ ਬੇਦੀ , ਪੀ ਏ ਹਨੀ ਕੁਮਾਰ , ਡਾਕਘਰ ਏਜੰਟ ਰਮੇਸ਼ ਸ਼ਰਮਾ ਸਮੇਤ ਵੱਖ ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੈਡਮ ਤਲਵਿੰਦਰ ਕੌਰ ਨੇ ਪੋਸਟਲ ਵਿਭਾਗ ਵਿੱਚ ਵੱਖ ਵੱਖ ਪੋਸਟਾਂ ਤੇ ਰਹਿੰਦਿਆਂ ਕਰੀਬ 32 ਸਾਲ ਆਪਣੀਆਂ ਸੇਵਾਵਾਂ ਦਿੱਤੀਆਂ ਹਨ । ਉਨ੍ਹਾਂ ਕਿਹਾ ਕਿ ਮੈਡਮ ਤਲਵਿੰਦਰ ਕੌਰ ਨੇ ਪੋਸਟਲ ਵਿਭਾਗ ਵਿੱਚ ਹਮੇਸ਼ਾ ਹੱਸਦੇ ਮੱਥੇ ਹੀ ਲੋਕਾਂ ਦੇ ਕੰਮਾਂ ਨੂੰ ਪਹਿਲ ਦਿੱਤੀ ਤੇ ਕਦੇ ਵੀ ਇਨ੍ਹਾਂ ਦੇ ਚਿਹਰੇ 'ਤੇ ਗੁੱਸਾ ਦੇਖਣ ਨੂੰ ਨਹੀਂ ਮਿਲਿਆ ਤੇ ਇਨ੍ਹਾਂ ਨੇ ਆਪਣੇ ਨਾਲ ਕੰਮ ਕਰਦੇ ਸਟਾਫ ਨੂੰ ਹਮੇਸ਼ਾ ਸਹਿਯੋਗ ਦਿੱਤਾ । ਉਨ੍ਹਾਂ ਕਿਹਾ ਕਿ ਹੁਣ ਇਹ ਬੇਦਾਗ ਸੇਵਾਮੁਕਤ ਹੋ ਕੇ ਆਪਣੇ ਘਰ ਜਾ ਰਹੇ ਹਨ ,ਅਸੀਂ ਪਰਮਾਤਮਾ ਅੱਗੇ ਅਰ